@Qpatrika
@qaumipatrika punjabi
instagram.com/qaumipatrika

**Largest Circulated**

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 1 May 2026

**Punjabi National Daily**

**Qaumi Patrika NO.1**

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 1 ਮਈ 2026, 18 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 176, qpatrika@gmail.com ਫੋਨ : 9971359517 www.qaumipatrika.org

## ਅਸ਼ਵਨੀ ਵੈਸ਼ਨਵ ਨੇ ਜੰਮੂ ਕਸ਼ਮੀਰ ਵੰਦੇ ਭਾਰਤ ਨੂੰ ਦਿਖਾਈ ਹਰੀ ਝੰਡੀ

ਸ਼੍ਰੀਨਗਰ 30 ਅਪ੍ਰੈਲ। ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੂੰ ਜੰਮੂ ਅਤੇ ਕਸ਼ਮੀਰ ਵਿਚਾਲੇ 20 ਕੋਚ ਵਾਲੀ ਵੰਦੇ ਭਾਰਤ ਐਕਸਪ੍ਰੈੱਸ ਟਰੇਨ ਨੂੰ ਹਰੀ ਝੰਡੀ ਦਿਖਾਈ। ਇਹ ਕੇਂਦਰ ਸ਼ਾਸਿਤ ਪ੍ਰਦੇਸ਼ ਦੀਆਂ ਦੋਵੇਂ ਰਾਜਧਾਨੀਆਂ ਵਿਚਾਲੇ ਪਹਿਲੀ ਸਿੱਧੀ ਟਰੇਨ ਸੇਵਾ ਹੈ। ਮੁੱਖ ਮੰਤਰੀ ਉਮਰ ਅਬਦੁੱਲਾ ਅਤੇ ਪ੍ਰਧਾਨ ਮੰਤਰੀ ਦਫਤਰ 'ਚ ਰਾਜ



ਮੰਤਰੀ ਜਿਤੇਂਦਰ ਸਿੰਘ ਵੀ ਇਸ ਦੌਰਾਨ ਮੌਜੂਦ ਸਨ। ਜੰਮੂ ਅਤੇ ਕਸ਼ਮੀਰ ਵਿਚਾਲੇ ਸਿੱਧੀ ਟਰੇਨ ਸੇਵਾ ਨਾਲ ਯਾਤਰਾ ਦਾ ਸਮਾਂ ਘੱਟ ਹੋਵੇਗਾ ਅਤੇ ਸੈਰ-ਸਪਾਟੇ ਨੂੰ ਉਤਸ਼ਾਹ ਮਿਲੇਗਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 6 ਜੂਨ 2025 ਨੂੰ ਕਟੜਾ ਅਤੇ ਸ਼੍ਰੀਨਗਰ ਵਿਚਾਲੇ ਪਹਿਲੀ ਸਿੱਧੀ ਟਰੇਨ ਸੇਵਾ ਦਾ ਉਦਘਾਟਨ ਕੀਤਾ ਸੀ। ਹੁਣ ਇਸ ਸੇਵਾ ਨੂੰ ਜੰਮੂ ਤਵੀ ਰੇਲਵੇ ਸਟੇਸ਼ਨ ਤੱਕ ਵਿਸਥਾਰਿਤ ਕੀਤਾ ਜਾ ਰਿਹਾ ਹੈ। ਲਗਭਗ 43,780 ਕਰੋੜ ਰੁਪਏ ਦੇ ਰੇਲ ਪ੍ਰਾਜੈਕਟ 'ਤੇ ਕੰਮ 1990 ਦੇ ਦਹਾਕੇ ਦੇ ਅੰਤ 'ਚ ਸ਼ੁਰੂ ਹੋਇਆ ਸੀ ਅਤੇ ਅਕਤੂਬਰ 2008 'ਚ ਕਸ਼ਮੀਰ ਘਾਟੀ 'ਚ ਪਹਿਲੀ ਟਰੇਨ ਚੱਲੀ ਸੀ। ਇਕ ਅਧਿਕਾਰੀ ਨੇ ਕਿਹਾ,"ਆਧੁਨਿਕ 20 ਕੋਚ ਵਾਲੀ ਵੰਦੇ ਭਾਰਤ ਟਰੇਨ ਜੰਮੂ ਤਵੀ ਤੋਂ ਆਪਣੀ ਪਹਿਲੀ ਯਾਤਰਾ ਸ਼ੁਰੂ ਕਰੇਗੀ, ਜੋ ਸ਼੍ਰੀਨਗਰ ਤੱਕ ਚੱਲੇਗੀ। ਇਹ ਘਟਨਾ ਦੇ ਚੁਣੌਤੀਪੂਰਨ ਭੂਗੋਲਿਕ ਖੇਤਰਾਂ ਨੂੰ ਜੋੜੇਗੀ।" ਅਧਿਕਾਰੀਆਂ ਨੇ ਦੱਸਿਆ ਕਿ ਜੰਮੂ ਕਸ਼ਮੀਰ ਸੇਵਾ ਦੀ ਸ਼ੁਰੂਆਤ ਤੋਂ ਪਹਿਲਾਂ, ਮੰਗਲਵਾਰ ਨੂੰ ਜੰਮੂ ਤੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਰੇਲਵੇ ਸਟੇਸ਼ਨ ਤੱਕ ਵੰਦੇ ਭਾਰਤ ਦਾ ਸੰਚਾਲਨ ਪ੍ਰੀਖਣ ਕੀਤਾ ਗਿਆ ਸੀ। ਆਧੁਨਿਕ ਸਹੂਲਤਾਂ ਨਾਲ ਲੈੱਸ ਅਤੇ 20 ਕੋਚ ਵਾਲੀ ਪਹਿਲੀ ਵੰਦੇ ਭਾਰਤ ਟਰੇਨ ਕੁੱਲ 267 ਕਿਲੋਮੀਟਰ ਦੂਰੀ ਤੈਅ ਕਰੇਗੀ। ਜੰਮੂ ਕਸ਼ਮੀਰ ਟਰੇਨ ਸੇਵਾ 2 ਮਈ ਤੋਂ ਸ਼ੁਰੂ ਕਰਨ ਦੀ ਯੋਜਨਾ ਹੈ। ਇਹ ਟਰੇਨ ਹਫਤੇ 'ਚ 6 ਦਿਨ ਚੱਲੇਗੀ। ਮੰਗਲਵਾਰ ਨੂੰ ਇਸ ਮਾਰਗ 'ਤੇ ਕੋਈ ਟਰੇਨ ਸੇਵਾ ਨਹੀਂ ਹੋਵੇਗੀ। ਸੀਨੀਅਰ ਡਿਵੀਜਨਲ ਕਮਰਸ਼ੀਅਲ ਮੈਨੇਜਰ ਉੱਚਿਤ ਸਿੰਘਲ ਨੇ ਕਿਹਾ,"ਸਵਦੇਸ਼ੀ ਤਕਨੀਕ ਦਾ ਉਪਯੋਗ ਕਰ ਕੇ ਨਿਰਮਿਤ ਇਹ ਵੰਦੇ ਭਾਰਤ ਐਕਸਪ੍ਰੈੱਸ ਯਾਤਰੀਆਂ ਨੂੰ ਇਕ ਵਿਸ਼ਵ ਪੱਧਰੀ ਯਾਤਰਾ ਅਨੁਭਵ ਪ੍ਰਦਾਨ ਕਰੇਗੀ।"

## ਆਪ੍ਰੇਸ਼ਨ ਸਿੰਦੂਰ ਨੇ ਦੁਨੀਆ ਨੂੰ ਅੱਤਵਾਦ ਦੇ ਖਿਲਾਫ ਭਾਰਤ ਦੀ ਵਚਨਬੱਧਤਾ ਦਾ ਸੰਦੇਸ਼ ਦਿੱਤਾ: ਰਾਜਨਾਥ

ਕੌਮੀ ਪਤ੍ਰਿਕਾ
**ਸਿਮੀ ਕੌਰ ਬੱਬਰ**

ਨਵੀਂ ਦਿੱਲੀ 30 ਅਪ੍ਰੈਲ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਆਪ੍ਰੇਸਨ ਸਿੰਦੂਰ ਨੇ ਦੁਨੀਆ ਨੂੰ ਇੱਕ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਭਾਰਤ ਹੁਣ ਆਪਣੇ ਖੇਤਰ 'ਤੇ ਅੱਤਵਾਦੀ ਹਮਲਿਆਂ ਤੋਂ ਬਾਅਦ ਸਿਰਫ ਕੂਟਨੀਤਕ ਬਿਆਨ ਜਾਰੀ ਕਰਨ ਦੀ ਪੁਰਾਣੀ ਮਾਨਸਿਕਤਾ ਤੱਕ ਸੀਮਤ ਨਹੀਂ ਹੈ, ਸਗੋਂ ਫੈਸਲਾਕੁੰਨ ਕਾਰਵਾਈ ਕਰਨ ਲਈ ਵਚਨਬੱਧ ਹੈ। ਵੀਰਵਾਰ ਨੂੰ ਇੱਥੇ ਇੱਕ ਰਾਸਟਰੀ ਸੁਰੱਖਿਆ ਸੰਮੇਲਨ ਨੂੰ ਸੰਬੋਧਨ ਕਰਦੇ ਰਾਜਨਾਥ ਨੇ ਕਿਹਾ ਕਿ ਸਰਕਾਰ ਨੇ ਸਪੱਸ਼ਟ ਸਟੈਂਡ ਲਿਆ ਹੈ ਕਿ ਕਿਸੇ ਵੀ ਹਾਲਾਤ ਵਿੱਚ ਅੱਤਵਾਦ ਦੀ ਕੋਈ ਵੀ ਕਾਰਵਾਈ ਬਰਦਾਸਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਸਰਜੀਕਲ ਸਟ੍ਰਾਈਕ, ਹਵਾਈ ਹਮਲੇ ਅਤੇ ਆਪ੍ਰੇਸਨ ਸਿੰਦੂਰ ਨੂੰ ਅੱਤਵਾਦ ਵਿਰੁੱਧ ਸਰਕਾਰ ਦੇ ਦ੍ਰਿੜ ਇਰਾਦੇ ਦੇ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ, "ਅੱਤਵਾਦ ਇੱਕ ਵਿਗੜੇ ਹੋਏ ਅਤੇ ਪਾਗਲ ਮਾਨਸਿਕਤਾ ਤੋਂ ਪੈਦਾ ਹੁੰਦਾ ਹੈ। ਇਹ ਮਨੁੱਖਤਾ 'ਤੇ ਇੱਕ ਕਾਲਾ ਧੱਬਾ ਹੈ। ਅੱਤਵਾਦ ਵਿਰੁੱਧ ਲੜਾਈ ਸਿਰਫ ਰਾਸਟਰੀ ਸੁਰੱਖਿਆ ਦਾ ਮਾਮਲਾ ਨਹੀਂ ਹੈ; ਇਹ ਮੂਲ ਰੂਪ ਵਿੱਚ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਦੀ ਰੱਖਿਆ ਲਈ ਇੱਕ ਲੜਾਈ ਹੈ। ਇਹ ਇੱਕ ਅਜਿਹੀ ਬਰਬਰ ਵਿਚਾਰਧਾਰਾ ਵਿਰੁੱਧ ਸੰਘਰਸ ਹੈ ਜੋ ਹਰ ਮਨੁੱਖੀ ਮੁੱਲ ਦੇ ਸਿੱਧੇ ਵਿਰੋਧ ਵਿੱਚ ਖੜ੍ਹੀ ਹੈ। ਅਸੀਂ ਇਸ ਭਾਰਤੀ ਦ੍ਰਿਸਟੀਕੋਣ ਨੂੰ



ਦੇਸ ਅਤੇ ਵਿਦੇਸ ਵਿੱਚ ਸਪੱਸਟ ਤੌਰ 'ਤੇ ਪੇਸ ਕੀਤਾ ਹੈ।" ਰੱਖਿਆ ਮੰਤਰੀ ਨੇ ਕਿਹਾ ਕਿ ਜਿੰਨਾ ਚਿਰ ਅੱਤਵਾਦ ਮੌਜੂਦ ਹੈ, ਇਹ ਸਮੂਹਿਕ ਸਾਂਤੀ, ਵਿਕਾਸ ਅਤੇ ਖੁਸਹਾਲੀ ਨੂੰ ਚੁਣੌਤੀ ਦਿੰਦਾ ਰਹੇਗਾ। ਉਨ੍ਹਾਂ ਕਿਹਾ, "ਅੱਤਵਾਦ ਨੂੰ ਧਾਰਮਿਕ ਰੰਗ ਦੇ ਕੇ ਜਾਂ ਨਕਸਲਵਾਦ ਵਰਗੀਆਂ ਹਿੰਸਕ ਵਿਚਾਰਧਾਰਾਵਾਂ ਨਾਲ ਜੋੜ ਕੇ ਜਾਇਜ ਠਹਿਰਾਉਣ ਦੀਆਂ ਕੋਸ?ਸਾਂ ਕੀਤੀਆਂ ਜਾਂਦੀਆਂ ਹਨ। ਇਹ ਬਹੁਤ ਖਤਰਨਾਕ ਹੈ ਅਤੇ ਅੱਤਵਾਦੀਆਂ ਨੂੰ ਹੌਲੀ-ਹੌਲੀ ਆਪਣੇ ਟੀਚਿਆਂ ਵੱਲ ਵਧਣ ਲਈ ਕਵਰ ਪ੍ਰਦਾਨ ਕਰਦਾ ਹੈ। ਅੱਤਵਾਦ ਸਿਰਫ ਇੱਕ ਰਾਸਟਰ ਵਿਰੋਧੀ ਕਾਰਵਾਈ ਨਹੀਂ ਹੈ; ਇਸਦੇ ਕਈ ਪਹਿਲੂ ਹਨ - ਕਾਰਜਸੀਲ, ਵਿਚਾਰਧਾਰਕ ਅਤੇ ਰਾਜਨੀਤਿਕ। ਇਸ ਨਾਲ ਤਾਂ ਹੀ ਨਜਿੱਠਿਆ ਜਾ ਸਕਦਾ ਹੈ ਜੇਕਰ ਅਸੀਂ ਇਨ੍ਹਾਂ ਸਾਰੇ ਪਹਿਲੂਆਂ ਨੂੰ ਸੰਬੋਧਿਤ ਕਰੀਏ।" ਪਾਕਿਸਤਾਨ ਵੱਲੋਂ ਅੱਤਵਾਦ ਨੂੰ ਲਗਾਤਾਰ ਸਮਰਥਨ ਦੇਣ ਬਾਰੇ, ਸ੍ਰੀ ਸਿੰਘ ਨੇ ਕਿਹਾ, "ਭਾਰਤ ਅਤੇ ਪਾਕਿਸਤਾਨ ਦੋਵਾਂ ਨੇ ਇੱਕੋ ਸਮੇਂ ਆਜਾਦੀ ਪ੍ਰਾਪਤ ਕੀਤੀ। ਹਾਲਾਂਕਿ ਅੱਜ ਭਾਰਤ ਸੂਚਨਾ ਤਕਨਾਲੋਜੀ (ਆਈ.ਟੀ.) ਲਈ ਵਿਸਵ ਪੱਧਰ 'ਤੇ ਜਾਣਿਆ ਜਾਂਦਾ ਹੈ, ਜਦੋਂ ਕਿ ਪਾਕਿਸਤਾਨ ਨੂੰ ਇੱਕ ਵੱਖਰੀ ਕਿਸਮ ਦੀ ਆਈ.ਟੀ.: ਅੰਤਰਰਾਸਟਰੀ ਅੱਤਵਾਦ ਦਾ ਕੇਂਦਰ ਮੰਨਿਆ ਜਾਂਦਾ ਹੈ।" ਰੱਖਿਆ ਮੰਤਰੀ ਨੇ ਆਪ੍ਰੇਸਨ ਸਿੰਦੂਰ ਨੂੰ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਏਕਤਾ ਅਤੇ ਤਾਲਮੇਲ ਦੀ ਇੱਕ ਸਾਨਦਾਰ ਉਦਾਹਰਣ ਦੱਸਿਆ।

## ਮਹਿਲਾ ਰਾਖਵਾਂਕਰਨ 'ਤੇ ਵਿਰੋਧੀ ਧਿਰ 'ਤੇ ਵਰ੍ਹੇ ਯੋਗੀ

ਲਖਨਊ 30 ਅਪ੍ਰੈਲ। ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਮਹਿਲਾ ਰਾਖਵਾਂਕਰਨ ਦੇ ਮੁੱਦੇ 'ਤੇ ਸਮਾਜਵਾਦੀ ਪਾਰਟੀ ਅਤੇ ਕਾਂਗਰਸ 'ਤੇ ਨਿਸ਼ਾਨਾ ਵਿੰਨ੍ਹਿਆ। ਉਨ੍ਹਾਂ ਕਿਹਾ ਕਿ ਜੋ ਲੋਕ ਜਨਮਜਾਤ ਮਹਿਲਾ ਵਿਰੋਧੀ ਹਨ, ਉਹੀ ਅੱਜ ਹੰਗਾਮਾ ਕਰ ਰਹੇ ਹਨ। ਵਿਧਾਨ ਸਭਾ 'ਚ ਪੱਤਕਾਰਾਂ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸਮਾਜਵਾਦੀ ਪਾਰਟੀ ਦਾ ਸ਼ਾਸਨਕਾਲ ਪ੍ਰਦੇਸ਼ ਦੀ ਜਨਤਾ ਯਾਦ ਰੱਖਦੀ ਹੈ। ਉਸ ਦੌਰ 'ਚ ਔਰਤਾਂ ਦੀ ਸੁਰੱਖਿਆ ਅਤੇ ਸਨਮਾਨ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਹੋਏ ਸਨ। ਉਨ੍ਹਾਂ ਤੰਜ ਕੱਸਦੇ ਹੋਏ ਕਿਹਾ,"ਦੇਖ ਸਿਪਾਈ ਬਿਟੀਆ ਘਬਰਾਈ, ਜੋ ਉਨ੍ਹਾਂ ਦੇ ਕਾਰਜਕਾਲ ਦੀ ਅਸਲੀਅਤ ਨੂੰ ਦਰਸਾਉਂਦਾ ਹੈ।" ਯੋਗੀ ਨੇ ਕਿਹਾ ਕਿ ਮਹਿਲਾ ਰਾਖਵਾਂਕਰਨ ਦੇ ਮੁੱਦੇ 'ਤੇ ਸਮਾਜਵਾਦੀ ਪਾਰਟੀ ਕੋਲ ਸਮਰਥਨ ਕਰਨ ਦਾ ਇਕ ਸੁਨਹਿਰੀ ਮੌਕਾ ਸੀ ਪਰ ਉਨ੍ਹਾਂ ਨੇ ਉਸ ਦਾ ਵਿਰੋਧ ਕੀਤਾ। ਉਨ੍ਹਾਂ ਦੋਸ਼ ਲਗਾਇਆ ਕਿ ਸਪਾ ਅਤੇ ਕਾਂਗਰਸ ਦੋਵੇਂ ਹੀ ਮਹਿਲਾ ਵਿਰੋਧੀ ਮਾਨਸਿਕਤਾ ਨਾਲ ਪੀੜਤ ਹਨ ਅਤੇ ਨਾਰੀ ਦੇ ਅਧਿਕਾਰਾਂ 'ਤੇ ਡਾਕਾ ਪਾਉਣ ਦਾ ਕੰਮ ਕਰਦੀ ਰਹੀਆਂ ਹਨ। ਮੁੱਖ ਮੰਤਰੀ ਨੇ ਵਿਰੋਧੀ ਧਿਰ ਨੂੰ ਚੁਣੌਤੀ ਦਿੰਦੇ ਹੋਏ ਕਿਹਾ ਕਿ ਉਨ੍ਹਾਂ 'ਚ ਨੈਤਿਕ ਸਾਹਸ ਹੈ ਤਾਂ ਉਹ ਸਦਨ 'ਚ ਚਰਚਾ 'ਚ ਹਿੱਸਾ ਲੈਣ ਅਤੇ ਦੱਸਣ ਕਿ ਉਨ੍ਹਾਂ ਨੇ 'ਨਾਰੀ ਸ਼ਕਤੀ ਵੰਦਨ ਐਕਟ' ਦਾ ਵਿਰੋਧ ਕਿਉਂ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਸਪਾ ਅਤੇ ਕਾਂਗਰਸ ਨੂੰ ਦੇਸ਼ ਦੀਆਂ ਔਰਤਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਨਾਲ ਹੀ, ਉਨ੍ਹਾਂ ਨੇ ਆਪਣੇ ਨਿੰਦਾ ਪ੍ਰਸਤਾਵ ਦੇ ਸੰਦਰਭ 'ਚ ਵੀ ਵਿਰੋਧੀ ਧਿਰ ਤੋਂ ਮੁਆਫੀ ਦੀ ਮੰਗ ਕੀਤੀ। ਮੁੱਖ ਮੰਤਰੀ ਨੇ ਦੋਹਰਾਇਆ ਕਿ ਉਨ੍ਹਾਂ ਦੀ ਸਰਕਾਰ ਔਰਤਾਂ ਦੇ ਸਨਮਾਨ, ਸੁਰੱਖਿਆ ਅਤੇ ਅਧਿਕਾਰਾਂ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਵਿਰੋਧ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## 'ਬੰਗਾਲ ਚੋਣਾਂ ਹਾਰੇ ਤਾਂ ਪ੍ਰਧਾਨ ਮੰਤਰੀ ਅਹੁਦੇ ਤੋਂ ਦੇਣ ਅਸਤੀਫ਼ਾ': ਡੈਰੇਕ

ਕੋਲਕਾਤਾ 30 ਅਪ੍ਰੈਲ। ਤ੍ਰਿਣਮੂਲ ਕਾਂਗਰਸ ਦੇ ਰਾਜ ਸਭਾ ਮੈਂਬਰ ਡੈਰੇਕ ਓ'ਬ੍ਰਾਇਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਭਾਜਪਾ ਦੇ ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਮਮਤਾ ਬੈਨਰਜੀ ਦੀ ਅਗਵਾਈ ਵਾਲੀ ਪਾਰਟੀ ਤੋਂ ਹਾਰਨ ਮਗਰੋਂ ਅਹੁਦੇ ਤੋਂ ਅਸਤੀਫ਼ਾ ਦੇਣ ਦੀ ਚੁਣੌਤੀ ਦਿੱਤੀ। ਓ'ਬ੍ਰਾਇਨ ਨੇ ਇਕ ਵੀਡੀਓ ਸੰਦੇਸ਼ 'ਚ ਦਾਅਵਾ ਕੀਤਾ ਕਿ ਮੋਦੀ ਨੇ ਖੁਦ ਨੂੰ ਰਾਜ ਦੀਆਂ ਸਾਰੀਆਂ 294 ਵਿਧਾਨ ਸਭਾ ਸੀਟਾਂ 'ਤੇ ਭਾਜਪਾ ਦੇ ਚਿਹਰੇ ਵਜੋਂ ਪੇਸ਼ ਕੀਤਾ ਹੈ ਅਤੇ ਉਨ੍ਹਾਂ ਨੂੰ ਚੁਣੌਤੀ ਸਵੀਕਾਰ ਕਰਨ ਲਈ ਕਿਹਾ ਹੈ। ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਓ'ਬ੍ਰਾਇਨ ਨੇ ਕਿਹਾ,"ਤੁਸੀਂ ਖੁਦ ਹੀ ਬੰਗਾਲ ਦੀਆਂ ਸਾਰੀਆਂ 294 ਸੀਟਾਂ 'ਤੇ ਉਮੀਦਵਾਰ ਹੋਣ ਦਾ ਐਲਾਨ ਕੀਤਾ ਹੈ। ਵੱਡੇ-ਵੱਡੇ ਦਾਅਵੇ ਕਰਨਾ ਬੰਦ ਕਰੋ ਅਤੇ ਇਸ ਚੁਣੌਤੀ ਨੂੰ ਸਵੀਕਾਰ ਕਰੋ। 4 ਮਈ ਨੂੰ ਜਦੋਂ ਮਮਤਾ ਬੈਨਰਜੀ ਅਤੇ ਤ੍ਰਿਣਮੂਲ ਕਾਂਗਰਸ ਬੰਗਾਲ 'ਚ ਜਿੱਤ ਹਾਸਲ ਕਰੇ ਤਾਂ ਮੋਦੀ ਪ੍ਰਧਾਨ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇਣ ਦਾ ਸਾਹਸ ਦਿਖਾਉਣ।" ਓ'ਬ੍ਰਾਇਨ ਦੀ ਇਹ ਟਿੱਪਣੀ ਰਾਜ 'ਚ ਵਿਧਾਨ ਸਭਾ ਚੋਣਾਂ ਵਿਚਾਲੇ ਆਈ ਹੈ।

## ਸਤੌਜ ਵਿੱਚ 4.38 ਏਕੜ ਵਿੱਚ ਵਿਸ਼ਵ ਪੱਧਰੀ ਖੇਡ ਸਟੇਡੀਅਮ ਬਣ ਰਿਹਾ ਹੈ, ਨੌਜਵਾਨਾਂ ਨੂੰ ਪੇਸੇਵਰ ਸਿਖਲਾਈ ਮਿਲੇਗੀ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਸੰਗਰੂਰ; 30 ਅਪ੍ਰੈਲ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਿੰਡ ਸਤੌਜ ਵਿੱਚ 14.63 ਕਰੋੜ ਰੁਪਏ ਦੇ ਆਧੁਨਿਕ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ, ਜਿਸ ਨਾਲ ਖੇਡਾਂ, ਸਿਹਤ ਅਤੇ ਅਨੁਸਾਸਨ ਰਾਹੀਂ ਪੰਜਾਬ ਦੇ ਨੌਜਵਾਨਾਂ ਦੀ ਕਿਸਮਤ ਬਦਲਣ ਲਈ ਫੈਸਲਾਕੁੰਨ ਕਦਮ ਚੁੱਕਿਆ ਗਿਆ। ਬੁਨਿਆਦੀ ਢਾਂਚੇ ਦੇ ਨਵੀਨੀਕਰਨ ਅਤੇ ਸਮਾਜਿਕ ਦਖਲਅੰਦਾਜੀ ਵਜੋਂ ਸਤੌਜ ਵਿੱਚ 4.38 ਏਕੜ ਵਿੱਚ ਬਣਨ ਵਾਲਾ ਇਹ ਵਿਸਵ ਪੱਧਰੀ ਸਟੇਡੀਅਮ ਪੇਸੇਵਰ ਸਿਖਲਾਈ ਦੀ ਪੇਸਕਸ ਕਰੇਗਾ ਅਤੇ ਬੈਡਮਿੰਟਨ, ਹੈਂਡਬਾਲ, ਜੂਡੋ, ਨੈੱਟਬਾਲ, ਬਾਸਕਟਬਾਲ, ਵਾਲੀਬਾਲ, ਫੁੱਟਬਾਲ, ਜਿਮਨਾਸਟਿਕ, ਕਬੱਡੀ ਅਤੇ ਕਰਾਟੇ ਸਮੇਤ ਕਈ ਤਰ੍ਹਾਂ ਦੀਆਂ ਖੇਡਾਂ ਦੀ ਮੇਜਬਾਨੀ ਕਰੇਗੀ। ਇਸ ਨੂੰ ਇਲਾਕੇ ਲਈ ਇਤਿਹਾਸਕ ਦਿਨ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਖੇਤਰ ਲਈ ਯਾਦਗਾਰੀ ਦਿਨ ਹੈ ਕਿਉਂਕਿ ਇਹ ਸਟੇਡੀਅਮ 14.63 ਕਰੋੜ ਦੀ ਲਾਗਤ ਨਾਲ ਬਣ ਰਿਹਾ ਹੈ। ਇਹ ਸਟੇਡੀਅਮ 4.38 ਏਕੜ ਥਾਂ ਵਿੱਚ ਬਣਾਇਆ ਜਾਵੇਗਾ ਅਤੇ ਇਹ ਕੰਪਲੈਕਸ ਵੱਖ-ਵੱਖ ਖੇਡ ਗਤੀਵਿਧੀਆਂ ਦੀ ਮੇਜ਼ਬਾਨੀ ਕਰੇਗਾ।" ਉਨ੍ਹਾਂ ਅੱਗੇ ਕਿਹਾ, "ਸਟੇਡੀਅਮ ਵਿੱਚ 200 ਮੀਟਰ ਦਾ ਅਥਲੈਟਿਕ ਟਰੈਕ, ਦਰਸ਼ਕਾਂ ਅਤੇ ਖਿਡਾਰੀਆਂ ਲਈ ਪਵੀਲੀਅਨ ਅਤੇ ਬਹੁ-ਮੰਤਵੀ ਇੰਡੋਰ ਸਪੋਰਟਸ ਹਾਲ ਹੋਵੇਗਾ।" ਮੁੱਖ ਮੰਤਰੀ ਨੇ ਇੱਥੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ 'ਤੇ ਚਾਨਣਾ ਪਾਉਂਦਿਆਂ ਕਿਹਾ, "ਸਟੇਡੀਅਮ ਵਿੱਚ ਬੈਡਮਿੰਟਨ, ਹੈਂਡਬਾਲ, ਜੂਡੋ, ਨੈੱਟਬਾਲ, ਬਾਸਕਟਬਾਲ, ਵਾਲੀਬਾਲ, ਫੁੱਟਬਾਲ, ਜਿਮਨਾਸਟਿਕ, ਕਬੱਡੀ, ਕਰਾਟੇ ਅਤੇ ਹੋਰ ਖੇਡ ਸਹੂਲਤਾਂ ਮੁਹੱਈਆ ਕੀਤੀਆਂ ਜਾਣਗੀਆਂ।" ਉਨ੍ਹਾਂ ਅੱਗੇ ਕਿਹਾ, "ਇਸ ਸਟੇਡੀਅਮ ਵਿੱਚ ਬੱਚਿਆਂ ਅਤੇ ਨੌਜਵਾਨਾਂ ਨੂੰ ਪੇਸ਼ੇਵਰ ਸਿਖਲਾਈ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ ਅਤੇ ਇਸ ਵਿਕਾਸ ਨਾਲ ਇਹ ਖੇਤਰ ਖੇਡ ਕੇਂਦਰ ਵਜੋਂ ਉੱਭਰੇਗਾ।" ਸੰਤੁਲਿਤ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ, "ਜਦੋਂ ਸਿੱਖਿਆ ਲਈ ਚੰਗਾ ਸਕੂਲ ਅਤੇ ਖੇਡਾਂ ਲਈ ਢੁਕਵਾਂ ਮੈਦਾਨ ਹੁੰਦਾ ਹੈ ਤਾਂ ਇਕ ਬੱਚਾ ਵਿਸ਼ਵ ਪੱਧਰ 'ਤੇ ਆਪਣੇ ਪਿੰਡ, ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਦਾ ਹੈ।" ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਦੀ ਪੁਸ਼ਟੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,




"ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਖੇਡਾਂ ਲਈ ਵਿਸ਼ਵ ਪੱਧਰੀ ਸਹੂਲਤਾਂ ਮੁਹੱਈਆ ਕਰ ਰਹੀ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਪ੍ਰਾਜੈਕਟ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰ ਕੇ ਨਸ਼ਿਆਂ ਦੀ ਰੀੜ੍ਹ ਦੀ ਹੱਡੀ ਨੂੰ ਤੋੜਨ ਵਿੱਚ ਮਦਦ ਕਰੇਗਾ ਅਤੇ ਇਹ ਸੂਬੇ ਦੇ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਉਸਾਰੂ ਢੰਗ ਨਾਲ ਵਰਤਣ ਵਿੱਚ ਮਦਦ ਕਰੇਗਾ।" ਉਨ੍ਹਾਂ ਅੱਗੇ ਕਿਹਾ, "ਅਜਿਹੇ ਸਟੇਡੀਅਮ ਨੌਜਵਾਨਾਂ ਨੂੰ ਨਸ਼ਿਆਂ ਦੇ ਸਰਾਪ ਤੋਂ ਦੂਰ ਰਹਿਣ ਅਤੇ ਨੌਜਵਾਨਾਂ ਨੂੰ ਕੌਮੀ ਅਤੇ ਕੌਮਾਂਤਰੀ ਖੇਡ ਮੁਕਾਬਲਿਆਂ ਵਿੱਚ ਤਗਮੇ ਜਿੱਤਣ ਦੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ।"

## 'ਮਾਂ, ਮਾਟੀ ਤੇ ਮਾਨੁਸ਼ ਦੀ ਸਰਕਾਰ ਬਣਾ ਰਹੇ ਹਾਂ', ਐਗਜ਼ਿਟ ਪੋਲ ਮਗਰੋਂ ਮਮਤਾ ਬੈਨਰਜੀ ਦਾ ਪਹਿਲਾ ਬਿਆਨ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 30 ਅਪ੍ਰੈਲ। ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਲਈ ਵੋਟਿੰਗ ਦੀ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਸਿਆਸੀ ਸਰਗਰਮੀਆਂ ਤੇਜ ਹੋ ਗਈਆਂ ਹਨ। ਇਸ ਦੌਰਾਨ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਇੱਕ ਵੀਡੀਓ ਸੰਦੇਸ ਜਾਰੀ ਕਰਦਿਆਂ ਵੱਡਾ ਦਾਅਵਾ ਕੀਤਾ ਹੈ ਕਿ ਤ੍ਰਿਣਮੂਲ ਕਾਂਗਰਸ () 226 ਤੋਂ ਵੱਧ ਸੀਟਾਂ ਜਿੱਤ ਕੇ ਮੁੜ ਸੱਤਾ ਵਿੱਚ ਵਾਪਸੀ ਕਰੇਗੀ। ਚੋਣਾਂ ਦੇ ਨਤੀਜੇ 4 ਮਈ ਨੂੰ ਐਲਾਨੇ ਜਾਣਗੇ। ਸੋਸਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ ਕੀਤੇ ਵੀਡੀਓ ਵਿੱਚ ਮਮਤਾ ਬੈਨਰਜੀ ਨੇ ਬੰਗਾਲ ਦੀ ਜਨਤਾ ਦਾ ਅਭਾਰ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਤੇਜ ਗਰਮੀ ਅਤੇ ਕਥਿਤ ਅੱਤਿਆਚਾਰ ਦੇ ਬਾਵਜੂਦ ਲੋਕਾਂ ਨੇ ਲੰਬੀਆਂ ਲਾਈਨਾਂ ਵਿੱਚ ਖੜ੍ਹੇ ਹੋ ਕੇ ਲੋਕਤੰਤਰ ਵਿੱਚ ਆਪਣਾ ਭਰੋਸਾ ਜਤਾਇਆ ਹੈ। ਉਨ੍ਹਾਂ ਨੇ ਆਪਣੀ ਪਾਰਟੀ ਦੇ ਉਨ੍ਹਾਂ ਵਰਕਰਾਂ ਦੀ ਵੀ ਸਲਾਘਾ ਕੀਤੀ ਜਿਨ੍ਹਾਂ ਨੇ ਮੁਸਕਲ ਹਾਲਾਤ ਵਿੱਚ ਸੰਘਰਸ ਕੀਤਾ। ਮੁੱਖ ਮੰਤਰੀ ਨੇ ਕੇਂਦਰ ਸਰਕਾਰ ਅਤੇ ਕੇਂਦਰੀ ਸੁਰੱਖਿਆ ਏਜੰਸੀਆਂ 'ਤੇ ਗੰਭੀਰ ਇਲਜਾਮ ਲਗਾਉਂਦੇ ਹੋਏ ਕਿਹਾ ਕਿ ਚੋਣਾਂ



ਦੌਰਾਨ ਪੂਰੀ ਸਰਕਾਰੀ ਮਸੀਨਰੀ ਦੀ ਵਰਤੋਂ ਕਰਕੇ ਬੰਗਾਲ ਦੇ ਲੋਕਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ?ਸ ਕੀਤੀ ਗਈ। ਉਨ੍ਹਾਂ ਅਨੁਸਾਰ, ਕਈ ਰਾਜਾਂ ਦੇ ਨੇਤਾਵਾਂ ਨੇ ਮਿਲ ਕੇ ਦਬਾਅ ਬਣਾਉਣ ਦੀ ਕੋਸ?ਸ ਕੀਤੀ, ਪਰ ਜਨਤਾ ਨੇ ਵੋਟ ਰਾਹੀਂ ਇਨ੍ਹਾਂ ਸਾਜ?ਸਾਂ ਦਾ ਕਰਾਰਾ ਜਵਾਬ ਦਿੱਤਾ ਹੈ। ਮਮਤਾ ਬੈਨਰਜੀ ਨੇ ਆਪਣੇ ਉਮੀਦਵਾਰਾਂ ਅਤੇ ਵਰਕਰਾਂ ਨੂੰ 4 ਮਈ ਤੱਕ ਪੂਰੀ ਤਰ੍ਹਾਂ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ। ਉਨ੍ਹਾਂ ਖਦਸਾ ਜਤਾਇਆ ਕਿ ਮਸੀਨਾਂ ਨਾਲ ਛੇੜਛਾੜ ਦੀ ਕੋਸ?ਸ ਕੀਤੀ ਜਾ ਸਕਦੀ ਹੈ। ਉਨ੍ਹਾਂ ਹਦਾਇਤ ਕੀਤੀ ਕਿ ਕਾਊਂਟਿੰਗ ਸੈਂਟਰਾਂ 'ਤੇ ਦਿਨ-ਰਾਤ ਨਿਗਰਾਨੀ ਰੱਖੀ ਜਾਵੇ ਅਤੇ ਮਸੀਨਾਂ ਨੂੰ ਸਟੋਰ ਰੂਮ ਤੋਂ ਕਾਊਂਟਿੰਗ ਹਾਲ ਤੱਕ ਲਿਆਉਣ ਸਮੇਂ ਖਾਸ ਧਿਆਨ ਦਿੱਤਾ ਜਾਵੇ।

## ਹਰ ਧਾਰਮਿਕ ਸੰਸਥਾ ਲਈ ਨਿਯਮ ਜ਼ਰੂਰੀ, ਅਰਾਜਕਤਾ ਮਨਜ਼ੂਰ ਨਹੀਂ: ਸੁਪਰੀਮ ਕੋਰਟ

ਨਵੀਂ ਦਿੱਲੀ 29 ਅਪ੍ਰੈਲ। ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕਿਹਾ ਕਿ ਕਿਸੇ ਧਾਰਮਿਕ ਸੰਸਥਾ ਦੇ ਪ੍ਰਬੰਧਨ ਦੇ ਅਧਿਕਾਰ ਦਾ ਮਤਲਬ ਇਹ ਨਹੀਂ ਹੈ ਕਿ ਉਸ ਦੇ ਸੰਚਾਲਨ ਲਈ ਕੋਈ ਢਾਂਚਾ ਨਾ ਹੋਵੇ ਅਤੇ ਪ੍ਰਬੰਧਨ ਨੂੰ ਲੈ ਕੇ ਅਰਾਜਕਤਾ ਦੀ ਸਥਿਤੀ ਨਹੀਂ ਹੋ ਸਕਦੀ। ਅਦਾਲਤ ਨੇ ਕਿਹਾ ਕਿ ਅਜਿਹੀਆਂ ਸੰਸਥਾਵਾਂ ਦੇ ਕੰਮ-ਕਾਜ ਲਈ ਵਿਵਸਥਾ ਅਤੇ ਨਿਯਮ ਹੋਣੇ ਚਾਹੀਦੇ ਹਨ। 9 ਜੱਜਾਂ ਦੇ ਸੰਵਿਧਾਨਕ ਬੈਂਚ ਨੇ ਇਹ ਟਿੱਪਣੀ ਕੇਰਲਮ ਦੇ ਸਬਰੀਮਾਲਾ ਮੰਦਰ ਸਮੇਤ ਧਾਰਮਿਕ ਸਥਾਨਾਂ 'ਤੇ ਔਰਤਾਂ ਨਾਲ ਵਿਤਕਰੇ ਅਤੇ ਵੱਖ-ਵੱਖ ਧਰਮਾਂ 'ਚ ਧਾਰਮਿਕ ਸੁਤੰਤਰਤਾ ਦੇ ਘੇਰੇ ਨਾਲ ਜੁੜੀਆਂ ਪਟੀਸ਼ਨਾਂ 'ਤੇ ਸੁਣਵਾਈ ਦੌਰਾਨ ਕੀਤੀ। ਹਜ਼ਰਤ ਖਵਾਜ਼ਾ ਨਿਜ਼ਾਮੁਦੀਨ ਔਲੀਆ ਦੀ ਦਰਗਾਹ ਨਾਲ ਜੁੜੀ ਚਿਸ਼ਤੀ ਨਿਜ਼ਾਮੀ ਪ੍ਰੰਪਰਾ ਦੇ ਵੰਸ਼ਜ਼ ਪੀਰਜ਼ਾਦਾ ਸਈਅਦ ਅਲਤਮਸ਼ ਨਿਜ਼ਾਮੀ ਵੱਲੋਂ ਪੇਸ਼ ਐਡਵੋਕੇਟ ਨਿਜ਼ਾਮ ਪਾਸ਼ਾ ਨੇ ਕਿਹਾ ਕਿ ਦਰਗਾਹ ਉਹ ਸਥਾਨ ਹੁੰਦਾ ਹੈ, ਜਿੱਥੇ ਕਿਸੇ ਸੰਤ ਨੂੰ ਦਫ਼ਨਾਇਆ ਗਿਆ ਹੋਵੇ। ਉਨ੍ਹਾਂ ਕਿਹਾ, ਭਾਰਤ 'ਚ ਸੂਫੀ ਆਸਥਾ ਪ੍ਰਣਾਲੀ 'ਚ ਚਿਸ਼ਤੀਆਂ, ਕਾਦਰੀਆਂ ਅਤੇ ਸੁਹਰਾਵਰਦੀਆਂ ਸਮੇਤ ਕਈ ਪ੍ਰਮੁੱਖ ਪ੍ਰੰਪਰਾਵਾਂ ਸ਼ਾਮਲ ਹਨ। ਪਾਸ਼ਾ ਨੇ ਦਲੀਲ ਦਿੱਤੀ ਕਿ ਕਿਸੇ ਧਾਰਮਿਕ ਸੰਸਥਾ 'ਚ ਦਾਖਲੇ ਨੂੰ ਕੰਟਰੋਲ ਕਰਨ ਦਾ ਅਧਿਕਾਰ ਪ੍ਰਬੰਧਨ ਦਾ ਹਿੱਸਾ ਹੈ। ਇਸ 'ਤੇ ਜਸਟਿਸ ਅਮਾਨੁੱਲਾ ਨੇ ਕਿਹਾ ਕਿ ਪ੍ਰਬੰਧਨ ਦੇ ਅਧਿਕਾਰ ਦਾ ਮਤਲਬ ਢਾਂਚੇ ਦੀ ਘਾਟ ਨਹੀਂ ਹੋ ਸਕਦਾ ਅਤੇ ਹਰ ਚੀਜ਼ ਲਈ ਇਕ ਵਿਵਸਥਾ ਹੋਣੀ ਚਾਹੀਦੀ ਹੈ। ਜਸਟਿਸ ਅਮਾਨੁੱਲਾ ਨੇ ਕਿਹਾ, 'ਅਰਾਜਕਤਾ ਨਹੀਂ ਹੋ ਸਕਦੀ, ਚਾਹੇ ਦਰਗਾਹ ਹੋਵੇ ਜਾਂ ਮੰਦਰ, ਸੰਸਥਾ ਨਾਲ ਜੁੜੇ ਤੱਤ ਹੋਣਗੇ, ਧਾਰਮਿਕ ਕਿਰਿਆਵਾਂ ਦਾ ਇਕ ਤਰੀਕਾ ਹੋਵੇਗਾ ਅਤੇ ਕਾਰਜਾਂ ਦੇ ਸੰਪਾਦਨ ਦੀ ਤਰਤੀਬ ਹੋਵੇਗੀ। ਕਿਸੇ ਨਾ ਕਿਸੇ ਨੂੰ ਇਸ ਨੂੰ ਨਿਯਮਿਤ ਕਰਨਾ ਹੋਵੇਗਾ।'



## ਆਰ.ਪੀ. ਸਿੰਘ ਨੇ ਸਿੱਖ ਪਰਿਵਾਰਾਂ ਦੀ ਸੁਰੱਖਿਅਤ ਭਾਰਤ ਵਾਪਸੀ ਲਈ ਵਿਦੇਸ਼ ਮੰਤਰੀ ਨੂੰ ਲਿਖਿਆ ਪੱਤਰ

ਨਵੀਂ ਦਿੱਲੀ 30 ਅਪ੍ਰੈਲ। ਭਾਜਪਾ ਆਗੂ ਆਰ.ਪੀ. ਸਿੰਘ ਨੇ ਈਰਾਨ ਦੀ ਰਾਜਧਾਨੀ ਤੇਹਰਾਨ 'ਚ ਫਸੇ ਕੁਝ ਬਜ਼ੁਰਗ ਸਿੱਖ ਪਰਿਵਾਰਾਂ ਦੀ ਸੁਰੱਖਿਅਤ ਵਾਪਸੀ ਲਈ ਭਾਰਤ ਦੇ ਵਿਦੇਸ ਮੰਤਰੀ ਡਾ. ਐੱਸ. ਜੈਸੰਕਰ ਨੂੰ ਇਕ ਪੱਤਰ ਲਿਖਿਆ ਹੈ। ਉਨ੍ਹਾਂ ਨੇ ਵਿਦੇਸ ਮੰਤਰਾਲੇ ਨੂੰ ਇਸ ਮਾਮਲੇ 'ਚ ਤੁਰੰਤ ਦਖਲ ਦੇਣ ਦੀ ਬੇਨਤੀ ਕੀਤੀ ਹੈ। ਆਰ.ਪੀ. ਸਿੰਘ ਨੇ ਦੱਸਿਆ ਕਿ ਤੇਹਰਾਨ ਦੇ ਭਾਈ ਗੰਗਾ ਸਿੰਘ ਸਭਾ ਗੁਰਦੁਆਰਾ 'ਚ ਕੁਝ ਬਜ਼ੁਰਗ ਈਰਾਨੀ ਸਿੱਖ ਜੋੜੇ ਫਸੇ ਹੋਏ ਹਨ। ਖੇਤਰ 'ਚ ਵਿਗੜਦੀ ਸੁਰੱਖਿਆ ਸਥਿਤੀ ਅਤੇ ਭੂ-ਰਾਜਨੀਤਿਕ ਪਾਬੰਦੀਆਂ ਕਾਰਨ ਇਹ ਪਰਿਵਾਰ ਭਾਰੀ ਚਿੰਤਾ ਅਤੇ ਮੁਸਕਿਲਾਂ ਦਾ ਸਾਹਮਣਾ ਕਰ ਰਹੇ ਹਨ। ਪੱਤਰ ਅਨੁਸਾਰ, 5 ਮਈ ਨੂੰ ਤੇਹਰਾਨ ਤੋਂ ਭਾਰਤ ਲਈ 'ਮਹਾਨ ਏਅਰ' ( ) ਦੀ ਇਕ ਉਡਾਣ ਜਾਣੀ ਹੈ। ਹਾਲਾਂਕਿ, ਏਅਰਲਾਈਨ ਇਨ੍ਹਾਂ ਭਾਰਤੀ ਮੂਲ ਦੇ ਪਰਿਵਾਰਾਂ ਨੂੰ ਭਾਰਤ ਸਰਕਾਰ ਦੀ ਸਪੱਸਟ ਇਜਾਜਤ ਜਾਂ ਕਲੀਅਰੈਂਸ ਤੋਂ ਬਿਨਾਂ ਜਹਾਜ 'ਚ ਚੜ੍ਹਨ ਦੀ ਇਜਾਜਤ ਨਹੀਂ ਦੇ ਰਹੀ।

## ਬੇਅਦਬੀ ਵਿਰੋਧੀ ਕਾਨੂੰਨ ਬਣ ਚੁੱਕਾ, ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲੇ ਉਮਰ ਕੈਦ ਦਾ ਸਾਹਮਣਾ ਕਰਨਾ ਪਵੇਗਾ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਸੰਗਰੂਰ, 30 ਅਪ੍ਰੈਲ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਟਿਕਾਊ ਖੇਤੀ ਅਤੇ ਲੰਮੇ ਸਮੇਂ ਤੱਕ ਪਾਣੀ ਦੀ ਸੰਭਾਲ ਲਈ ਵਿਆਪਕ ਤੌਰ 'ਤੇ ਰੂਪ ਰੇਖਾ ਦਾ ਖੁਲਾਸਾ ਕਰਦਿਆਂ ਪੰਜਾਬ ਦੇ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਤੋਂ ਨਿਰਭਰਤਾ ਘਟਾ ਕੇ ਨਹਿਰੀ ਪਾਣੀ ਦੀ ਸਿੰਚਾਈ ਵੱਲ ਮੁੜਨ ਦਾ ਸੱਦਾ ਦਿੱਤਾ। ਆਪਣੇ ਜੱਦੀ ਪਿੰਡ ਸਤੌਜ ਦੇ ਦੌਰੇ ਦੌਰਾਨ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਪੰਜਾਬ ਦਾ ਭਵਿੱਖ ਇਸ ਦੇ ਜਲ ਸਰੋਤਾਂ ਨਾਲ ਅਟੁੱਟ ਰੂਪ ਵਿੱਚ ਜੁੜਿਆ ਹੋਇਆ ਹੈ ਅਤੇ ਇਨ੍ਹਾਂ ਨੂੰ ਸੁਰੱਖਿਅਤ ਰੱਖਣਾ ਬਹੁਤ ਜਰੂਰੀ ਹੈ ਅਤੇ ਇਸ ਲਈ ਸਾਡੀ ਸਾਰਿਆਂ ਦੀ ਸਾਂਝੀ ਜ਼?ਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦਾ ਵਜੂਦ ਸੁਭਾਵਿਕ ਤੌਰ 'ਤੇ ਇਸ ਦੇ ਪਾਣੀਆਂ ਨਾਲ ਜੁੜਿਆ ਹੋਇਆ ਹੈ ਅਤੇ ਇਸ ਨੂੰ ਮਹਿਫੂਜ਼ ਰੱਖਣਾ ਸਿਰਫ ਨੀਤੀਗਤ ਤਰਜੀਹ ਨਹੀਂ ਸਗੋਂ ਨੈਤਿਕ ਜ਼?ਮੇਵਾਰੀ ਵੀ ਹੈ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਝੋਨੇ ਦੇ ਸੀਜਨ ਲਈ ਇਕ ਮਈ ਤੋਂ ਹੀ ਨਹਿਰੀ ਪਾਣੀ ਦਿੱਤਾ ਜਾਵੇਗਾ, ਜੋ ਕਿ ਰਵਾਇਤੀ ਸਿੰਚਾਈ ਸਮਾਂ-ਸਾਰਣੀ ਤੋਂ ਮਹੱਤਵਪੂਰਨ ਤਬਦੀਲੀ ਹੈ। ਉਨ੍ਹਾਂ ਅੱਗੇ ਕਿਹਾ, "ਇਹ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੈ ਕਿ ਝੋਨੇ ਦੀ ਬਿਜਾਈ ਦੇ ਸੀਜਨ ਤੋਂ ਪਹਿਲਾਂ ਕਿਸਾਨਾਂ ਨੂੰ ਲਾਭ ਪਹੁੰਚਾਉਣ ਲਈ ਇਕ ਮਈ ਤੋਂ ਨਹਿਰੀ ਪਾਣੀ ਛੱਡਿਆ ਜਾ ਰਿਹਾ ਹੈ।" ਇਸ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਲਦ ਹੀ ਸਿੰਚਾਈ ਦੀ ਸਹੂਲਤ ਲਈ ਨਹਿਰਾਂ ਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਪਹਿਲਾਂ ਹੀ ਛੱਡਿਆ ਜਾ ਚੁੱਕਾ ਹੈ। ਉਨ੍ਹਾਂ ਕਿਹਾ, "ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਪਾਣੀ ਦੀ ਇੱਕ-ਇੱਕ ਬੂੰਦ ਨੂੰ ਸੁਰੱਖਿਅਤ ਰੱਖਿਆ ਜਾਵੇ ਅਤੇ ਸੁਚੱਜੇ ਢੰਗ ਨਾਲ ਵਰਤਿਆ ਜਾਵੇ।" ਪੰਜਾਬ ਦੇ ਪਾਣੀਆਂ 'ਤੇ ਹੱਕ ਦੀ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਨੇ ਨਾ ਤਾਂ ਦੂਜੇ ਸੂਬਿਆਂ ਨਾਲ ਪਾਣੀਆਂ 'ਤੇ ਕੋਈ ਸਮਝੌਤਾ ਕੀਤਾ ਹੈ ਅਤੇ ਨਾ ਹੀ ਪਾਕਿਸਤਾਨ ਵੱਲ ਪਾਣੀ ਜਾਣ ਦਿੱਤਾ ਹੈ ਤਾਂ ਕਿ ਸਾਰਾ ਪਾਣੀ ਸਾਡੇ ਕਿਸਾਨਾਂ ਦੇ ਹਿੱਤ ਲਈ ਵਰਤਿਆ ਜਾਵੇ।" ਉਨ੍ਹਾਂ ਨੇ ਦਹਾਕਿਆਂ ਤੋਂ ਲਗਾਤਾਰ ਜ਼ਿਆਦਾ ਪਾਣੀ ਧਰਤੀ ਹੇਠੋਂ ਕੱਢਣ ਨਾਲ ਚਿੰਤਾਜਨਕ ਪੱਧਰ ਤੱਕ ਪਾਣੀ ਘਟਣ ਦੀ ਚੁਣੌਤੀ ਪੈਦਾ ਹੋਈ ਹੈ ਅਤੇ ਇਸ ਲਈ ਪਹੁੰਚ ਵਿੱਚ ਤੁਰੰਤ ਤਬਦੀਲੀ ਦੀ ਲੋੜ 'ਤੇ ਜੋਰ ਦਿੱਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਟਿਊਬਵੈੱਲਾਂ 'ਤੇ ਨਿਰਭਰਤਾ ਘਟਾਉਣ ਦੀ ਅਪੀਲ ਕਰਦਿਆਂ ਕਿਹਾ "ਧਰਤੀ ਹੇਠਲਾ ਪਾਣੀ ਇੱਕ ਕੀਮਤੀ ਅਤੇ ਸੀਮਤ ਸਰੋਤ ਹੈ ਜਿਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਣਾ ਚਾਹੀਦਾ ਹੈ। ਆਪਣੀ ਸੋਚ ਵਿੱਚ ਸਮੂਹਿਕ ਤਬਦੀਲੀ ਲਿਆਉਣ ਦਾ ਸਮਾਂ ਆ ਗਿਆ ਹੈ। ਨਹਿਰੀ ਪਾਣੀ ਸਿਰਫ ਬਦਲ ਨਹੀਂ ਹੈ, ਇਹ ਪੰਜਾਬ ਦੀ ਖੇਤੀਬਾੜੀ ਦਾ ਭਵਿੱਖ ਹੈ।" ਸਰਕਾਰ ਦੇ ਯਤਨਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਰਚ, 2026 ਤੋਂ ਲੈ ਕੇ ਹੁਣ ਤੱਕ ਸੂਬੇ ਭਰ ਵਿੱਚ ਸਿੰਚਾਈ ਪ੍ਰੋਜੈਕਟਾਂ 'ਤੇ 6,700 ਕਰੋੜ ਰੁਪਏ ਖਰਚ ਕੀਤੇ ਗਏ ਹਨ ਜਿਸ ਤਹਿਤ ਪਾਣੀ ਦੀ ਸੁਚੱਜੀ ਵੰਡ ਨੂੰ ਯਕੀਨੀ ਬਣਾਉਣ ਅਤੇ ਨੁਕਸਾਨ ਨੂੰ ਘੱਟ ਕਰਨ ਲਈ ਲਗਭਗ 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ ਅਤੇ ਖਾਲਿਆਂ ਨੂੰ ਬਹਾਲ ਕੀਤਾ ਗਿਆ ਹੈ।" ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੇ ਮੌਜੂਦਾ ਸੀਜਨ ਤੋਂ ਪਹਿਲਾਂ 4,000 ਕਿਲੋਮੀਟਰ ਹੋਰ ਖਾਲੇ ਅਤੇ 3,000 ਕਿਲੋਮੀਟਰ ਪਾਈਪਲਾਈਨਾਂ ਕਾਰਜਸੀਲ ਹੋ ਜਾਣਗੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "21,000 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਨਾਲ ਇਨ੍ਹਾਂ ਪ੍ਰਣਾਲੀਆਂ ਦੀ ਪਰਖ ਕਰਨ, ਰੁਕਾਵਟਾਂ ਦੀ ਪਛਾਣ ਕਰਨ ਅਤੇ ਕਮੀਆਂ ਨੂੰ ਦੂਰ ਕਰਨ ਵਿੱਚ ਵੀ ਮਦਦ ਮਿਲੇਗੀ। ਇਸ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ 'ਤੇ ਵਿਕਸਿਤ ਕੀਤਾ ਗਿਆ ਹੈ ਅਤੇ ਇਹ ਪੰਜਾਬ ਦੇ ਸਿੰਚਾਈ ਨੈੱਟਵਰਕ ਨੂੰ ਆਧੁਨਿਕ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ।" ਇਸ ਢਾਂਚੇ ਦੀ ਵਿਆਪਕਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਦੋ ਭਾਖੜਾ ਨਹਿਰਾਂ ਦੇ ਬਰਾਬਰ ਪਾਣੀ ਛੱਡਿਆ ਜਾ ਰਿਹਾ ਹੈ ਜਿਸ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਕਾਫੀ ਘਟ ਜਾਵੇਗੀ।" ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲ ਤਹਿਤ ਸਮਰਪਿਤ ਯੋਜਨਾਵਾਂ ਰਾਹੀਂ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਵਿੱਚ ਸਹਾਇਤਾ ਮਿਲੇਗੀ ਜਿਸ ਨਾਲ ਲੰਬੇ ਸਮੇਂ ਦੀ ਸਥਿਰਤਾ ਨੂੰ ਯਕੀਨੀ ਬਣਾਇਆ ਜਾ ਸਕੇਗਾ। ਉਨ੍ਹਾਂ ਕਿਹਾ, "ਇਹ ਸਿਰਫ ਮੌਜੂਦਾ ਫਸਲੀ ਚੱਕਰ ਬਾਰੇ ਨਹੀਂ ਹੈ ਸਗੋਂ ਇਹ ਪੰਜਾਬ ਦੀ ਖੇਤੀਬਾੜੀ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਇਹ ਯਕੀਨੀ ਬਣਾਉਣ ਬਾਰੇ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਕ ਸਥਾਈ ਈਕੋਸਿਸਟਮ ਬਰਕਰਾਰ ਰੱਖਿਆ ਜਾ ਸਕੇ।" ਮੁੱਖ ਮੰਤਰੀ ਨੇ ਕਿਹਾ, "ਇਹ ਮੇਰਾ ਪਿੰਡ ਅਤੇ ਮੇਰੇ ਆਪਣੇ ਲੋਕ ਹਨ। ਮੈਂ ਇੱਥੇ ਸਾਰਿਆਂ ਨੂੰ ਨਿੱਜੀ ਤੌਰ 'ਤੇ ਜਾਣਦਾ ਹਾਂ ਅਤੇ ਇਹ ਇਸ ਫੇਰੀ ਨੂੰ ਹੋਰ ਵੀ ਖਾਸ ਬਣਾਉਂਦਾ ਹੈ। **Contd...page-3**

## ਜੇਲ੍ਹ 'ਚ ਬੰਦ ਸੰਸਦ ਮੈਂਬਰ ਰਾਸ਼ਿਦ ਨੂੰ ਮਿਲੀ ਜ਼ਮਾਨਤ, ਦਿੱਲੀ ਹਾਈ ਕੋਰਟ ਨੇ ਸੁਣਾਇਆ ਫੈਸਲਾ

ਸ੍ਰੀਨਗਰ 30 ਅਪ੍ਰੈਲ। ਦਿੱਲੀ ਹਾਈ ਕੋਰਟ ਨੇ ਜੇਲ੍ਹ ਵਿੱਚ ਬੰਦ ਸੰਸਦ ਮੈਂਬਰ ਇੰਜੀਨੀਅਰ ਅਬਦੁਲ ਰਸ਼ੀਦ ਸ਼ੇਖ ਨੂੰ ਸ੍ਰੀਨਗਰ ਵਿੱਚ ਆਪਣੇ ਬਿਮਾਰ ਪਿਤਾ ਨੂੰ ਮਿਲਣ ਲਈ ਇੱਕ ਹਫ਼ਤੇ ਦੀ ਜ਼ਮਾਨਤ ਦੇ ਦਿੱਤੀ। ਰਿਪੋਰਟਾਂ ਅਨੁਸਾਰ, ਅਦਾਲਤ ਨੇ ਕਿਹਾ ਕਿ ਉਹ ਛੇ ਸਾਲਾਂ ਤੋਂ ਵੱਧ ਸਮੇਂ ਤੋਂ ਹਿਰਾਸਤ ਵਿੱਚ ਹੈ। ਰਿਕਾਰਡਾਂ ਦੀ ਸਮੀਖਿਆ ਕਰਨ ਤੋਂ ਬਾਅਦ ਅਦਾਲਤ ਨੇ ਇਹ ਸਿੱਟਾ ਕੱਢਿਆ ਕਿ ਇਹ ਇੱਕ ਹਫ਼ਤੇ ਲਈ ਅੰਤਰਿਮ ਜ਼ਮਾਨਤ ਦੇਣ ਲਈ ਇੱਕ ਢੁਕਵਾਂ ਮਾਮਲਾ ਹੈ। ਰਿਪੋਰਟਾਂ ਦੇ ਅਨੁਸਾਰ, ਉਸਨੂੰ ਇਨ੍ਹਾਂ ਸ਼ਰਤਾਂ 'ਤੇ ਜ਼ਮਾਨਤ ਦਿੱਤੀ ਗਈ ਹੈ ਕਿ ਉਹ ?1 ਲੱਖ ਦਾ ਨਿੱਜੀ ਮੁਚਲਕਾ ਅਤੇ ਇੰਨੀ ਹੀ ਰਕਮ ਦੀ ਜ਼ਮਾਨਤ ਜਮ?ਹਾਂ ਕਰਵਾਏਗਾ। ਉਸਦੇ ਨਾਲ ਦੋ ਪੁਲਸ ਅਧਿਕਾਰੀ ਹੋਣਗੇ ਅਤੇ ਉਹ ਆਪਣੇ ਪਿਤਾ ਦੇ ਘਰ ਜਾਂ ਹਸਪਤਾਲ ਵਿੱਚ ਰਹਿਣਗੇ, ਜਿਸਦਾ ਪਤਾ ਦਿੱਤਾ ਜਾਵੇਗਾ। ਅਦਾਲਤ ਨੇ ਇਹ ਵੀ ਕਿਹਾ ਕਿ ਉਸਨੂੰ ਬਾਹਰ ਯਾਤਰਾ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਉਹ ਸਿਰਫ਼ ਇੱਕ ਮੋਬਾਈਲ ਨੰਬਰ ਦੀ ਵਰਤੋਂ ਵੀ ਕਰੇਗਾ, ਜੋ ਹਮੇਸ਼ਾ ਕਿਰਿਆਸ਼ੀਲ ਰਹੇਗਾ। ਅਦਾਲਤ ਨੇ ਸਪੱਸ਼ਟ ਕੀਤਾ ਕਿ ਉਹ ਕਿਸੇ ਵੀ ਗਵਾਹ ਨਾਲ ਸੰਪਰਕ ਨਹੀਂ ਕਰੇਗਾ ਜਾਂ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਨਹੀਂ ਕਰੇਗਾ।

# ਪਤੀ ਵੱਲੋਂ ਪਤਨੀ ਦਾ ਕਤਲ, ਲਾਸ਼ ਦੇ ਮੂੰਹ 'ਤੇ ਮਾਰੀਆਂ ਚਪੇੜਾਂ ! ਦੋਸਤ ਨੂੰ ਭੇਜੀ ਵੀਡੀਓ

**ਕੌਮੀ ਪਤ੍ਰਿਕਾ**

ਮਾਛੀਵਾੜਾ 30 ਅਪ੍ਰੈਲ। ਪਤੀ ਵੱਲੋਂ ਆਪਣੇ ਪਤਨੀ ਦੇ ਚਰਿੱਤਰ ਤੇ ਸ਼ੱਕ ਕਾਰਨ ਇਕ ਹਸਦਾ ਵਸਦਾ ਘਰ ਤਬਾਹ ਹੋ ਗਿਆ। ਮਾਛੀਵਾੜਾ ਨੇੜੇ ਦੇ ਪਿੰਡ ਮੰਡ ਸ਼ੁੱਧੇਵਾਲ ਵਿਖੇ ਅੱਜ ਬਾਅਦ ਦੁਪਹਿਰ ਇਕ ਨੌਜਵਾਨ ਨੇ ਆਪਣੀ ਪਤਨੀ ਦਾ ਗਲਾ ਘੁੱਟ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਪ੍ਰੀਤ ਸਿੰਘ ਜੋ ਕਿ ਕੰਬਾਈਨ ਚਲਾਉਣ ਦਾ ਕੰਮ ਕਰਦਾ ਸੀ ਤੇ ਉਸ ਦਾ 11 ਸਾਲ ਪਹਿਲਾਂ ਰਾਜਵਿੰਦਰ ਕੌਰ ਨਾਲ ਪ੍ਰੇਮ ਵਿਆਹ ਹੋਇਆ ਸੀ। ਪਤੀ ਗੁਰਪ੍ਰੀਤ ਸਿੰਘ ਨੂੰ ਸ਼ੱਕ ਸੀ ਕਿ ਉਸ ਦੀ ਪਤਨੀ ਕਿਸੇ ਹੋਰ ਵਿਅਕਤੀ ਨਾਲ ਫੋਨ 'ਤੇ ਗੱਲਾਂ ਕਰਦੀ ਹੈ, ਜਦਕਿ ਪਤਨੀ ਵੀ ਆਪਣੇ ਪਤੀ 'ਤੇ ਸ਼ੱਕ ਕਰਦੀ ਸੀ ਕਿ ਉਹ ਵੀ ਕਿਸੇ ਹੋਰ ਲੜਕੀ ਨਾਲ ਫੋਨ ਤੇ ਗੱਲਾਂ ਕਰਦਾ ਹੈ, ਜਿਸ ਕਾਰਨ ਉਨ੍ਹਾਂ ਦੋਵਾਂ ਵਿਚਕਾਰ ਕਾਫੀ ਘਰੇਲੂ ਕਲੇਸ਼ ਰਹਿੰਦਾ ਸੀ। ਅੱਜ ਕਲੇਸ਼ ਇੰਨਾ ਵੱਧ ਗਿਆ ਕਿ ਪਤੀ ਗੁਰਪ੍ਰੀਤ ਸਿੰਘ ਨੇ ਆਪਣੀ ਪਤਨੀ ਦਾ ਗਲਾ ਘੁੱਟ ਕੇ ਘਰ ਵਿਚ ਹੀ ਬੇਰਹਿਮੀ ਨਾਲ ਕਤਲ ਕਰ ਦਿੱਤਾ। ਘਟਨਾ ਸਮੇਂ ਪਤੀ ਪਤਨੀ ਘਰ ਵਿਚ ਇਕੱਲੇ ਸਨ, ਜਦ ਕਿ ਉਸ ਦੇ ਮਾਤਾ-ਪਿਤਾ ਕਿਤੇ ਕੰਮ ਗਏ ਹੋਏ ਸਨ। ਕਤਲ ਕਰਨ ਪਿੱਛੋਂ ਉਸ ਨੇ ਇਸ ਦੀ ਸੂਚਨਾ ਆਪਣੇ ਦੋਸਤ ਨੂੰ ਦਿੱਤੀ ਤੇ ਪੁਲਸ ਨੂੰ ਖੁਦ ਹੀ ਫੋਨ ਕਰ ਕੇ ਦੱਸਿਆ ਕਿ ਉਹ ਥਾਣੇ ਆ ਰਿਹਾ ਹੈ। ਰਾਜਵਿੰਦਰ ਕੌਰ ਅਤੇ ਗੁਰਪ੍ਰੀਤ ਸਿੰਘ ਦੇ ਦੋ ਛੋਟੇ-ਛੋਟੇ ਬੱਚੇ ਹਨ, ਜੋ ਬੇਹਦ ਘਬਰਾਏ ਹੋਏ ਦਿਖਾਈ ਦੇ ਰਹੇ ਸਨ ਕਿ ਉਨ੍ਹਾਂ ਦੇ ਘਰ ਕੀ ਭਾਣਾ ਵਾਪਰ ਗਿਆ? ਘਟਨਾ ਦੀ ਸੂਚਨਾ ਮਿਲਦੇ ਹੀ ਡੀ.ਐੱਸ.ਪੀ. ਪ੍ਰਿਤਪਾਲ ਸਿੰਘ, ਥਾਣਾ ਮੁਖੀ ਪਵਿੱਤਰ ਸਿੰਘ ਵੀ ਮੌਕੇ 'ਤੇ ਪਹੁੰਚ ਗਏ ਤੇ ਉਨ੍ਹਾਂ ਨੇ ਲਾਸ਼ ਨੂੰ ਕਬਜ਼ੇ 'ਚ ਲੈ ਲਿਆ। ਡੀ.ਐੱਸ.ਪੀ. ਨੇ ਦੱਸਿਆ ਕਿ ਸਾਰਾ ਮਾਮਲਾ ਸਪੱਸ਼ਟ ਹੈ ਕਿ ਗੁਰਪ੍ਰੀਤ ਸਿੰਘ ਆਪਣੀ ਪਤਨੀ ਰਾਜਵਿੰਦਰ ਕੌਰ ਦੇ ਚਰਿੱਤਰ ਤੇ ਸ਼ੱਕ ਕਰਦਾ ਸੀ ਤੇ ਇਹ ਘਰੇਲੂ ਕਲੇਸ਼ ਇੰਨਾ ਵੱਧ ਗਿਆ ਕਿ ਅੱਜ ਇਨ੍ਹਾਂ ਵਿਚੋਂ ਇਕ ਦੀ ਜਾਨ ਚਲੀ ਗਈ। ਉਨ੍ਹਾਂ ਕਿਹਾ ਕਿ ਲਾਸ਼ ਨੂੰ ਕਬਜ਼ੇ 'ਚ ਲੈ ਲਿਆ ਗਿਆ ਹੈ ਅਤੇ ਗੁਰਪ੍ਰੀਤ ਸਿੰਘ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।



ਗੁਰਪ੍ਰੀਤ ਸਿੰਘ ਨੇ ਜਦੋਂ ਆਪਣੀ ਪਤਨੀ ਰਾਜਵਿੰਦਰ ਦਾ ਕਤਲ ਕਰ ਦਿੱਤਾ ਤਾਂ ਉਸ ਦੀ ਵੀਡੀਓ ਬਣਾ ਕੇ ਆਪਣੇ ਦੋਸਤ ਨੂੰ ਭੇਜੀ ਕਿ ਉਹ ਆਪਣੀ ਪਤਨੀ ਦੇ ਚਰਿੱਤਰ 'ਤੇ ਸ਼ੱਕ ਕਰਦਾ ਸੀ ਤੇ ਉਸ ਦਾ ਕਤਲ ਕਰ ਦਿੱਤਾ ਹੈ। ਜਾਣਕਾਰੀ ਇਹ ਵੀ ਮਿਲੀ ਹੈ ਕਿ ਕਤਲ ਕਰਨ ਤੋਂ ਬਾਅਦ ਗੁਰਪ੍ਰੀਤ ਸਿੰਘ ਮਾਛੀਵਾੜਾ ਥਾਣੇ ਵੱਲ ਨੂੰ ਚਲਾ ਗਿਆ ਕਿ ਤਾਂ ਜੋ ਉੱਥੇ ਜਾ ਕੇ ਆਪ ਪੇਸ਼ ਹੋ ਜਾਵੇ। ਪਰ ਅਜੇ ਉਹ ਗ੍ਰਿਫ਼ਤਾਰ ਹੋਇਆ ਜਾਂ ਨਹੀਂ ਹੋਇਆ, ਇਸ ਸਬੰਧੀ ਪੁਲਸ ਵੱਲੋਂ ਕੋਈ ਪੁਸ਼ਟੀ ਨਹੀਂ ਕੀਤੀ ਗਈ। ਵੀਡੀਓ 'ਚ ਇਹ ਵੀ ਸਾਹਮਣੇ ਆਇਆ ਹੈ ਕਿ ਉਸ ਨੇ ਆਪਣੀ ਪਤਨੀ ਦੇ ਗਲਾ ਘੋਟਣ ਤੋਂ ਬਾਅਦ ਲਾਸ਼ ਦੇ ਮੂੰਹ ਤੇ ਚਪੇੜਾਂ ਵੀ ਮਾਰੀਆਂ ਕਿ ਹੁਣ ਕਰ ਗੱਲਾਂ ਜਿਹਦੇ ਨਾਲ ਫੋਨ 'ਤੇ ਗੱਲਾਂ ਕਰਦੀ ਹੁੰਦੀ ਸੀ। ਫਿਲਹਾਲ ਪੁਲਸ ਵੱਲੋਂ ਸਾਰੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਉਹ ਪਤਨੀ ਕਿਸੇ ਨਾਲ ਫੋਨ ਤੇ ਗੱਲਾਂ ਕਰਦੀ ਸੀ ਜਾਂ ਨਹੀਂ ਜਾਂ ਇਸ ਮਾਮਲੇ 'ਚ ਸ਼ੱਕ ਦਾ ਬੀਜ ਕਿੱਦਾਂ ਆਇਆ ਤੇ ਕੌਣ ਬਣਿਆ ਇਸ ਕਤਲ ਦੀ ਵਜ?ਹਾ?

## ਸਕੂਲ ਦੇ ਸਫਾਈ ਕਰਮਚਾਰੀ ਨੂੰ ਬੰਦੀ ਬਣਾ ਕੇ ਨਕਾਬਪੋਸ਼ਾਂ ਨੇ ਚੋਰੀ ਦੀ ਵਾਰਦਾਤ ਨੂੰ ਦਿੱਤਾ ਅੰਜਾਮ

ਖੇਮਕਰਨ 30 ਅਪ੍ਰੈਲ। ਸ਼ਹਿਰ ਖੇਮਕਰਨ ਦੇ ਨਾਮਵਰ ਸਕੂਲ ਵਿਖੇ ਬੀਤੀ ਰਾਤ ਨਕਾਬਪੋਸ਼ ਚੋਰਾਂ ਵੱਲੋਂ ਸਕੂਲ ਦੇ ਸਫਾਈ ਕਰਮਚਾਰੀ ਨੂੰ ਬੰਦੀ ਬਣਾ ਕੇ ਲੱਖਾਂ ਰੁਪਏ ਦਾ ਸਾਮਾਨ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੁਲਸ ਨੂੰ ਦਿੱਤੀ ਦਰਖਾਸਤ ਦਾ ਹਵਾਲਾ ਦਿੰਦਿਆਂ ਸਕੂਲ ਪ੍ਰਿੰਸੀਪਲ ਅਸ਼ਵਨੀ ਸ਼ਰਮਾ ਅਤੇ ਵਾਈਸ ਪ੍ਰਿੰਸੀਪਲ ਵਨੀਤ ਕੁਮਾਰ ਪਾਸੀ ਨੇ ਦੱਸਿਆ ਕਿ ਬੀਤੀ ਰਾਤ ਕਰੀਬ 2 ਵਜੇ ਤਿੰਨ ਨਕਾਬਪੋਸ਼ ਵਿਅਕਤੀ ਸਕੂਲ ਦੀ ਕੰਧ ਟੱਪ ਕੇ ਸਕੂਲ ਦੇ ਅੰਦਰ ਦਾਖਲ ਹੋਏ ਅਤੇ ਸਕੂਲ ਵਿਚ ਕੰਮ ਕਰਦੇ ਸੇਵਾਦਾਰ ਨੂੰ ਰੱਸੀਆਂ ਦੇ ਨਾਲ ਬੰਨ੍ਹ ਕੇ ਇਕ ਬੁਲਟ ਮੋਟਰਸਾਈਕਲ, ਕਾਰ, ਟਰੈਕਟਰ ਦੀਆਂ ਬੈਟਰੀਆਂ, ਦੋ ਐੱਲ.ਈ.ਡੀ, ਇਕ ਬੈਟਰੀ ਇਨਵੈਟਰ, ਇਕ ਮੋਬਾਈਲ, ਇਕ ਪੱਖਾ, 3000 ਦੀ ਨਕਦ ਰਾਸ਼ੀ ਚੋਰੀ ਕਰਕੇ ਫਰਾਰ ਹੋ ਗਏ। ਤਿੰਨੇ ਨਕਾਬਪੋਸ਼ ਵਿਅਕਤੀ ਸੀ.ਸੀ.ਟੀ.ਵੀ ਕੈਮਰੇ ਵਿਚ ਵੀ ਕੈਦ ਹੋਏ ਹਨ। ਚੋਰੀ ਦੀ ਘਟਨਾ ਦੀ ਸੂਚਨਾ ਮਿਲਦਿਆਂ ਪੁਲਸ ਥਾਣਾ ਖੇਮਕਰਨ ਦੀ ਪੁਲਸ ਪਾਰਟੀ ਮੌਕੇ 'ਤੇ ਪਹੁੰਚੀ। ਇਸ ਸਬੰਧੀ ਥਾਣਾ ਮੁਖੀ ਖੇਮਕਰਨ ਇੰਸਪੈਕਟਰ ਕਵਲਜੀਤ ਰਾਏ ਨੇ ਦੱਸਿਆ ਇਸ ਹੋਈ ਘਟਨਾ 'ਤੇ ਪੁਲਸ ਪਾਰਟੀ ਵੱਲੋਂ ਸੀ.ਸੀ.ਟੀ.ਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ, ਜਲਦ ਹੀ ਚੋਰਾਂ ਨੂੰ ਕਾਬੂ ਕਰਕੇ ਸਲਾਖਾਂ ਪਿੱਛੇ ਸੁੱਟਿਆ ਜਾਵੇਗਾ।

# ਡਾਕਟਰ ਦੇ ਘਰ ਦੀ ਕੰਧ ਤੋੜ ਕਲੀਨਿਕ 'ਚ ਜਾ ਵੜੀ ਕਾਰ ! ਵਾਲ-ਵਾਲ ਬਚੀ ਮਰੀਜ਼ਾਂ ਦੀ ਜਾਨ

**ਕੌਮੀ ਪਤ੍ਰਿਕਾ**

ਲੁਧਿਆਣਾ 30 ਅਪ੍ਰੈਲ। ਸ਼ਹਿਰ ਦੇ ਪੌਸ਼ ਇਲਾਕੇ ਰਾਜਗੁਰੂ ਨਗਰ ਵਿਚ ਅੱਜ ਤੜਕੇ ਓਵਰਸਪੀਡ ਕਾਰ ਦਾ ਕਹਿਰ ਦੇਖਣ ਨੂੰ ਮਿਲਿਆ, ਜਿੱਥੇ ਇਕ ਕਾਰ ਸਵਾਰ ਨੇ ਤੇਜ਼ ਰਫ਼ਤਾਰ ਗੱਡੀ ਸਿੱਧੀ ਡੀ.ਐੱਮ.ਸੀ. ਹਸਪਤਾਲ ਦੇ ਡਾਕਟਰ ਰਜਿੰਦਰ ਮਿੱਤਲ ਦੇ ਘਰ ਵਿਚ ਮਾਰ ਦਿੱਤੀ। ਟੱਕਰ ਇੰਨੀ ਜ਼ੋਰਦਾਰ ਸੀ ਕਿ ਕਾਰ ਘਰ ਦੀ ਕੰਧ ਨੂੰ ਢਾਹੁੰਦੇ ਹੋਏ ਅੰਦਰ ਚੱਲ ਰਹੇ ਕਲੀਨਿਕ ਦੇ ਬਿਲਕੁਲ ਕੋਲ ਜਾ ਵੜੀ। ਇਸ ਭਿਆਨਕ ਹਾਦਸੇ ਵਿਚ ਡਾਕਟਰ ਦੇ ਘਰ ਅਤੇ ਕਲੀਨਿਕ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ, ਪਰ ਸੁੱਖ ਦੀ ਗੱਲ ਇਹ ਰਹੀ ਕਿ ਕਿਸੇ ਕਿਸਮ ਦੇ ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ। ਮਿਲੀ ਜਾਣਕਾਰੀ ਅਨੁਸਾਰ, ਇਹ ਹਾਦਸਾ ਤੜਕੇ ਉਸ ਸਮੇਂ ਹੋਇਆ ਜਦੋਂ ਸੜਕ 'ਤੇ ਸੰਨਾਟਾ ਸੀ। ਡਾਕਟਰ ਦੇ ਘਰ ਦੇ ਅੰਦਰ ਹੀ ਉਨ੍ਹਾਂ ਦਾ ਕਲੀਨਿਕ ਹੈ ਜਿੱਥੇ ਅਕਸਰ ਸਵੇਰ ਦੇ ਵੇਲੇ ਮਰੀਜ਼ਾਂ ਦੀ ਭਾਰੀ ਭੀੜ ਰਹਿੰਦੀ ਹੈ। ਖੁਸ਼ਕਿਸਮਤੀ ਇਹ ਰਹੀ ਕਿ ਜਿਸ ਸਮੇਂ ਕਾਰ ਕੰਧ ਤੋੜ ਕੇ ਅੰਦਰ ਵੜੀ, ਉਸ ਵੇਲੇ ਉੱਥੇ ਕੋਈ ਮਰੀਜ਼ ਮੌਜੂਦ ਨਹੀਂ ਸੀ, ਨਹੀਂ ਤਾਂ ਕਈ ਕੀਮਤੀ ਜਾਨਾਂ ਜਾ ਸਕਦੀਆਂ ਸਨ। ਧਮਾਕੇ ਦੀ ਆਵਾਜ਼ ਸੁਣ ਕੇ ਜਦੋਂ ਤੱਕ ਲੋਕ ਬਾਹਰ ਆਏ, ਮੁਲਜ਼ਮ ਕਾਰ ਸਵਾਰ ਮੌਕੇ ਦਾ ਫ਼ਾਇਦਾ ਚੁੱਕ ਕੇ ਫ਼ਰਾਰ ਹੋਣ ਵਿਚ ਕਾਮਯਾਬ ਰਿਹਾ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਸਰਾਭਾ ਨਗਰ ਦੀ ਪੁਲਸ ਟੀਮ ਮੌਕੇ 'ਤੇ ਪਹੁੰਚੀ। ਪੁਲਸ ਨੂੰ ਤਲਾਸ਼ੀ ਦੌਰਾਨ ਦੁਰਘਟਨਾਗ੍ਰਸਤ ਕਾਰ ਦੇ ਅੰਦਰੋਂ ਸ਼ਰਾਬ ਦੀਆਂ ਬੋਤਲਾਂ ਵੀ ਬਰਾਮਦ ਹੋਈਆਂ ਹਨ, ਜਿਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਚਾਲਕ ਨਸ਼ੇ ਵਿਚ ਪੂਰੀ ਤਰ੍ਹਾਂ ਧੁੱਤ ਸੀ ਅਤੇ ਗੱਡੀ 'ਤੇ ਕੰਟਰੋਲ



ਗੁਆ ਬੈਠਾ ਸੀ। ਉੱਥੇ ਹੀ, ਦੂਜੇ ਪਾਸੇ ਕਾਰ ਸਵਾਰ ਨੌਜਵਾਨ ਦੇ ਪਰਿਵਾਰ ਵਾਲਿਆਂ ਦਾ ਕਹਿਣਾ ਸੀ ਕਿ ਉਹ ਸਵੇਰੇ-ਸਵੇਰੇ ਧਾਰਮਿਕ ਸਥਾਨ 'ਤੇ ਮੱਥਾ ਟੇਕਣ ਜਾ ਰਿਹਾ ਸੀ ਅਤੇ ਕਾਰ ਬੇਕਾਬੂ ਹੋ ਗਈ ਸੀ। ਪੁਲਸ ਨੇ ਕਾਰ ਨੂੰ ਆਪਣੇ ਕਬਜ਼ੇ ਵਿਚ ਲੈ ਕੇ ਮੁਲਜ਼ਮ ਚਾਲਕ ਦੀ ਤਲਾਸ਼ ਸ਼ੁਰੂ ਕਰ ਦਿੱਤੀ ਹੈ। ਪੁਲਸ ਦਾ ਕਹਿਣਾ ਹੈ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

## ਕੇਂਦਰੀ ਜੇਲ੍ਹ 'ਚੋਂ ਵੱਡੀ ਬਰਾਮਦਗੀ, 3 ਮੋਬਾਈਲ, ਸਿਮ, ਤੰਬਾਕੂ ਦੀਆਂ ਪੁੜੀਆਂ ਤੇ ਬੀੜੀਆਂ ਬਰਾਮਦ

ਤਰਨਤਾਰਨ 30 ਅਪ੍ਰੈਲ। ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਵਿਖੇ ਤਲਾਸ਼ੀ ਅਭਿਆਨ ਦੌਰਾਨ ਜੇਲ੍ਹ ਪ੍ਰਸ਼ਾਸਨ ਵੱਲੋਂ 3 ਮੋਬਾਈਲ ਫੋਨ, 3 ਸਿਮ, 11 ਤੰਬਾਕੂ ਦੀਆਂ ਪੁੜੀਆਂ ਅਤੇ 16 ਬੀੜੀਆਂ ਬਰਾਮਦ ਕੀਤੀਆਂ ਗਈਆਂ ਹਨ। ਜਿਸ ਦੇ ਸਬੰਧ ਵਿਚ ਥਾਣਾ ਗੋਇੰਦਵਾਲ ਸਾਹਿਬ ਦੀ ਪੁਲਸ ਨੇ 5 ਹਵਾਲਾਤੀਆਂ ਖਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਗੋਇੰਦਵਾਲ ਸਾਹਿਬ ਦੇ ਮੁਖੀ ਇੰਸਪੈਕਟਰ ਪ੍ਰਭਜੀਤ ਸਿੰਘ ਨੇ ਦੱਸਿਆ ਕਿ ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਦੇ ਸਹਾਇਕ ਸੁਪਰਡੈਂਟ ਮਨਜੀਤ ਸਿੰਘ, ਜਸਵੰਤ



ਸਿੰਘ ਅਤੇ ਹੰਸਰਾਜ ਵੱਲੋਂ ਵੱਖ-ਵੱਖ ਮਾਮਲਿਆਂ 'ਚ ਚਲਾਏ ਗਏ ਤਲਾਸ਼ੀ ਅਭਿਆਨ ਦੌਰਾਨ 3 ਵੱਖ-ਵੱਖ ਕੰਪਨੀਆਂ ਦੇ ਮੋਬਾਈਲ ਫੋਨ ਅਤੇ ਤਿੰਨ ਸਿਮ ਤੋਂ ਇਲਾਵਾ 11 ਤਬਾਕੂ ਦੀਆਂ ਪੁੜੀਆਂ ਅਤੇ 16 ਬੀੜੀਆਂ ਬਰਾਮਦ ਕੀਤੀਆਂ ਗਈਆਂ ਹਨ। ਜਿਸ ਦੇ ਸਬੰਧ 'ਚ ਦਿੱਤੇ ਗਏ ਬਿਆਨਾਂ ਤਹਿਤ ਸਾਜਨ ਪ੍ਰੀਤ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਸੁਲਤਾਨਵਿੰਡ, ਸੁਲਤਾਨ ਸਿੰਘ ਪੁੱਤਰ ਧਰਮਿੰਦਰ ਸਿੰਘ ਵਾਸੀ ਲੁਹਾਰਕਾ, ਜੋਧਵੀਰ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਚਵਿੰਡਾ ਦੇਵੀ, ਜਸਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਸੁਲਤਾਨਵਿੰਡ ਅਤੇ ਮਨਪ੍ਰੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਲੁਹਾਰਕਾ ਦੇ ਖਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਪਲਾਸਟਿਕ ਫੈਕਟਰੀ 'ਚ ਲੱਗੀ ਭਿਆਨਕ ਅੱਗ ! ਅਸਮਾਨੀਂ ਪੁੱਜਾ ਧੂੰਏਂ ਦਾ ਗੁਬਾਰ

ਨੈਸ਼ਨਲ ਡੈਸਕ 30 ਅਪ੍ਰੈਲ। ਹਰਿਆਣਾ ਤੋਂ ਇਕ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਗੁੜਗਾਓਂ ਦੇ ਸੈਕਟਰ 110 ਇਲਾਕੇ ਵਿੱਚ ਐਤਵਾਰ ਸਵੇਰੇ ਉਸ ਸਮੇਂ ਦਹਿਸ਼ਤ ਫੈਲ ਗਈ, ਜਦੋਂ ਇੱਕ ਪਲਾਸਟਿਕ ਦੇ ਗੋਦਾਮ ਵਿੱਚ ਭਿਆਨਕ ਅੱਗ ਲੱਗ ਗਈ। ਪਲਾਸਟਿਕ ਹੋਣ ਕਾਰਨ ਅੱਗ ਬਹੁਤ ਤੇਜ਼ੀ ਨਾਲ ਫੈਲ ਗਈ ਅਤੇ ਅਸਮਾਨ ਵਿੱਚ ਕਾਲੇ ਧੂੰਏਂ ਦੇ ਗੁਬਾਰ ਦੇਖੇ ਗਏ। ਅੱਗ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਵਿਭਾਗ ਨੇ ਤੁਰੰਤ ਕਾਰਵਾਈ ਕਰਦਿਆਂ ਕਈ ਫਾਇਰ ਟੈਂਡਰ ਮੌਕੇ 'ਤੇ ਭੇਜੇ। ਅੱਗ ਬੁਝਾਉਣ ਵਾਲੇ ਕਰਮਚਾਰੀ ਲਗਾਤਾਰ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਹੁਣ ਤੱਕ ਦੀ ਮਿਲੀ ਜਾਣਕਾਰੀ ਅਨੁਸਾਰ, ਇਸ ਹਾਦਸੇ ਵਿੱਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ, ਪਰ ਵੱਡੇ ਪੱਧਰ 'ਤੇ ਮਾਲੀ ਨੁਕਸਾਨ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ। ਇਸੇ ਦੌਰਾਨ ਇੱਕ ਹੋਰ ਘਟਨਾ ਦਿੱਲੀ ਦੇ ਨਰੇਲਾ ਉਦਯੋਗਿਕ ਖੇਤਰ ਤੋਂ ਸਾਹਮਣੇ ਆਈ ਹੈ, ਜਿੱਥੇ ਇੱਕ ਫੈਕਟਰੀ ਵਿੱਚ ਅੱਗ ਲੱਗ ਗਈ। ਸਥਿਤੀ 'ਤੇ ਕਾਬੂ ਪਾਉਣ ਲਈ ਉੱਥੇ ਲਗਭਗ 10 ਫਾਇਰ ਟੈਂਡਰ ਤਾਇਨਾਤ ਕੀਤੇ ਗਏ ਹਨ। ਅੱਗ ਲੱਗਣ ਦੇ ਅਸਲ ਕਾਰਨਾਂ ਅਤੇ ਇਸ ਨਾਲ ਹੋਏ ਮਾਲੀ ਨੁਕਸਾਨ ਬਾਰੇ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ। ਪੁਲਸ ਅਤੇ ਫਾਇਰ ਵਿਭਾਗ ਮਾਮਲੇ ਦੀ ਜਾਂਚ ਕਰ ਰਹੇ ਹਨ ਕਿ ਅੱਗ ਸ਼ਾਰਟ ਸਰਕਟ ਕਾਰਨ ਲੱਗੀ ਜਾਂ ਕੋਈ ਹੋਰ ਕਾਰਨ ਸੀ।

## ਮੰਗਣੀ ਦੇ ਅਗਲੇ ਹੀ ਦਿਨ ਨੌਜਵਾਨ ਨੇ ਕੀਤੀ ਖ਼ੁਦਕੁਸ਼ੀ, ਪੁਲਸ ਵਲੋਂ ਮਾਮਲੇ ਦੀ ਜਾਂਚ ਸ਼ੁਰੂ

ਫਾਜ਼ਿਲਕਾ 30 ਅਪ੍ਰੈਲ। ਫਾਜ਼ਿਲਕਾ ਦੀ ਤੇਲਿਆਵਾਲੀ ਗਲੀ 'ਚ ਉਸ ਸਮੇਂ ਸੋਗ ਦੀ ਲਹਿਰ ਦੌੜ ਗਈ, ਜਦੋਂ ਇੱਕ ਨੌਜਵਾਨ ਦੀ ਲਾਸ਼ ਉਸ ਦੇ ਘਰ 'ਚ ਫ਼ਾਹੇ ਨਾਲ ਲਟਕਦੀ ਮਿਲੀ। ਮ੍ਰਿਤਕ ਦੀ ਪਛਾਣ ਅੰਕੁਸ਼ ਵਜੋਂ ਹੋਈ ਹੈ, ਜੋ ਕਿ ਇੱਕ ਅਨਾਥ ਨੌਜਵਾਨ ਸੀ ਅਤੇ ਆਪਣੇ ਦਾਦਾ-ਦਾਦੀ ਦੇ ਘਰ ਰਹਿ ਰਿਹਾ ਸੀ। ਜਾਣਕਾਰੀ ਅਨੁਸਾਰ ਅੰਕੁਸ਼ ਦੇ ਪਿਤਾ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਸੀ ਅਤੇ ਉਸਦੀ ਮਾਂ ਉਸਨੂੰ ਛੱਡ ਕੇ ਚਲੀ ਗਈ ਸੀ, ਜਿਸ ਤੋਂ ਬਾਅਦ ਮੁਹੱਲੇ ਦੇ ਲੋਕਾਂ ਨੇ ਇੱਕ ਕਮੇਟੀ ਬਣਾ ਕੇ ਉਸਦਾ ਪਾਲਣ-ਪੋਸ਼ਣ ਕੀਤਾ ਸੀ। ਅੰਕੁਸ਼ ਨੇ ਗੰਗਾਨਗਰ ਤੋਂ ਇਲੈਕਟ?ਰੀਸ਼ੀਅਨ ਦਾ ਕੋਰਸ ਕੀਤਾ ਸੀ ਅਤੇ ਫਾਜ਼ਿਲਕਾ 'ਚ ਹੀ ਇਲੈਕਟ?ਰੀਸ਼ੀਅਨ ਵਜੋਂ ਕੰਮ ਕਰਦਾ ਸੀ। ਹੈਰਾਨੀ ਦੀ ਗੱਲ ਇਹ ਹੈ ਕਿ ਸਿਰਫ ਇੱਕ ਦਿਨ ਪਹਿਲਾਂ ਹੀ ਉਸਦੀ ਮੰਗਣੀ ਹੋਈ ਸੀ। ਅੰਕੁਸ਼ ਨੇ ਖ਼ੁਦ ਲਖਨਊ ਦੀ ਇੱਕ ਕੁੜੀ ਨੂੰ ਪਸੰਦ ਕੀਤਾ ਸੀ ਅਤੇ ਮੰਗਣੀ ਦੀਆਂ ਰਸਮਾਂ ਤੋਂ ਬਾਅਦ ਉਹ ਬੀਤੀ ਰਾਤ ਹੀ ਕੁੜੀ ਦੇ ਪਰਿਵਾਰਕ ਮੈਂਬਰਾਂ ਨੂੰ ਟਰੇਨ ਚੜ੍ਹਾਉਣ ਲਈ ਰੇਲਵੇ ਸਟੇਸ਼ਨ 'ਤੇ ਛੱਡ ਕੇ ਆਇਆ ਸੀ। ਸਵਰਨਕਾਰ ਯੂਨੀਅਨ ਦੇ ਪ੍ਰਧਾਨ ਰਾਜਿੰਦਰ ਵਰਮਾ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਤ ਕਰੀਬ 10:30 ਵਜੇ ਇਸ ਖ਼ੁਦਕੁਸ਼ੀ ਬਾਰੇ ਪਤਾ ਲੱਗਿਆ, ਜਿਸ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਮੌਕੇ 'ਤੇ ਪਹੁੰਚੇ ਪੁਲਸ ਅਧਿਕਾਰੀ ਸਰਵਣ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਪੋਸਟਮਾਰਟਮ ਲਈ ਫਾਜ਼ਿਲਕਾ ਦੇ ਸਰਕਾਰੀ ਹਸਪਤਾਲ ਦੀ ਮੋਰਚਰੀ 'ਚ ਰਖਵਾ ਦਿੱਤਾ ਗਿਆ ਹੈ ਅਤੇ ਮੌਤ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

### ਮੁੱਲਾਂਪੁਰ ਦੇ ਪਿੰਡ ਮੰਡਿਆਣੀ 'ਚ ਨੌਜਵਾਨ ਦਾ ਬੇਰਹਿਮੀ ਨਾਲ ਕਤਲ

ਮੁੱਲਾਂਪੁਰ ਦਾਖਾ 30 ਅਪ੍ਰੈਲ। ਪਿੰਡ ਮੰਡਿਆਣੀ ਵਿਚ ਇਕ ਨੌਜਵਾਨ ਦਾ ਤੇਜ਼ਧਾਰ ਹਥਿਆਰਾਂ ਦੇ ਨਾਲ ਬੜੀ ਬੇਰਹਿਮੀ ਦੇ ਨਾਲ ਕਤਲ ਕਰ ਦਿੱਤਾ ਗਿਆ ਹੈ। ਮ੍ਰਿਤਕ ਦੀ ਪਛਾਣ ਸੀਤਾ ਰਾਮ ਵਜੋਂ ਹੋਈ ਹੈ, ਜੋ ਮੂਲ ਤੌਰ 'ਤੇ ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ ਸੀ। ਜਾਣਕਾਰੀ ਮੁਤਾਬਕ, ਬੀਤੀ ਰਾਤ ਸੀਤਾ ਰਾਮ ਸੁਖਵਿੰਦਰ ਸਿੰਘ ਦੀ ਮੋਟਰ 'ਤੇ ਸੁੱਤਾ ਪਿਆ ਸੀ। ਇਸ ਦੌਰਾਨ ਉਸ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਗਿਆ। ਫ਼?ਲਹਾਲ ਕਤਲ ਕਰਨ ਵਾਲਿਆਂ ਅਤੇ ਇਸ ਪਿੱਛੇ ਦੀ ਵਜ?ਹਾ ਬਾਰੇ ਕੋਈ ਜਾਣਕਾਰੀ ਸਾਹਮਣੇ ਨਹੀਂ ਆਈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਦਾਖਾ ਦੀ ਪੁਲਸ ਤੁਰੰਤ ਮੌਕੇ 'ਤੇ ਪਹੁੰਚੀ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਦਾਖਾ ਦੇ ਮੁਖੀ ਇੰਸਪੈਕਟਰ ਕੁਲਜਿੰਦਰ ਸਿੰਘ ਇਸ ਮਾਮਲੇ ਦੀ ਪੜਤਾਲ ਕਰ ਰਹੇ ਹਨ।

## ਰਾਂਚੀ ਦੇ ਜਗਨਨਾਥਪੁਰ ਮੰਦਰ 'ਚ ਗਾਰਡ ਦਾ ਬੇਰਹਿਮੀ ਨਾਲ ਕਤਲ, ਦਾਨ ਪੇਟੀ ਲੁੱਟ ਕੇ ਚੋਰ ਫਰਾਰ

ਨੈਸ਼ਨਲ ਡੈਸਕ 30 ਅਪ੍ਰੈਲ। ਝਾਰਖੰਡ ਦੀ ਰਾਜਧਾਨੀ ਰਾਂਚੀ ਦੇ ਪ੍ਰਸਿੱਧ ਜਗਨਨਾਥਪੁਰ ਮੰਦਰ ਵਿੱਚ ਇੱਕ ਸਨਸਨੀਖੇਜ਼ ਵਾਰਦਾਤ ਸਾਹਮਣੇ ਆਈ ਹੈ, ਜਿੱਥੇ ਦੇਰ ਰਾਤ ਅਣਪਛਾਤੇ ਚੋਰਾਂ ਨੇ ਡਿਊਟੀ 'ਤੇ ਤਾਇਨਾਤ ਇੱਕ ਗਾਰਡ ਦਾ ਕਤਲ ਕਰ ਦਿੱਤਾ ਅਤੇ ਮੰਦਰ ਦੀ ਦਾਨ ਪੇਟੀ ਲੁੱਟ ਕੇ ਫਰਾਰ ਹੋ ਗਏ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਪੁਲਸ ਸੂਤਰਾਂ ਅਨੁਸਾਰ ਅਣਪਛਾਤੇ ਚੋਰ ਦੇਰ ਰਾਤ ਮੰਦਰ ਕੰਪਲੈਕਸ ਵਿੱਚ ਦਾਖਲ ਹੋਏ ਸਨ। ਉਸ ਸਮੇਂ ਗਾਰਡ ਬਿਰਸਾ ਮੁੰਡਾ ਮੰਦਰ ਕੰਪਲੈਕਸ ਵਿੱਚ ਸੌਂ ਰਿਹਾ ਸੀ। ਚੋਰਾਂ ਨੇ ਬਿਰਸਾ ਮੁੰਡਾ ਦਾ ਕਤਲ ਕਰ ਦਿੱਤਾ ਅਤੇ ਫਿਰ ਦਾਨ ਪੇਟੀ ਦਾ ਤਾਲਾ ਤੋੜ ਕੇ ਉਸ ਵਿੱਚ ਰੱਖੀ ਨਕਦੀ ਅਤੇ ਹੋਰ ਸਾਮਾਨ ਲੈ ਕੇ ਫਰਾਰ ਹੋ ਗਏ। ਘਟਨਾ ਦਾ ਪਤਾ ਸ਼ੁੱਕਰਵਾਰ ਸਵੇਰੇ ਲੱਗਿਆ ਜਦੋਂ ਸ਼ਰਧਾਲੂ ਪੂਜਾ ਲਈ ਮੰਦਰ ਪਹੁੰਚੇ। ਗਾਰਡ ਦੀ ਲਾਸ਼ ਦੇਖ ਕੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ ਗਈ। ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ। ਰਾਂਚੀ ਦੇ ਐਸਐਸਪੀ ਰਾਕੇਸ਼ ਰੰਜਨ ਨੇ ਦੱਸਿਆ ਕਿ ਪੁਲਸ ਨੇ ਇਸ ਮਾਮਲੇ ਵਿੱਚ ਤਿੰਨ ਸ਼ੱਕੀਆਂ ਨੂੰ ਹਿਰਾਸਤ ਵਿੱਚ ਲਿਆ ਹੈ ਅਤੇ ਉਨ੍ਹਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਮੁੱਢਲੀ ਜਾਂਚ ਵਿੱਚ ਖ਼ਦਸ਼ਾ ਜਤਾਇਆ ਜਾ ਰਿਹਾ ਹੈ ਕਿ ਇਸ ਵਾਰਦਾਤ ਨੂੰ ਸਥਾਨਕ ਅਪਰਾਧੀਆਂ ਨੇ ਹੀ ਅੰਜਾਮ ਦਿੱਤਾ ਹੈ। ਮ੍ਰਿਤਕ ਦੇ ਪਰਿਵਾਰ ਵਿੱਚ ਇਸ ਘਟਨਾ ਤੋਂ ਬਾਅਦ ਮਾਤਮ ਪਸਰਿਆ ਹੋਇਆ ਹੈ ਅਤੇ ਉਨ੍ਹਾਂ ਵੱਲੋਂ ਮੁਆਵਜ਼ੇ ਦੀ ਮੰਗ ਕੀਤੀ ਜਾ ਰਹੀ ਹੈ। ਮੰਦਰ ਕਮੇਟੀ ਵੱਲੋਂ ਪੀੜਤ ਪਰਿਵਾਰ ਦੀ ਮਦਦ ਲਈ 5 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦੀ ਗੱਲ ਕਹੀ ਗਈ ਹੈ।

# ਫਰੀਦਕੋਟ ਵਿਚ ਲੱਗ ਗਈਆਂ ਪਾਬੰਦੀਆਂ

**ਕੌਮੀ ਪਤ੍ਰਿਕਾ**

ਫਰੀਦਕੋਟ 30 ਅਪ੍ਰੈਲ। ਜ਼ਿਲਾ ਮੈਜਿਸਟ?ਰੇਟ ਫਰੀਦਕੋਟ ਮੈਡਮ ਪੂਨਮਦੀਪ ਕੌਰ ਆਈ. ਏ. ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲਾ ਫਰੀਦਕੋਟ 'ਚ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 6 ਜੂਨ 2026 ਤੱਕ ਲਾਗੂ ਰਹਿਣਗੇ। ਜ਼ਿਲਾ ਮੈਜਿਸਟ?ਰੇਟ ਨੇ ਜ਼ਿਲਾ ਫਰੀਦਕੋਟ ਦੀਆਂ ਸੀਮਾਵਾਂ ਅੰਦਰ ਲਾਊਡ ਸਪੀਕਰ ਲਾਉਣ 'ਤੇ ਪਾਬੰਦੀ ਲਾਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਇੰਸਟਰੂਮੈਂਟ (ਕੰਟਰੋਲ ਆਫ ਨੋਆਇਜਜ਼) ਐਕਟ 1956 ਤਹਿਤ ਕੋਈ ਵੀ ਵਿਅਕਤੀ ਬਿਨਾਂ ਪ੍ਰਵਾਨਗੀ ਦੇ ਰਾਤ 10 ਵਜੇ ਤੋਂ ਸਵੇਰੇ 06 ਵਜੇ ਤੱਕ ਬਿਨਾ ਪ੍ਰਵਾਨਗੀ ਦੇ ਲਾਊਡ ਸਪੀਕਰ ਨਹੀਂ ਚਲਾ ਸਕਦਾ। ਇਸ ਤੋਂ ਇਲਾਵਾ ਜ਼ਿਲਾ ਫਰੀਦਕੋਟ ਦੀ ਹਦੂਦ ਅੰਦਰ ਕਿਸੇ ਵੀ ਵਿਅਕਤੀ ਵੱਲੋਂ ਸਰਕਾਰੀ ਰਸਤੇ/ਸੜਕਾਂ ਦੀ




ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ 'ਤੇ ਵੀ ਪਾਬੰਦੀ ਲਾਈ ਹੈ। ਜ਼ਿਲਾ ਮੈਜਿਸਟ?ਰੇਟ ਨੇ ਜ਼ਿਲਾ ਫਰੀਦਕੋਟ ਦੀ ਹਦੂਦ ਅੰਦਰ ਵਿੱਦਿਅਕ ਸੰਸਥਾਵਾਂ ਦੇ ਦੁਆਲੇ 100 ਮੀਟਰ ਦੇ ਘੇਰੇ ਅੰਦਰ ਤੰਬਾਕੂ ਰੱਖਣ ਅਤੇ 18 ਸਾਲ ਤੋਂ ਘੱਟ ਉਮਰ ਵਾਲੇ ਵਿਅਕਤੀ ਨੂੰ ਵੇਚਣ ਅਤੇ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ ਲਾਈ ਹੈ। ਇਸੇ ਤਰ੍ਹਾਂ ਸਾਈਕਲ, ਰਿਕਸ਼ਾ, ਟਰੈਕਟਰ-ਟਰਾਲੀ, ਰੇਹੜੀ ਅਤੇ ਅਜਿਹੀਆਂ ਹੀ ਹੋਰ ਗੱਡੀਆਂ ਜਿਨ੍ਹਾਂ ਦੇ ਅੱਗੇ-ਪਿੱਛੇ ਲਾਲ ਰੰਗ ਦੇ ਰਿਫਲੈਕਟਰ ਜਾਂ ਚਮਕਦਾਰ ਟੇਪ ਤੋਂ ਬਿਨਾਂ ਚੱਲਣ 'ਤੇ ਰੋਕ ਲਾਈ ਗਈ ਹੈ। ਜ਼ਿਲਾ ਮੈਜਿਸਟ?ਰੇਟ ਫਰੀਦਕੋਟ ਨੇ ਜ਼ਿਲਾ ਫਰੀਦਕੋਟ ਦੇ ਪੇਂਡੂ ਖੇਤਰਾਂ 'ਚ ਜਨਤਕ ਛੱਪੜ ਪੂਰਨ ਪਾਬੰਦੀ ਲਾਈ ਹੈ। ਉਨ੍ਹਾਂ ਦੱਸਿਆ ਕਿ ਪੇਂਡੂ ਖੇਤਰਾਂ 'ਚ ਆਮ ਲੋਕਾਂ/ਪੰਚਾਇਤਾਂ ਵੱਲੋਂ ਜਨਤਕ ਛੱਪੜ ਪੂਰਨ ਦਾ ਕੰਮ ਕੀਤਾ ਜਾਂਦਾ ਹੈ, ਜਿਸ ਕਰ ਕੇ ਪਿੰਡਾਂ ਦੇ ਪਾਣੀ ਦਾ ਵਹਾਓ ਰੁਕ ਜਾਂਦਾ ਹੈ, ਜਿਸ ਕਾਰਨ ਝਗੜਾ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ, ਜਿਸ ਕਰ ਕੇ ਇਹ ਪਾਬੰਦੀ ਲਾਈ ਗਈ ਹੈ ।

# ਪ੍ਰੇਮ ਸੰਬੰਧਾਂ ਨੇ ਉਜਾੜਿਆ ਘਰ ! ਪਿਤਾ ਦਾ ਬੇਰਹਿਮੀ ਨਾਲ ਕੀਤਾ ਕਤਲ

**ਕੌਮੀ ਪਤ੍ਰਿਕਾ**

ਬਠਿੰਡਾ 30 ਅਪ੍ਰੈਲ। ਪਿੰਡ ਮਹਿਤਾ ਵਿਖੇ ਚਾਰ ਵਿਅਤੀਆਂ ਵੱਲੋਂ ਸੱਬਲ ਮਾਰ ਕੇ ਇਕ ਵਿਅਕਤੀ ਦਾ ਕਤਲ ਕਰ ਦਿੱਤਾ। ਸੰਗਤ ਪੁਲਸ ਵੱਲੋਂ ਉਕਤ ਮਾਮਲੇ ਵਿਚ ਇਕ ਔਰਤ ਸਮੇਤ ਚਾਰ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਮ੍ਰਿਤਕ ਦੀ ਪਛਾਣ ਮਲਕੀਤ ਸਿੰਘ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਮੁਲਜ਼ਮ ਕੌਰ ਸਿੰਘ ਪੁੱਤਰ ਹਰਨੇਕ ਸਿੰਘ ਨੂੰ ਸ਼ੱਕ ਸੀ ਕਿ ਉਸ ਦੀ ਨੂੰਹ ਦੇ ਮ੍ਰਿਤਕ ਮਲਕੀਤ ਸਿੰਘ ਉਰਫ਼ (ਕੀਤਾ) ਪੁੱਤਰ ਗੋਲੂ ਸਿੰਘ ਦੇ ਬੇਟੇ ਹਰਮਨ ਸਿੰਘ ਦੇ ਨਜਾਇਜ਼ ਸੰਬੰਧ ਹਨ, ਜਿਸ ਨੂੰ ਲੈ ਕੇ ਇਸ ਤੋਂ ਪਹਿਲਾਂ ਕਾਫ਼ੀ ਰੌਲਾ ਪਿਆ। ਪੰਚਾਇਤ ਅਤੇ ਪੁਲਸ ਵੱਲੋਂ ਉਕਤ ਮਾਮਲੇ ਵਿਚ ਸਮਝੌਤਾ ਕਰਵਾ ਦਿੱਤਾ ਗਿਆ ਸੀ। ਮਲਕੀਤ ਸਿੰਘ ਕੌਰ ਸਿੰਘ ਦਾ ਗੁਆਂਢ ਛੱਡ ਕੇ ਪਿੰਡ ਵਿਚ ਰਹਿਣ ਲੱਗ ਪਿਆ ਸੀ। ਬੀਤੀ ਰਾਤ ਮਲਕੀਤ ਸਿੰਘ ਆਪਣੇ ਬੇਟੇ ਨਾਲ ਆਪਣੇ ਪੁਰਾਣੇ ਘਰ (ਜੋ ਕੌਰ ਸਿੰਘ ਦੇ ਘਰ ਨਾਲ ਸੀ) ਵਿਚੋਂ ਤੂੜੀ ਚੁੱਕਣ ਗਏ ਸਨ। ਇਸ ਦੌਰਾਨ ਪਹਿਲਾਂ ਤੋਂ ਵਾਰਦਾਤ ਦੀ ਤਾਕ ਵਿਚ ਬੈਠੇ ਕੌਰ ਸਿੰਘ ਉਸ ਦੇ ਲੜਕੇ ਅਤੇ ਨੂੰਹ ਨੇ




ਮਲਕੀਤ ਸਿੰਘ ਅਤੇ ਉਸ ਦੇ ਲੜਕੇ ਹਰਮਨ ਸਿੰਘ 'ਤੇ ਸੱਬਲ ਅਤੇ ਹੋਰ ਸੰਦਾਂ ਨਾਲ ਹਮਲਾ ਕਰ ਦਿੱਤਾ। ਹਮਲੇ ਦੌਰਾਨ ਮਲਕੀਤ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਹਰਮਨ ਸਿੰਘ ਵੱਲੋਂ ਰੌਲਾ ਪਾਇਆ, ਜਿਸ ਤੋਂ ਬਾਅਦ ਆਸ-ਪਾਸ ਦੇ ਲੋਕ ਇਕੱਠੇ ਹੋ ਗਏ ਪਰ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ। ਲੋਕਾਂ ਵੱਲੋਂ ਮਲਕੀਤ ਸਿੰਘ ਨੂੰ ਸਿਵਲ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਉਸ ਨੂੰ ਡਾਕਟਰਾਂ ਵੱਲੋਂ ਮ੍ਰਿਤਕ ਐਲਾਨ ਦਿੱਤਾ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮ ਕੌਰ ਸਿੰਘ ਦਾ ਲੜਕਾ ਕੁਝ ਸਮੇਂ ਤੋਂ ਜੇਲ੍ਹ ਵਿਚ ਬੰਦ ਸੀ ਅਤੇ ਹੁਣ ਜ਼ਮਾਨਤ 'ਤੇ ਘਰ ਆਇਆ ਸੀ। ਜਾਣਕਾਰੀ ਦਿੰਦੇ ਡੀ. ਐੱਸ. ਪੀ. ਦਿਹਾਤੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਲੜਕੇ ਹਰਮਨ ਸਿੰਘ ਦੇ ਬਿਆਨਾਂ 'ਤੇ ਪੁਲਸ ਵੱਲੋਂ ਮੁਲਜ਼ਮ ਕੌਰ ਸਿੰਘ, ਲਖਵੀਰ ਸਿੰਘ, ਬਲਵੀਰ ਸਿੰਘ ਅਤੇ ਕਰਮਜੀਤ ਕੌਰ ਖ਼?ਲਾਫ਼ ਥਾਣਾ ਸੰਗਤ ਵਿਖੇ ਮਾਮਲਾ ਦਰਜ਼ ਕਰਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ ਅਤੇ ਜਲਦੀ ਹੀ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## 2 ਰਾਈ.ਫਲਾਂ, 2 ਪਿਸਤੌਲਾਂ, 60 ਰੌਂਦ ਅਤੇ ਐਕਸ ਯੂਵੀ ਸਮੇਤ 3 ਮੁਲਜ਼ਮ ਕਾਬੂ

ਤਰਨਤਾਰਨ 30 ਅਪ੍ਰੈਲ। ਥਾਣਾ ਵਲਟੋਹਾ ਦੀ ਪੁਲਸ ਨੇ ਨਾਜਾਇਜ਼ ਹਥਿਆਰਾਂ ਸਮੇਤ ਇਕ ਗਿਰੋਹ ਦੇ 3 ਮੈਂਬਰਾਂ ਨੂੰ ਗ੍ਰਿਫਤਾਰ ਕਰਦੇ ਹੋਏ ਉਨ੍ਹਾਂ ਪਾਸੋਂ 2 ਰਾਈਫ਼ਲਾਂ, ਇਕ ਜਗਾਣਾ ਪਿਸਤੌਲ, 60 ਜ਼ਿੰਦਾ ਰੌਂਦ, ਇਕ ਦੇਸੀ ਕੱਟਾ, ਇਕ ਡੌਂਗਲ ਅਤੇ ਐਕਸ ਯੂਵੀ ਗੱਡੀ ਬਰਾਮਦ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਪੁਲਸ ਨੇ ਗ੍ਰਿਫਤਾਰ ਕੀਤੇ ਗਏ ਤਿੰਨਾਂ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿਚ ਪੇਸ਼ ਕਰਦੇ ਹੋਏ ਦੋ ਦਿਨਾਂ ਰਿਮਾਂਡ ਹਾਸਲ ਕਰਦੇ ਹੋਏ ਅਗਲੇਰੀ ਪੁੱਛਗਿਛ ਸ਼ੁਰੂ ਕਰ ਦਿੱਤੀ ਹੈ, ਜਿਸ ਵਿਚ ਕਈ ਹੋਰ ਖੁਲਾਸੇ ਹੋ ਸਕਦੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਵਲਟੋਹਾ ਦੇ ਮੁਖੀ ਸਬ ਇੰਸਪੈਕਟਰ ਸਵਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਪੁਲਸ ਪਾਰਟੀ ਪਿੰਡ ਕਲੰਦਰ ਡਰੇਨ ਪੱਟੜੀ ਵਿਖੇ ਵਾਹਨਾਂ ਦੀ ਚੈਕਿੰਗ ਕਰ ਰਹੀ ਸੀ ਤਾਂ ਇਕ ਐਕਸ ਯੂਵੀ ਗੱਡੀ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ, ਜਿਸ ਵਿਚ ਸਵਾਰ ਤਿੰਨ ਵਿਅਕਤੀਆਂ ਦੀ ਤਲਾਸ਼ੀ ਲੈਣ ਦੌਰਾਨ ਉਨ੍ਹਾਂ ਪਾਸੋਂ 2 ਰਾਈਫ਼ਲਾਂ 12 ਬੋਰ, ਇਕ ਜਗਾਣਾ ਪਿਸਤੌਲ 30 ਬੋਰ, 10 ਜ਼ਿੰਦਾ ਰੌਂਦ 30 ਬੋਰ, 30 ਜ਼ਿੰਦਾ ਰੌਂਦ 12 ਬੋਰ, 20 ਜ਼ਿੰਦਾ ਰੌਂਦ 315 ਬੋਰ, ਇਕ ਦੇਸੀ ਕੱਟਾ, ਇਕ ਡੌਂਗਲ ਬਰਾਮਦ ਕੀਤੀ ਗਈ। ਥਾਣਾ ਮੁਖੀ ਸਵਿੰਦਰ ਸਿੰਘ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ



ਪਹਿਚਾਣ ਅੰਮ੍ਰਿਤਪਾਲ ਸਿੰਘ ਪੁੱਤਰ ਨਿਰਵੈਲ ਸਿੰਘ ਵਾਸੀ ਭੂਰਾ ਕੋਹਨਾ, ਲਵਪ੍ਰੀਤ ਸਿੰਘ ਪੁੱਤਰ ਪ੍ਰਤਾਪ ਸਿੰਘ ਵਾਸੀ ਆਸਲ ਉਤਾੜ ਅਤੇ ਜਸਬੀਰ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਖੇਮਕਰਨ ਵਜੋਂ ਹੋਈ ਹੈ, ਜਿਨ੍ਹਾਂ ਦੇ ਖਿਲਾਫ ਥਾਣਾ ਵਲਟੋਹਾ ਵਿਖੇ ਪਰਚਾ ਦਰਜ ਕਰਦੇ ਹੋਏ ਮਾਨਯੋਗ ਅਦਾਲਤ ਵਿਚ ਪੇਸ਼ ਕਰਨ ਉਪਰੰਤ ਦੋ ਦਿਨ ਦਾ ਰਿਮਾਂਡ ਹਾਸਲ ਕਰ ਲਿਆ ਗਿਆ ਹੈ।

## ਪੰਜਾਬ 'ਚ ਹੈੱਡ ਕਾਂਸਟੇਬਲ ਗ੍ਰਿ.ਫਤਾਰ ! ਕਾਰਨਾਮਾ ਜਾਣ ਹੋਵੋਗੇ ਹੈਰਾਨ

ਚੰਡੀਗੜ੍ਹ/ਜਲੰਧਰ 30 ਅਪ੍ਰੈਲ। ਥਾਣਾ ਜੈਤੋ ਜ਼ਿਲ੍ਹਾ ਫਰੀਦਕੋਟ ਵਿਖੇ ਤਾਇਨਾਤ ਹੈੱਡ ਕਾਂਸਟੇਬਲ ਵਿਕਰਮ ਸ਼ਰਮਾ ਨੂੰ 5000 ਰੁਪਏ ਰਿਸ਼ਵਤ ਲੈਂਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਰਾਜ ਵਿਜੀਲੈਂਸ ਬਿਊਰੋ ਦੇ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਦੋਸ਼ੀ ਨੂੰ ਤਹਿਸੀਲ ਜੈਤੋ ਜ਼ਿਲ੍ਹਾ ਫਰੀਦਕੋਟ ਦੇ ਇਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤ ਕਰਤਾ ਵਿਰੁੱਧ ਝਗੜੇ ਦੀ ਸ਼ਿਕਾਇਤ ਮਿਲੀ ਸੀ, ਜਿਸ ਤਹਿਤ ਦੋਸ਼ੀ ਸੀਨੀਅਰ ਕਾਂਸਟੇਬਲ ਸ਼ਿਕਾਇਤ ਕਰਤਾ ਨੂੰ ਉਸ ਦੀ ਆਲਟੋ ਕਾਰ ਸਮੇਤ ਥਾਣਾ ਜੈਤੋ, ਜ਼ਿਲ੍ਹਾ ਫਰੀਦਕੋਟ ਲੈ ਕੇ ਆਇਆ ਸੀ। ਇਸ ਤੋਂ ਬਾਅਦ ਦੋਵੇਂ ਧਿਰਾਂ ਵਿਚਕਾਰ ਸਮਝੌਤਾ ਹੋ ਗਿਆ। ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਦੋਸ਼ੀ ਹੈੱਡ ਕਾਂਸਟੇਬਲ ਨੇ ਉਸ ਦੀ ਆਲਟੋ ਕਾਰ ਥਾਣੇ 'ਚ ਹੀ ਰੱਖ ਲਈ ਅਤੇ ਉਸ ਦੀ ਕਾਰ ਛੱਡਣ ਬਦਲੇ 5000 ਰੁਪਏ ਰਿਸ਼ਵਤ ਮੰਗੀ। ਸ਼ਿਕਾਇਤ ਕਰਤਾ ਨੇ ਰਿਸ਼ਵਤ ਮੰਗਣ ਸਬੰਧੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ। ਸ਼ਿਕਾਇਤ ਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਯੂਨਿਟ, ਫਰੀਦਕੋਟ ਨਾਲ ਸੰਪਰਕ ਕੀਤਾ। ਉਸ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਟੀਮ ਨੇ ਇਕ ਜਾਲ ਵਿਛਾਇਆ, ਜਿਸ ਦੌਰਾਨ ਦੋਸ਼ੀ ਹੈੱਡ ਕਾਂਸਟੇਬਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ 'ਚ ਸ਼ਿਕਾਇਤਕਰਤਾ ਤੋਂ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

## ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀਆਂ ਚਲਾਉਣ ਦੇ ਮਾਮਲੇ 'ਚ 2 ਔਰਤਾਂ ਸਮੇਤ ਤਿੰਨ ਗ੍ਰਿ.ਫਤਾਰ

ਬਟਾਲਾ 30 ਅਪ੍ਰੈਲ। ਥਾਣਾ ਸਿਵਲ ਲਾਈਨ ਦੀ ਪੁਲਸ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀਆਂ ਚਲਾਉਣ ਦੇ ਮਾਮਲੇ 'ਚ ਇਕ ਵਿਅਕਤੀ ਅਤੇ 2 ਔਰਤਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਡੀ. ਐੱਸ. ਪੀ. ਰਮਨਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਬੈਕ ਸਾਈਡ ਬਿਜਲੀ ਦਫ਼ਤਰ ਬਾਜਵਾ ਕਾਲੋਨੀ, ਸ੍ਰੀ ਹਰਗੋਬਿੰਦਪੁਰ ਸਾਹਿਬ ਰੋਡ ਉਮਰਪੁਰਾ (ਬਟਾਲਾ) ਵਿਖੇ ਕੁਝ ਵਿਅਕਤੀਆਂ ਵਲੋਂ ਮੁਹੱਲਾ ਵਾਸੀਆਂ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀਆਂ ਚਲਾਈਆਂ ਗਈਆਂ ਹਨ। ਇਸ ਘਟਨਾ ਤੋਂ ਤੁਰੰਤ ਬਾਅਦ ਹਰਕਤ 'ਚ ਆਉਂਦਿਆਂ ਅਰਬਨ ਅਸਟੇਟ ਪੁਲਸ ਚੌਕੀ ਦੇ ਇੰਚਾਰਜ ਏ. ਐੱਸ. ਆਈ. ਵਿਕਰਮ ਨੇ ਪੁਲਸ ਪਾਰਟੀ ਸਮੇਤ ਗੋਲੀਆਂ ਚਲਾਉਣ ਵਾਲੇ ਮੁਲਜ਼ਮ ਮਨਜਿੰਦਰ ਸਿੰਘ, ਕੰਵਲਜੀਤ ਕੌਰ ਅਤੇ ਮਾਹੀ ਵਾਸੀਆਨ ਬਟਾਲਾ ਨੂੰ ਕਾਬੂ ਕਰ ਲਿਆ। ਪੁਲਸ ਨੇ ਮੁਲਜ਼ਮਾਂ ਪਾਸੋਂ ਇਕ ਰਿਵਾਲਵਰ, 2 ਖ਼ੋਲ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ ਹੈ। ਡੀ. ਐੱਸ. ਪੀ. ਰਮਨਦੀਪ ਸਿੰਘ ਨੇ ਦੱਸਿਆ ਕਿ ਫਿਲਹਾਲ ਪੁਲਸ ਨੇ ਉਕਤ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਦੇ ਵਿਰੁੱਧ ਥਾਣਾ ਸਿਵਲ ਲਾਈਨ 'ਚ ਕੇਸ ਦਰਜ ਕਰ ਲਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਬਾਰੀਕੀ ਨਾਲ ਕੀਤੀ ਜਾ ਰਹੀ ਹੈ।

# ਪੁਲਸ ਤੋਂ ਭੱਜਦੇ ਮੁਲਜ਼ਮ ਨੇ ਮਚਾਇਆ ਕਹਿਰ ! 7 ਗੱਡੀਆਂ ਨੂੰ ਮਾਰ ਟੱਕਰ

**ਕੌਮੀ ਪਤ੍ਰਿਕਾ**

ਲੁਧਿਆਣਾ 30 ਅਪ੍ਰੈਲ। ਲੁਧਿਆਣਾ ਦੇ ਸ਼ਿਮਲਾਪੁਰੀ ਇਲਾਕੇ ਵਿਚ ਅੱਜ ਸਵੇਰੇ ਉਸ ਵੇਲੇ ਦਹਿਸ਼ਤ ਫੈਲ ਗਈ, ਜਦੋਂ ਇਕ ਚਿੱਟੇ ਰੰਗ ਦੀ ਬਲੇਨੋ ਕਾਰ ਨੇ ਗਲੀਆਂ ਵਿਚ ਮੌਤ ਦਾ ਤਾਂਡਵ ਮਚਾ ਦਿੱਤਾ। ਇਹ ਕੋਈ ਆਮ ਹਾਦਸਾ ਨਹੀਂ ਸੀ, ਸਗੋਂ ਇਕ ਸ਼ਾਤਰ ਕਾਰ ਚੋਰ ਦੀ ਪੁਲਸ ਦੇ ਚੁੰਗਲ ਵਿਚੋਂ ਨਿਕਲਣ ਦੀ ਕੋਸ਼ਿਸ਼ ਸੀ। ਪੁਲਸ ਤੋਂ ਬਚਣ ਲਈ ਮੁਲਜ਼ਮ ਨੇ ਕਾਰ ਨੂੰ ਅਜਿਹੀ ਤੇਜ਼ ਰਫ਼ਤਾਰ ਦਿੱਤੀ ਕਿ ਰਸਤੇ ਵਿਚ ਜੋ ਵੀ ਆਇਆ ਉਹ ਮਲਬੇ ਵਿਚ ਤਬਦੀਲ ਹੁੰਦਾ ਗਿਆ। ਇਸ ਖ਼ਤਰਨਾਕ ਖੇਡ ਦੌਰਾਨ ਮੁਲਜ਼ਮ ਨੇ ਕਰੀਬ 7 ਵਾਹਨਾਂ ਨੂੰ ਟੱਕਰ ਮਾਰੀ ਅਤੇ ਅੰਤ ਵਿਚ ਇਕ ਘਰ ਦੀ ਕੰਧ ਅਤੇ ਬਿਜਲੀ ਦਾ ਖੰਭਾ ਤੋੜ ਕੇ ਹੀ



ਉਸ ਦੀ ਕਾਰ ਰੁਕੀ। ਮਿਲੀ ਜਾਣਕਾਰੀ ਅਨੁਸਾਰ ਸ਼ਿਮਲਾਪੁਰੀ ਇਲਾਕੇ ਤੋਂ ਇਕ ਬਲੇਨੋ ਕਾਰ ਚੋਰੀ ਹੋਈ ਸੀ, ਜਿਸ ਦੀ ਭਾਲ ਵਿਚ ਪੁਲਸ ਨੇ ਜਾਲ ਵਿਛਾਇਆ ਹੋਇਆ ਸੀ। ਐਤਵਾਰ ਸਵੇਰੇ ਕਰੀਬ 11.30 ਵਜੇ ਜਦੋਂ ਪੁਲਸ ਟੀਮ ਨੇ ਸ਼ੱਕੀ ਕਾਰ ਨੂੰ ਰੁਕਣ ਦਾ ਇਸ਼ਾਰਾ ਕੀਤਾ, ਤਾਂ ਮੁਲਜ਼ਮ ਡਰ ਗਿਆ ਅਤੇ ਉਸ ਨੇ ਆਤਮ-ਸਮਰਪਣ ਕਰਨ ਦੀ ਬਜਾਏ ਐਕਸੀਲੇਟਰ 'ਤੇ ਪੈਰ ਰੱਖ ਦਿੱਤਾ ਅਤੇ ਦੁਸ਼ਹਿਰਾ ਗਰਾਊਂਡ ਦੀਆਂ ਤੰਗ ਗਲੀਆਂ ਵਿਚ ਮੌਤ ਦੀ ਰਫ਼ਤਾਰ ਨਾਲ ਭਜਾਉਣ ਲੱਗਿਆ। ਖ਼ੁਦ ਨੂੰ ਚਾਰੇ ਪਾਸਿਓਂ ਪੁਲਸ ਨਾਲ ਘਿਰਿਆ ਦੇਖ ਕੇ ਮੁਲਜ਼ਮ ਨੇ ਕਾਰ ਨੂੰ ਹਿੰਸਕ ਤਰੀਕੇ ਨਾਲ ਭਜਾਉਣਾ ਸ਼ੁਰੂ ਕੀਤਾ ਅਤੇ ਸਭ ਤੋਂ ਪਹਿਲਾਂ ਇਕ ਬੁਲੇਟ ਅਤੇ ਬਾਈਕ ਨੂੰ ਹਵਾ ਵਿਚ ਉਛਾਲ ਦਿੱਤਾ। ਵਾਰਦਾਤ ਦਾ ਮੰਜ਼ਰ ਇੰਨਾ ਖ਼ੌਫ਼ਨਾਕ ਸੀ ਕਿ ਮੁਲਜ਼ਮ ਨੇ ਰਸਤੇ ਵਿਚ ਆ ਰਹੀਆਂ ਦੋ ਐਕਟਿਵਾ, ਇਕ ਆਟੋ ਅਤੇ ਖੜ੍ਹੀਆਂ ਦੋ ਹੋਰ ਗੱਡੀਆਂ ਨੂੰ ਵੀ ਬੁਰੀ ਤਰ੍ਹਾਂ ਨੁਕਸਾਨਿਆ। ਚਸ਼ਮਦੀਦਾਂ ਮੁਤਾਬਕ ਕਾਰ ਦੀ ਰਫ਼ਤਾਰ ਇੰਨੀ ਤੇਜ਼ ਸੀ ਕਿ ਉਹ ਇਕ ਘਰ ਦੀ ਕੰਧ ਪਾੜਦੀ ਹੋਈ ਸਿੱਧੀ ਬਿਜਲੀ ਦੇ ਖੰਭੇ ਵਿਚ ਜਾ ਵੱਜੀ, ਜਿਸ ਕਾਰਨ ਖੰਭਾ ਵਿਚਕਾਰੋਂ ਟੁੱਟ ਗਿਆ ਅਤੇ ਕਾਰ ਚਕਨਾਚੂਰ ਹੋ ਗਈ। ਪੁਲਸ ਨੇ ਮੁਲਜ਼ਮ ਨੂੰ ਮਲਬਾ ਬਣ ਚੁੱਕੀ ਕਾਰ ਵਿਚੋਂ ਬਾਹਰ ਕੱਢ ਕੇ ਦਬੋਚ ਲਿਆ। ਐੱਸ.ਐੱਚ.ਓ. ਨੇ ਪੁਸ਼ਟੀ ਕੀਤੀ ਹੈ ਕਿ ਮੁਲਜ਼ਮ ਹਿਰਾਸਤ ਵਿਚ ਹੈ ਅਤੇ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਇਸ ਚੋਰੀ ਵਿਚ ਹੋਰ ਕੌਣ ਸ਼ਾਮਲ ਸੀ। ਇਸ ਪੂਰੇ ਡਰਾਮੇ ਵਿਚ ਕਿਸੇ ਦੀ ਜਾਨ ਨਹੀਂ ਗਈ, ਪਰ ਲੋਕਾਂ ਦੇ ਵਾਹਨਾਂ ਦਾ ਭਾਰੀ ਨੁਕਸਾਨ ਹੋਇਆ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਜੋਸ਼

## ਅੱਗੇ ਵਧਣ ਦਾ...



## ABBREVIATIONS

| | |
|---|---|
| ADRDAA | Alzheimer's Disease and Related Disorders Association |
| AE | Artificial embryonation |
| AE | American Education Association |
| AEA | Adoption Exchange Program |
| AEC | Atomic Energy Commission |
| AED | Academy for Educational Development |
| AEI | American Enterprise Institute |
| AELC | Association of Evangelical Lutheran Churches |
| AEU | American Ethical Union |
| AFA | American Family Association (formerly National Federation for Decency) |
| AFAM | Ancient Free and Accepted Masons |



ਵਿਚਾਰ

*ਸ਼ਾਂਤੀ ਦੀ ਸ਼ੁਰੂਆਤ ਮੁਸਕਰਾਉਣ ਨਾਲ ਹੁੰਦੀ ਹੈ।*

*-ਮਦਰ ਟੈਰੇਸਾ*

*ਅੱਜ ਦੇ ਸਮੇਂ 'ਚ ਸੋਸ਼ਲ ਮੀਡੀਆ ਦੇ ਵੱਖ-ਵੱਖ ਫ਼ਾਇਦੇ ਤੇ ਨੁਕਸਾਨ ਹਨ। ਇਹ ਸਿਰਫ਼ ਸਮਾਂ-ਪਾਸ ਕਰਨ ਦਾ ਜ਼ਰੀਆ ਨਹੀਂ ਹੈ ਬਲਕਿ ਇਸ ਦੀ ਮਦਦ ਨਾਲ ਅਸੀਂ ਲੋਕਾਂ ਨਾਲ ਜੁੜ ਕੇ ਬਹੁਤ ਕੁਝ ਸਿਖ ਸਕਦੇ ਹਾਂ। ਚਾਹੇ ਉਹ ਸਕਿੱਲ ਨਿਖ਼ਾਰਨ ਦੀ ਗੱਲ ਹੋਵੇ ਜਾਂ ਆਪਣਾ ਸ਼ੌਕ ਪੂਰਾ ਕਰਨ ਦੀ ਗੱਲ ਹੋਵੇ। ਆਨਲਾਈਨ ਲਰਨਿੰਗ 'ਚ ਸੋਸ਼ਲ ਮੀਡੀਆ ਦੇ ਵੱਧਦੇ ਚਲਨ ਅਤੇ ਇਸ ਦੇ ਫ਼ਾਇਦਿਆਂ ਬਾਰੇ ਆਓ ਜਾਣੀਏ...*

# ਸੋਸ਼ਲ ਮੀਡੀਆ 'ਤੇ ਕਰੋ ਪੜ੍ਹਾਈ



ਤਕੀਨਕਾਂ ਅੱਜ ਦੇ ਸਮੇਂ 'ਚ ਸਭ ਤੋਂ ਵੱਡੀ ਤਬਦੀਲੀ ਦਾ ਸਾਧਨ ਹਨ। ਇਸ ਦਾ ਅਸਰ ਅੱਜ ਹਰ ਤਰ੍ਹਾਂ ਦੇ ਕੰਮ ਅਤੇ ਸਮਾਜ 'ਚ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ। ਇੰਟਰਨੈੱਟ ਦੀ ਸਹਾਇਤਾ ਨਾਲ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਹੱਲ ਕਰਨ ਦੀ ਅਹਿਮੀਅਤ ਵੱਧ ਰਹੀ ਹੈ। ਸੋਸ਼ਲ ਮੀਡੀਆ ਸੂਚਨਾਵਾਂ ਦੇ ਸਾਂਝਾ ਕਰਨ ਦਾ ਸਭ ਤੋਂ ਵੱਡਾ ਜ਼ਰੀਆ ਬਣਿਆ ਹੈ। ਜਿੱਥੇ ਲੱਖਾਂ ਲੋਕ ਸਿੱਖਿਆ, ਵਪਾਰ, ਮਨੋਰੰਜਨ ਸਮੇਤ ਹਰ ਤਰ੍ਹਾਂ ਦੀਆਂ ਸੂਚਨਾਵਾਂ ਦਾ ਆਦਾਨ-ਪ੍ਰਦਾਨ ਕਰਦੇ ਹਾਂ। ਕਲਾਸਰੂਮ ਟੀਚਿੰਗ ਨੂੰ ਪ੍ਰਭਾਵੀ ਬਣਾਉਣ ਲਈ ਸਾਲਾਂ ਤੋਂ ਵੱਖ-ਵੱਖ ਤਕਨੀਕਾਂ ਦਾ ਇਸਤੇਮਾਲ ਹੋ ਰਿਹਾ ਹੈ। ਸੋਸ਼ਲ ਮੀਡੀਆ ਦੇ ਸਿੱਖਿਅਕ ਅਤੇ ਵਿਦਿਆਰਥੀਆਂ ਵਿਚਕਾਰ ਜੁੜਾਵ ਨੂੰ ਪਹਿਲਾਂ ਤੋਂ ਕਿਤੇ ਜ਼ਿਆਦਾ ਪ੍ਰਭਾਵੀ ਬਣਾ ਦਿੱਤਾ ਹੈ। ਕਿਸੇ ਵੀ ਵਿਸ਼ੇ ਨਾਲ ਜੁੜੇ ਸਵਾਲ-ਜਵਾਬ ਬਾਰੇ ਜਾਣਨ 'ਚ ਵਟਸਐਪ, ਫੇਸਬੁੱਕ ਵਰਗੇ ਸੋਸ਼ਲ ਮੀਡੀਆ ਪਲੇਟਫਾਰਮ ਤੁਹਾਡੀ ਮਦਦ ਕਰ ਸਕਦੇ ਹਨ।

### ਹੈਸ਼ਟੈਗ ਨਾਲ ਜੁੜਨ ਦੇ ਹਨ ਫ਼ਾਇਦੇ

ਕਲਾਸਰੂਮ 'ਚ ਕਿਸੇ ਵੀ ਸਮੱਸਿਆ ਨੂੰ ਲੈ ਕੇ ਆਪਣੇ ਦੋਸਤਾਂ ਨਾਲ ਗੱਲਬਾਤ ਹੋਵੇ ਜਾਂ ਉਨ੍ਹਾਂ ਦੀ ਰਾਇ ਜਾਣਨੀ ਹੋਵੇ ਤਾਂ ਸੋਸ਼ਲ ਮੀਡੀਆ 'ਤੇ ਹੈਸ਼ਟੈਗ ਅਤੇ ਗਰੁੱਪ ਬਣਾ ਕੇ ਇਕੋ ਸਮੇਂ ਸਾਰਿਆਂ ਨੂੰ ਜੋੜਿਆ ਜਾ ਸਕਦਾ ਹੈ। ਇਸ ਦੀ ਸਹਾਇਤਾ ਨਾਲ ਉਪਲਬਧ ਨੋਟਸ ਆਸਾਨੀ ਨਾਲ ਭੇਜੇ ਤੇ ਪ੍ਰਾਪਤ ਕੀਤੇ ਜਾ ਸਕਦੇ ਹਨ। ਘੱਟ ਸਮੇਂ 'ਚ ਸਾਰਿਆਂ ਨੂੰ ਕਿਸੇ ਗੱਲ ਦੀ ਸੂਚਨਾ ਦੇਣਾ ਅਤੇ ਪਤਾ ਕਰਨਾ ਵੀ ਗਰੁੱਪ ਅਤੇ ਹੈਸ਼ਟੈਗ ਦੀ ਸਹਾਇਤਾ ਨਾਲ ਆਸਾਨੀ ਨਾਲ ਕੀਤਾ ਜਾ ਸਕਦਾ ਹੈ। ਫੇਸਬੁੱਕ, ਇੰਸਟਾਗ੍ਰਾਮ ਤੇ ਹੈਸ਼ਟੈਗ ਅਤੇ ਗਰੁੱਪ ਦਾ ਇਸਤੇਮਾਲ ਹੁੰਦਾ ਹੈ।

### ਬਲੌਗਿੰਗ ਵੀ ਹੈ ਮਦਦਗਾਰ

ਸੋਸ਼ਲ ਮੀਡੀਆ 'ਤੇ ਵਿਅਕਤੀ ਨਾ ਸਿਰਫ਼ ਦੂਜਿਆਂ ਦੀਆਂ ਗੱਲਾਂ ਪੜ੍ਹ ਤੇ ਸੁਣ ਸਕਦਾ ਹੈ ਬਲਕਿ ਖ਼ੁਦ ਲਿਖ ਕੇ ਦੂਜਿਆਂ ਤਕ ਆਪਣੀ ਜਾਣਕਾਰੀ ਵੀ ਪਹੁੰਚਾ ਸਕਦਾ ਹੈ। ਇਸ ਪ੍ਰਕਿਰਿਆ ਨੂੰ ਬਲੌਗਿੰਗ ਕਹਿੰਦੇ ਹਨ। ਕਿਸੇ ਵਿਸ਼ੇ 'ਤੇ ਲਿਖ ਕੇ ਸਬੰਧਤ ਜਾਣਕਾਰੀ ਨੂੰ ਸੋਸ਼ਲ ਮੀਡੀਆ ਦੇ ਮਾਧਿਅਮ ਨਾਲ ਲੋਕਾਂ ਦੀ ਆਸਾਨੀ ਨਾਲ ਮਦਦ ਕੀਤੀ ਜਾ ਸਕਦੀ ਹੈ। ਰੋਜ਼ਾਨਾ ਬਲੌਗਿੰਗ ਕਰਨ ਨਾਲ ਤੁਹਾਨੂੰ ਇੰਟਰਨੈੱਟ 'ਤੇ ਪੜ੍ਹਨ ਵਾਲਿਆਂ ਦੀ ਮੰਗ ਵੀ ਲਗਾਤਾਰ ਵੱਧਦੀ ਜਾਵੇਗੀ, ਜਿਸ ਨਾਲ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ 'ਚ ਮਦਦ ਮਿਲੇਗੀ।

### ਪਰੇਸ਼ਾਨੀਆਂ ਦੂਰ ਕਰੇਗਾ ਵੀਡੀਓ ਲੈਕਚਰ

ਕਿਸੇ ਵਿਸ਼ੇ ਨਾਲ ਸਬੰਧਤ ਅਧਿਆਪਕ ਦੀ ਰਾਇ ਜਾਣਨ ਲਈ ਸੋਸ਼ਲ ਮੀਡੀਆ 'ਤੇ ਮੌਜੂਦ ਵੀਡੀਓ ਨੂੰ ਕਲਾਸਰੂਮ 'ਚ ਦਿਖਾਉਣ ਦਾ ਵੀ ਸਾਧਨ ਹੁੰਦਾ ਹੈ। ਇਸ 'ਚ ਲੈਕਚਰ ਦੇ ਨਾਲ-ਨਾਲ ਤਸਵੀਰਾਂ ਭਾਵ ਗ੍ਰਾਫਿਕਸ ਦੀ ਮਦਦ ਨਾਲ ਕਿਸੇ ਵੀ ਵਿਸ਼ੇ ਨੂੰ ਆਸਾਨੀ ਨਾਲ ਸਮਝਿਆ ਜਾ ਸਕਦਾ ਹੈ। ਕਿਸੇ ਕਲਾਸਰੂਮ ਦੇ ਰਿਕਾਰਡ ਲੈਕਚਰ ਨੂੰ ਕਿਤੇ ਵੀ ਕਿਸੇ ਵੀ ਸਮੇਂ ਦੇਖਿਆ ਜਾ ਸਕਦਾ ਹੈ। ਕਿਸੇ ਵਿਸ਼ੇ ਨਾਲ ਸਬੰਧਤ ਸਾਰੀਆਂ ਪਰੇਸ਼ਾਨੀਆਂ ਨੂੰ ਸਮਝਣ ਲਈ ਉਸ ਵਿਸ਼ੇ 'ਤੇ ਵੱਖ-ਵੱਖ ਮਾਹਿਰਾਂ ਦੇ ਵੀਡੀਓ ਲੈਕਚਰ ਵੀ ਦੇਖ ਸਕਦੇ ਹੋ।

### ਟਵਿੱਟਰ

ਘੱਟ ਸ਼ਬਦਾਂ 'ਚ ਜਵਾਬ ਦੇਣ ਲਈ ਟਵਿੱਟਰ ਕਾਫ਼ੀ ਪ੍ਰਸਿੱਧ ਰਿਹਾ ਹੈ ਪਰ ਹੁਣ ਇਸ 'ਚ ਹੈਸ਼ਟੈਗ ਦੀ ਗੱਲ ਆ ਜਾਂਦੀ ਹੈ। ਹੈਸ਼ਟੈਗ ਦੀ ਮਦਦ ਨਾਲ ਵਿਸ਼ੇ ਨਾਲ ਸਬੰਧਤ ਹਜ਼ਾਰਾਂ ਲੋਕਾਂ ਨੂੰ ਜੋੜਿਆ ਜਾ ਸਕਦਾ ਹੈ, ਜਿਸ 'ਚ ਵਿਦਿਆਰਥੀਆਂ ਦੇ ਨਾਲ ਅਧਿਆਪਕ ਵੀ ਸ਼ਾਮਲ ਹੁੰਦੇ ਹਨ। ਕਲਾਸਰੂਮ 'ਚ ਇਸ ਦੀ ਵਰਤੋਂ ਕਿਸੇ ਵਿਸ਼ੇ 'ਤੇ ਆਪਣੀ ਰਾਇ ਭੇਜਣ ਅਤੇ ਉਸ ਨੂੰ ਸ਼ੇਅਰ ਕਰਨ ਲਈ ਕੀਤੀ ਜਾ ਸਕਦੀ ਹੈ। ਇਸ ਦਾ ਫ਼ਾਇਦਾ ਇਹ ਵੀ ਹੈ ਅਧਿਆਪਕ ਘਰ ਬੈਠੇ ਵਿਦਿਆਰਥੀਆਂ ਦੁਆਰਾ ਦਿੱਤੇ ਜਾਣ ਵਾਲੇ ਜਵਾਬਾਂ ਨੂੰ ਦੇਖ ਸਕਦਾ ਹੈ।

### ਸਕਾਈਪ

ਹਰ ਅਧਿਆਪਕ ਦਾ ਪੜ੍ਹਾਉਣ ਦਾ ਤਰੀਕਾ ਵੱਖ ਹੁੰਦਾ ਹੈ। ਕਈ ਅਧਿਆਪਕ ਸਕਾਈਪ ਜ਼ਰੀਏ ਪੜ੍ਹਾਉਂਦੇ ਹਨ, ਜਿਸ ਨਾਲ ਤੁਸੀਂ ਜੁੜ ਕੇ ਉਨ੍ਹਾਂ ਦੇ ਲੈਕਚਰ ਸੁਣ ਸਕਦੇ ਹੋ। ਸਕਾਈਪ ਦੀ ਵਰਤੋਂ ਕਲਾਸਰੂਮ 'ਚ ਵਿਦਿਆਰਥੀਆਂ ਲਈ ਵੱਖ ਵੱਖ ਅਨੁਭਵ ਸਾਬਿਤ ਹੋ ਸਕਦਾ ਹੈ। ਕਿਸੇ ਵਿਸ਼ੇ 'ਤੇ ਸਮੱਸਿਆ ਦੇ ਹੱਲ ਲਈ ਇਸ ਦੀ ਵਰਤੋਂ ਵਧੀਆ ਰਹਿੰਦੀ ਹੈ। •

## ਐਪ ਕਰਦੇ ਹਨ ਸਹਾਇਤਾ

*ਸੋਸ਼ਲ ਮੀਡੀਆ ਦੇ ਕਈ ਐਪ ਅਤੇ ਵੈੱਬਸਾਈਟ ਆਨਲਾਈਨ ਲਰਨਿੰਗ ਟੂਲਜ਼ ਨਾਲ ਵਿਦਿਆਰਥੀਆਂ ਲਈ ਮਦਦਗਾਰ ਹਨ। ਆਓ ਜਾਣੀਏ ਇਨ੍ਹਾਂ ਐਪ ਬਾਰੇ...*

### ਯੂ-ਟਿਊਬ ਚੈੱਨਲ

ਕਿਸੇ ਵੀ ਵਿਸ਼ੇ 'ਚ ਵੀਡੀਓ ਨਾਲ ਜਾਣਨਾ ਅਤੇ ਸਮਝਣਾ ਹੋਵੇ ਤਾਂ ਸਭ ਤੋਂ ਪ੍ਰਸਿੱਧ ਮਾਧਿਅਮ ਦੇ ਤੌਰ 'ਤੇ ਸਾਡੇ ਸਾਹਮਣੇ ਯੂ-ਟਿਊਬ ਹੀ ਆਉਂਦੀ ਹੈ। ਯੂ-ਟਿਊਬ 'ਤੇ ਕਈ ਅਜਿਹੇ ਚੈੱਨਲ ਹੁੰਦੇ ਹਨ , ਜੋ ਸਬੰਧਤ ਵਿਸ਼ੇ ਜਿਵੇਂ ਗਣਿਤ, ਅੰਗਰੇਜ਼ੀ, ਵਿਗਿਆਨ ਆਦਿ 'ਤੇ ਕੇਂਦਰਿਤ ਹੁੰਦੇ ਹਨ। ਕਲਾਸਰੂਮ 'ਚ ਅਜਿਹੇ ਚੈੱਨਲਾਂ ਦੇ ਵੀਡੀਓ ਨਾਲ ਸਹਾਇਤਾ ਲਈ ਜਾ ਸਕਦੀ ਹੈ।

### ਫੇਸਬੁੱਕ

ਅੱਜਕੱਲ੍ਹ ਜ਼ਿਆਦਾਤਰ ਨੌਜਵਾਨ ਫੇਸਬੁੱਕ ਅਤੇ ਟਵਿੱਟਰ ਵਰਗੇ ਸੋਸ਼ਲ ਮੀਡੀਆ ਨਾਲ ਜੁੜ ਰਹੇ ਹਨ। ਫੇਸਬੁੱਕ 'ਤੇ ਲਾਈਵ ਵੀਡੀਓ ਸਟ੍ਰੀਮਿੰਗ ਦੀ ਸੁਵਿਧਾ ਇਸ ਨੂੰ ਕਾਫ਼ੀ ਪ੍ਰਭਾਵੀ ਬਣਾ ਦਿੱਤੀ ਹੈ। ਫੇਸਬੁੱਕ 'ਤੇ ਗਰੁੱਪ ਜਾਂ ਫੇਸਬੁੱਕ ਪੇਜ਼ ਬਣਾ ਕੇ ਗਰੁੱਪ ਸਟੱਡੀ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਲਾਈਵ ਵੀਡੀਓ ਦੇ ਮਾਧਿਅਮ ਨਾਲ ਕਿਸੇ ਵਿਸ਼ੇ 'ਤੇ ਚਰਚਾ ਕੀਤੀ ਜਾ ਸਕਦੀ ਹੈ। ਕਲਾਸਰੂਮ 'ਚ ਫੇਸਬੁੱਕ ਦੀ ਵਰਤੋਂ ਨਾਲ ਘਰ ਬੈਠੇ ਵਿਦਿਆਰਥੀ ਵੀ ਵਿਸ਼ਿਆਂ ਨੂੰ ਆਸਾਨੀ ਨਾਲ ਸਮਝ ਸਕਦਾ ਹੈ।

### ਲਰਨਿੰਗ 'ਚ ਕਿਉਂ ਖ਼ਾਸ ਹੈ ਸੋਸ਼ਲ ਮੀਡੀਆ

*ਸੋਸ਼ਲ ਮੀਡੀਆ 'ਤੇ ਮੌਜੂਦ ਸਵਾਲਾਂ ਦਾ ਉੱਤਰ ਦੇਣ ਲਈ ਨਾ ਸਿਰਫ਼ ਭਾਰਤੀ ਸਿੱਖਿਅਕ ਜਾਂ ਵਿਦਿਆਰਥੀ ਮੌਜੂਦ ਹਨ, ਜਦਕਿ ਵੱਡੀ ਸੰਖਿਆ 'ਚ ਵਿਦੇਸ਼ੀ ਵੀ ਤੁਹਾਡੀ ਮਦਦ ਕਰ ਸਕਦੇ ਹਨ। ਇੱਥੇ ਮੌਜੂਦ ਲੋਕਾਂ ਦੀ ਮਦਦ ਨਾਲ ਤੁਸੀਂ ਆਪਣੇ ਕਿਸੇ ਵੀ ਇਕ ਵਿਸ਼ੇ ਨੂੰ ਕਈ ਆਸਾਨ ਤਰੀਕਿਆਂ ਨਾਲ ਸਮਝ ਸਕਦੇ ਹੋ। ਇਸ 'ਚ ਮੌਜੂਦ ਵਿਸ਼ਿਆਂ ਨੂੰ ਤੁਸੀਂ ਨਾ ਸਿਰਫ਼ ਵਾਰ-ਵਾਰ ਪੜ੍ਹ ਸਕਦੇ ਹੋ, ਜਦਕਿ ਆਪਣੇ ਸਵਾਲਾਂ ਨੂੰ ਲਿਖ ਕੇ ਜਵਾਬ ਵੀ ਆਸਾਨੀ ਨਾਲ ਹਾਸਲ ਕਰ ਸਕਦੇ ਹੋ।*



## ਫੇਸਬੁੱਕ ਨੇ ਕਿਹਾ ਖ਼ਤਰਨਾਕ ਹੈ ਸੋਸ਼ਲ ਮੀਡੀਆ ਦਾ ਇਸਤੇਮਾਲ

*ਸੋਸ਼ਲ ਮੀਡੀਆ ਦੀ ਵੱਧਦੀ ਵਰਤੋਂ ਤੇ ਇਸ ਦੇ ਹੋਣ ਵਾਲੇ ਨੁਕਸਾਨ ਨੂੰ ਲੈ ਕੇ ਮਾਹਿਰਾਂ ਨੇ ਪਹਿਲਾਂ ਤੋਂ ਹੀ ਲੋਕਾਂ ਨੂੰ ਇਸ ਤੋਂ ਦੂਰ ਰਹਿਣ ਦੀ ਚਿਤਾਵਨੀ ਦੇ ਦਿੱਤੀ ਹੈ। ਹੁਣ ਖ਼ੁਦ ਫੇਸਬੁੱਕ ਨੇ ਵੀ ਸਵੀਕਾਰ ਕੀਤਾ ਹੈ ਕਿ ਸੋਸ਼ਲ ਮੀਡੀਆ 'ਤੇ ਜ਼ਿਆਦਾ ਸਮਾਂ ਬਿਤਾਉਣ ਨਾਲ ਯੂਜ਼ਰਸ 'ਤੇ ਖ਼ਤਰਨਾਕ ਅਸਰ ਪੈਂਦਾ ਹੈ। ਫੇਸਬੁੱਕ ਦੇ ਪੂਰਵ ਅਸਿਸਟੈਂਟ ਪ੍ਰੈਸੀਡੈਂਟ ਸ਼ਾਨ ਪਾਰਕਰ ਨੇ ਇਹ ਵੀ ਮੰਨਿਆ ਹੈ ਕਿ ਸੋਸ਼ਲ ਮੀਡੀਆ ਯੂਜ਼ਰਜ਼ ਦਾ ਸ਼ੋਸ਼ਣ ਕਰ ਰਿਹਾ ਹੈ। ਇਸ 'ਤੇ ਆਉਣ ਵਾਲੇ ਕਮੈਂਟ ਲੋਕਾਂ ਨੂੰ ਪਰੇਸ਼ਾਨ ਕਰਦੇ ਹਨ। ਪਾਰਕਰ ਤੋਂ ਬਾਅਦ ਫੇਸਬੁੱਕ ਦੇ ਪੂਰਵ ਕਰਮਚਾਰੀ ਚਮਥ ਪਾਲਿਹਪਤੀਆ ਨੇ ਵੀ ਕਿਹਾ ਕਿ ਸੋਸ਼ਲ ਮੀਡੀਆ ਨੈੱਟਵਰਕ ਸੋਸਾਇਟੀ ਨੂੰ ਬਰਬਾਦ ਕਰ ਰਿਹਾ ਹੈ। ਫੇਸਬੁੱਕ ਨੇ ਇਕ ਬਲਾਗ ਪੋਸਟ ਜ਼ਰੀਏ ਇਨ੍ਹਾਂ ਆਲੋਚਨਾਵਾਂ ਦਾ ਜਵਾਬ ਦਿੱਤਾ। ਫੇਸਬੁੱਕ ਨੇ ਬਲਾਗ ਪੋਸਟ 'ਚ ਸਵੀਕਾਰ ਕੀਤਾ ਕਿ ਸੋਸ਼ਲ ਮੀਡੀਆ ਯੂਜ਼ਰਜ਼ ਦੀ ਮੈਂਟਲ ਹੈਲਥ ਨੂੰ ਪ੍ਰਭਾਵਿਤ ਕਰ ਸਕਦਾ ਹੈ। ਫੇਸਬੁੱਕ ਨੇ ਲਿਖਿਆ ਇੰਟਰਨੈੱਟ ਨੇ ਲੋਕਾਂ ਦੀ ਸਮਾਜਿਕਤਾ ਨੂੰ ਖ਼ਤਮ ਕੀਤਾ ਹੈ। ਹਾਲਾਂਕਿ ਫੇਸਬੁੱਕ ਨੇ ਕਿਹਾ ਕਿ ਸੋਸ਼ਲ ਮੀਡੀਆ ਦੇ ਕਈ ਸਾਕਾਰਾਤਮਿਕ ਪਹਿਲੂ ਵੀ ਹਨ। ਫੇਸਬੁੱਕ ਨੇ ਇਹ ਵੀ ਕਿਹਾ ਕਿ ਜੇ ਸੋਸ਼ਲ ਮੀਡੀਆ 'ਤੇ ਯੂਜ਼ਰਜ਼ ਨੂੰ ਲਗਾਤਾਰ ਸੂਚਨਾਵਾਂ ਦਿੱਤੀਆਂ ਜਾਣ ਅਤੇ ਉਸ ਨੂੰ ਪੜ੍ਹਣ ਲਈ ਕਿਹਾ ਜਾਵੇ। ਫੇਸਬੁੱਕ ਨੇ ਮਿਸ਼ਿਗਨ ਯੂਨੀਵਰਸਿਟੀ ਦੇ ਵਿਦਿਆਰਥੀਆਂ 'ਤੇ ਹੋਈ ਖੋਜ ਦੇ ਸਬੂਤ ਦਿੱਤੇ ਹਨ। ਸੈਨ ਡਿਏਗੋ ਅਤੇ ਯੇਲ ਯੂਨੀਵਰਸਿਟੀ ਦੀ ਖੋਜ ਦਾ ਕਹਿਣਾ ਹੈ ਕਿ ਜੇ ਕੋਈ ਵਿਅਕਤੀ ਕਿਸੇ ਲਿੰਕ 'ਤੇ ਸਾਧਾਰਨ ਤੋਂ ਚਾਰ ਗੁਣਾ ਜ਼ਿਆਦਾ ਲਾਈਕ ਕਰਦਾ ਹੈ, ਤਾਂ ਉਸ ਦੇ ਮਾਨਸਿਕ ਸਿਹਤ 'ਤੇ ਵੀ ਪ੍ਰਭਾਵ ਪੈਂਦਾ ਹੈ। ਸੋਸ਼ਲ ਮੀਡੀਆ ਸਮਾਂ ਬਿਤਾਉਣ ਲਈ ਨਹੀਂ ਸੋਸ਼ਲ ਇੰਟਰੈਕਸ਼ਨ ਲਈ ਹੈ।*

## ਨੌਕਰੀਆਂ

**ਇੰਡੀਅਨ ਬੈਂਕ**
ਅਹੁਦਾ- **ਸਪੈਸ਼ਲਿਸਟ ਅਫ਼ਸਰ**
ਅਸਾਮੀਆਂ - 145
ਆਖ਼ਰੀ ਤਰੀਕ : **2 ਮਈ 2018**
http://www.indianbank.in

**ਏਅਰ ਇੰਡੀਆ ਲਿ.**
ਅਹੁਦਾ- **ਕੈਬਿਨ ਕਰੂ**
ਅਸਾਮੀਆਂ- 295
ਆਖ਼ਰੀ ਤਰੀਕ- **2 ਮਈ 2018**
www.airindia.in

**ਯੂਪੀਐੱਸਸੀ**
ਅਹੁਦਾ- **ਮੈਨੇਜਰ, ਸਪੈਸ਼ਲਿਸਟ**
ਅਸਾਮੀਆਂ- 120
ਆਖ਼ਰੀ ਤਰੀਕ- **3 ਮਈ 2018**
www.upsc.gov.in

**ਰਾਈਟਸ ਲਿ.**
ਅਹੁਦਾ- **ਐਡਿਸ਼ਨਲ ਜਨਰਲ ਮੈਨੇਜਰ, ਜੁਆਂਇਟ ਜਨਰਲ ਮੈਨੇਜਰ, ਡਿਪਟੀ ਜਨਰਲ ਮੈਨੇਜਰ, ਮੈਨੇਜਰ, ਸਾਈਟ ਇੰਜਨੀਅਰ**
ਅਸਾਮੀਆਂ- 38
ਆਖ਼ਰੀ ਤਰੀਕ - **3 ਮਈ 2018**
http://ritesltd.com

**ਐੱਮਪੀ ਰਾਜ ਸਹਿਕਾਰੀ ਬੈਂਕ**
ਅਹੁਦਾ- **ਮੈਨੇਜਰ, ਅਸਿਸਟੈਂਟ ਮੈਨੇਜਰ ਆਦਿ**
ਅਸਾਮੀਆਂ- 22
ਆਖ਼ਰੀ ਤਰੀਕ- **4 ਮਈ 2018**
www.apexbank.in

**ਨੈਸ਼ਨਲ ਸੀਡਜ਼ ਕਾਰਪੋਰੇਸ਼ਨ ਆਫ਼ ਇੰਡੀਆ**
ਅਹੁਦਾ- **ਮੈਨੇਜਮੈਂਟ ਟ੍ਰੇਨੀ, ਸੀਨੀਅਰ ਟ੍ਰੇਨੀ, ਡਿਪਲੋਮਾ ਟ੍ਰੇਨੀ, ਟ੍ਰੇਨੀ, ਟ੍ਰੇਨੀ ਮੇਟ**
ਅਸਾਮੀਆਂ- 258
ਆਖ਼ਰੀ ਤਰੀਕ- **5 ਮਈ 2018**
www.indiaseeds.com

**ਐੱਸਈਸੀਐੱਲ**
ਅਹੁਦਾ- **ਟ੍ਰੇਡ ਅਪ੍ਰੇਂਟਿਸ**
ਅਸਾਮੀਆਂ- 672
ਆਖ਼ਰੀ ਤਰੀਕ- **7 ਮਈ 2018**
www.secl.gov.in

**ਨੈਸ਼ਨਲ ਇੰਸਟੀਚਿਊਟ ਆਫ਼ ਮੈਂਟਲ ਹੈਲਥ ਐਂਡ ਨਿਊਰੋ ਸਾਇੰਸਿਜ**
ਅਹੁਦਾ- **ਸਟਾਫ਼ ਨਰਸ**
ਅਸਾਮੀਆਂ- 160
ਆਖ਼ਰੀ ਤਰੀਕ- **10 ਮਈ 2018**
www.nimhans.ac.in

# ਕਾਲਜ ਜਾਣ ਵਾਲੇ ਨਵੇਂ ਵਿਦਿਆਰਥੀ ਰਹਿਣ ਸੁਚੇਤ

• **ਦੇਵ ਕੁਰਾਈਵਾਲਾ**
9417343452

ਬਾਰ੍ਹਵੀਂ ਕਲਾਸ ਦੇ ਨਤੀਜੇ ਆ ਚੁੱਕੇ ਨੇ ਤੇ ਪਾਸ ਹੋਏ ਵਿਦਿਆਰਥੀ ਆਪਣੇ ਭਵਿੱਖ ਲਈ ਹੁਣ ਯੂਨੀਵਰਸਿਟੀਆਂ ਤੇ ਕਾਲਜਾਂ ਵੱਲ ਆਪਣੇ ਕਾਫਲੇ ਤੋਰਨਗੇ। ਕੁਝ ਆਪਣੇ ਡੇਰੇ ਹੋਸਟਲਾਂ ਵਿਚ ਕੁਝ ਪੀ.ਜੀ 'ਚ ਤੇ ਕੁਝ ਰੋਜ਼ਾਨਾ ਆਉਣ ਜਾਣ ਵਾਲੇ ਹੋਣਗੇ। ਜਦ ਅਸੀਂ ਘਰਾਂ 'ਚੋਂ ਹੋਸਟਲਾਂ ਨੂੰ ਜਾਂਦੇ ਹਾਂ ਤਾਂ ਸਾਡੇ ਬੈਗਾਂ ਵਿਚ ਕੱਪੜੇ ਹੁੰਦੇ ਨੇ ਤੇ ਜਦ ਪੰਜ ਸੱਤ ਸਾਲਾਂ ਬਾਅਦ ਵਾਪਸ ਆਉਂਦੇ ਹਾਂ ਤਾਂ ਬੈਗਾਂ ਵਿਚ ਸਾਡੇ ਤਜਰਬੇ ਤੇ ਕੀਤੀ ਮਿਹਨਤ ਦਾ ਹਿਸਾਬ ਕਿਤਾਬ ਹੁੰਦਾ ਹੈ। ਜਦ ਅਸੀਂ ਸਕੂਲਾਂ ਤੋਂ ਨਿਕਲ ਕੇ ਉਚੇਰੀ ਵਿੱਦਿਆ ਲਈ ਕਾਲਜਾਂ ਯੂਨੀਵਰਸਿਟੀਆਂ ਵਿਚ ਪੜ੍ਹਨ ਜਾਂਦੇ ਹਾਂ ਤਾਂ ਸਾਡੀ ਜ਼ਿੰਦਗੀ ਦਾ ਸੰਘਰਸ਼ ਅਸਲ 'ਚ ਇੱਥੋਂ ਸ਼ੁਰੂ ਹੁੰਦਾ ਹੈ। ਸਾਡੀਆਂ ਮੰਜ਼ਿਲਾਂ ਦੇ ਦਿਸ਼ਾ-ਨਿਰਦੇਸ਼ ਤੇ ਸਾਡੇ ਗਿਆਨ ਨਾਲ ਉਸਰਨ ਵਾਲੀਆਂ ਇਮਾਰਤਾਂ ਦੀਆਂ ਨੀਹਾਂ ਇਸ ਸਮੇ ਵਿਚ ਹੀ ਬੱਜਦੀਆਂ ਨੇ।

ਇਹ ਦਿਨ ਜਿੰਨੇ ਖ਼ੁਸ਼ੀ ਭਰੇ ਹੁੰਦੇ ਨੇ ਉਹਨੇ ਹੀ ਜ਼ਿਆਦਾ ਗੁੰਝਲਦਾਰ ਵੀ ਹੁੰਦੇ ਨੇ। ਕਈ ਸ਼ਿਕਾਰੀ ਹੋਸਟਲਾਂ ਅਤੇ ਪੀ. ਜੀ ਵਿਚ ਬੈਠੇ ਸਾਨੂੰ ਉਡੀਕ ਰਹੇ ਹੁੰਦੇ ਨੇ ਕਿ ਕਦ ਕੋਈ ਨਵਾਂ ਸਾਥੀ ਕਮਰੇ ਵਿਚ ਆਏ ਤੇ ਅਸੀਂ ਆਪਣਾ ਖ਼ਰਚਾ ਉਸ ਦੇ ਸਿਰ 'ਤੋਂ ਕੱਢੀਏ। ਇਹ ਲੋਕ ਪਹਿਲਾਂ ਤੁਹਾਨੂੰ ਬੜੇ ਪਿਆਰ ਤੇ ਚਾਅ ਨਾਲ ਜੱਫੀਆ ਪਾ ਮਿਲਣਗੇ ਫਿਰ ਸ਼ਹਿਰ ਘੁਮਾਉਣਗੇ ਤੇ ਕਹਿਣਗੇ 'ਆਜਾ ਬਾਈ ਤੈਨੂੰ ਸ਼ਹਿਰ ਦੀ ਹਵਾ ਦੇ ਭੇਤੀ ਕਰ ਦੇਈਏ'। ਅਸਲ ਵਿਚ ਇਹ ਉਹ ਲੋਕ ਹੁੰਦੇ ਨੇ ਜੋ ਨਾ ਤਾਂ ਆਪ ਕੁਝ ਕਰਦੇ ਨੇ ਨਾ ਕਿਸੇ ਨੂੰ ਕਰਨ ਦਿੰਦੇ ਨੇ। ਇਹ ਤੁਹਾਡੇ ਨਾਲ ਯਾਰੀ ਪਾਉਣਗੇ, ਹੌਲੀ-ਹੌਲੀ ਯਾਰੀਆਂ ਦਾ ਵਾਸਤਾ ਦੇ ਕੇ ਤੁਹਾਡੇ ਮੂੰਹ ਵਿਚ ਸਿਗਰਟ ਤੇ ਸ਼ਰਾਬ ਪਾਉਣਗੇ। ਇਹ ਸਿਗਰਟਾਂ, ਸ਼ਰਾਬਾਂ ਅੱਗੇ ਜਾ ਕੇ ਸਮੈਕ, ਟੀਕੇ, ਚਿੱਟੇ ਦਾ ਰੂਪ ਲੈਂਦੇ ਨੇ ਫਿਰ ਸ਼ਹਿਰ ਦੇ ਪੱਬਾਂ ਕਲੱਬਾਂ ਤੇ ਹੋਰ ਬਦਨਾਮ ਥਾਂਵਾਂ ਦਾ ਭੇਤੀ ਕਰਾਉਣਗੇ। ਇਨ੍ਹਾਂ ਦਾ ਇਕ ਹੀ ਡਾਇਲਾਗ ਹੁੰਦਾ ਹੈ ਕਿ 'ਏਹੀ ਦਿਨ ਨੇ ਐਸ਼ ਕਰਨ ਦੇ'। ਸਮਾਂ ਕਦੇ ਕਿਸੇ ਦੀ ਰੁਕ ਕੇ ਉਡੀਕ ਨਹੀਂ ਕਰਦਾ। ਅਸਲ ਵਿਚ ਇਹ ਲੋਕ ਤੁਹਾਨੂੰ ਆਪਣੇ ਲਈ ਵਰਤਦੇ ਹਨ। ਜਦ ਤੱਕ ਤੁਸੀਂ ਨਵੇਂ ਮਾਹੌਲ ਦੇ ਭੇਤੀ ਹੁੰਦੇ ਹੋ ਉਸ ਸਮੇਂ ਤਕ ਇਹ ਤੁਹਾਨੂੰ ਕੁਝ ਬੁਰੀਆਂ ਆਦਤਾਂ ਦੇ ਆਦੀ ਕਰ ਦਿੰਦੇ ਨੇ। ਇਹ ਆਦਤਾਂ ਅੱਗੇ ਜਾ ਕੇ ਤੁਹਾਡਾ ਭਵਿੱਖ ਖਤਮ ਕਰ ਦਿੰਦੀਆਂ ਹਨ। ਇੱਥੋਂ ਤਕ ਕਿ ਤੁਹਾਡੀ ਹਰ ਚੀਜ਼ ਇਹ ਪਾਉਂਦੇ ਹਨ। ਕਦੇ ਪੈਂਟ ਮੰਗ ਲਈ ਕਦੇ ਸ਼ਰਟ ਮੰਗ ਲਈ ਕਦੇ ਬੂਟ ਤੇ ਕਦੇ ਕੁਝ ਹੋਰ।

ਜਦ ਤੁਸੀਂ ਨਵੇਂ-ਨਵੇਂ ਕਾਲਜਾਂ ਜਾਂ ਯੂਨੀਵਰਸਿਟੀਆਂ ਵਿਚ ਜਾਵੋਗੇ ਤਾਂ ਕਿਸੇ ਵੀ ਇਨਸਾਨ ਨੂੰ ਚੰਗੀ ਤਰ੍ਹਾਂ ਜਾਣੇ ਬਿਨਾਂ ਉਸ ਨਾਲ ਕਦੇ ਦੋਸਤੀ ਨਹੀਂ ਕਰਨੀ ਚਾਹੀਦੀ। ਤੁਸੀਂ ਜਿਸ ਇਨਸਾਨ ਨਾਲ ਕਮਰਾ ਸਾਂਝਾ ਕਰ ਰਹੇ ਹੁੰਦੇ ਹੋ ਉਸਦਾ ਤੁਹਾਡੀ ਸੋਚ 'ਤੇ ਬਹੁਤ ਅਸਰ ਪੈਂਦਾ ਹੈ। ਜੇ ਤੁਹਾਨੂੰ ਲਗਦਾ ਹੈ ਕਿ ਤੁਹਾਡੇ ਨਾਲ ਕਮਰਾ ਸਾਂਝਾ ਕਰ ਰਿਹਾ ਵਿਦਿਆਰਥੀ ਵਧੀਆ ਨਹੀ ਹੈ ਤਾਂ ਹੋਸਟਲ ਵਾਰਡਨ ਨੂੰ ਮਿਲ ਕੇ ਆਪਣੀ ਮੁਸ਼ਕਿਲ ਦੱਸੋ ਤੇ ਕਮਰਾ ਬਦਲੋ।

ਕੋਈ ਵੀ ਇਨਸਾਨ ਹਮੇਸ਼ਾ ਉਹੀ ਕੁਝ ਬਾਹਰ ਕੱਢਦਾ ਹੈ ਜੋ ਉਹ ਗ੍ਰਹਿਣ ਕਰਦਾ ਹੈ। ਹਮੇਸ਼ਾ ਵਧੀਆ ਵਿਚਾਰ ਗ੍ਰਹਿਣ ਕਰੋ, ਵਧੀਆ ਕਿਤਾਬਾਂ ਪੜ੍ਹੋ, ਲਾਇਬਰੇਰੀ ਜਾਣ ਦੀ ਆਦਤ ਪਾਓ। ਯੂਨੀਵਰਸਿਟੀਆਂ ਤੇ ਕਾਲਜਾਂ ਵਿਚ ਜਦ ਅਸੀ ਨਾਂ ਦਾਖ਼ਲ ਕਰਵਾਉਂਦੇ ਹਾਂ ਤਾਂ ਸਾਡਾ ਦਾਖ਼ਲਾ ਇਕ ਵਿਦਿਆਰਥੀ ਵਜੋਂ ਹੁੰਦਾ ਹੈ ਪਰ ਜਦ ਅਸੀਂ ਇੱਥੋਂ ਪਾਸ ਆਊਟ ਹੋ ਕੇ ਨਿਕਲਦੇ ਹਾਂ ਤਾਂ ਅਸੀਂ ਕੁਝ ਕਮਾਇਆ ਜ਼ਰੂਰ ਹੁੰਦਾ ਹੈ ਤੇ ਆਪਣੀ ਵੱਖਰੀ ਪਛਾਣ ਬਣਾਈ ਹੁੰਦੀ ਹੈ। ਆਪਣੇ ਦੋਸਤ ਉਹੀ ਚੁਣੋ ਜੋ ਆਪਣੀ ਜ਼ਿੰਦਗੀ ਲਈ ਗੰਭੀਰ ਹੋਣ। ਇਸ ਉਮਰ ਵਿਚ ਹੱਦੋਂ ਵੱਧ ਲਏ ਗਏ ਨਜ਼ਾਰੇ ਸਾਡੀ ਸਾਰੀ ਜ਼ਿੰਦਗੀ ਖ਼ਰਾਬ ਕਰ ਦਿੰਦੇ ਹਨ। ਇਸ ਲਈ ਇਹੋ ਜਿਹੀਆਂ ਗ਼ਲਤੀਆਂ ਦਾ ਤੁਹਾਨੂੰ ਹਮੇਸ਼ਾ ਧਿਆਨ ਰੱਖਣਾ ਚਾਹੀਦਾ ਹੈ। ਵਿੱਦਿਅਕ ਸੰਸਥਾਵਾਂ ਨੂੰ ਸਵਾਰਥੀ ਲੀਡਰਾਂ ਨੇ ਰਾਜਨੀਤੀ ਦੇ ਅੱਡੇ ਬਣਾਇਆ ਹੋਇਆ ਹੈ। ਇਹ ਰਾਜਨੀਤਿਕ ਗਿਲੇ ਹੀ ਅੱਗੇ ਜਾ ਕੇ ਨਿੱਜੀ ਦੁਸ਼ਮਣੀਆਂ ਵਿਚ ਬਦਲਦੇ ਨੇ ਤੇ ਇਹੀ ਫਿਰ ਗੈਂਗਵਾਰ ਤੇ ਗੈਂਗਸਟਰਾਂ ਵਿਚ ਬਦਲਦੇ ਨੇ। ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਪ੍ਰਧਾਨਗੀ ਪ੍ਰਥਾ ਬਹੁਤ ਵਿਦਿਆਰਥੀਆਂ ਦੇ ਭਵਿੱਖ ਦਾ ਕਤਲ ਕਰਦੀ ਹੈ। ਹੋ ਸਕੇ ਤਾਂ ਲੀਡਰਾਂ ਦੀ ਕਠਪੁੱਤਲੀ ਬਣਨ ਤੋਂ ਬਚੋ ਤੇ ਸਿਰਫ਼ ਆਪਣੀ ਪੜ੍ਹਾਈ ਵੱਲ ਧਿਆਨ ਦਿਓ। ਤੁਹਾਡੀ ਨਜ਼ਰ ਤੁਹਾਡੇ ਮਿੱਥੇ ਹੋਏ ਨਿਸ਼ਾਨੇ 'ਤੇ ਹੋਣੀ ਚਾਹੀਦੀ ਹੈ। ਇਹ ਪ੍ਰਧਾਨਗੀਆਂ ਸਿਰਫ਼ ਇਕ ਫੋਕੀ ਵਾਹ-ਵਾਹ ਤੋਂ ਬਿਨਾਂ ਕੁਝ ਨਹੀਂ ਹੁੰਦੀਆਂ। ਇਹ ਫੋਕੇ ਬਾਂਸ ਦੀ ਤਰ੍ਹਾਂ ਬਾਹਰੋਂ ਸੋਹਣੀਆਂ ਤੇ ਅੰਦਰੋ ਖੋਖਲੀਆਂ ਹੁੰਦੀਆਂ ਨੇ।

ਰੋਜ਼ਾਨਾਂ ਆਉਣ ਜਾਣ ਵਾਲੇ ਵਿਦਿਆਰਥੀ ਜੋ ਬੱਸਾਂ ਰਾਹੀਂ ਸਫ਼ਰ ਕਰਦੇ ਨੇ ਖ਼ਾਸ ਕਰਕੇ ਮੁੰਡੇ ਉਨ੍ਹਾਂ ਦਾ ਟਿਕਟ ਨੂੰ ਲੈ ਕੇ ਅਕਸਰ ਬੱਸ ਵਾਲੇ ਨਾਲ ਝਗੜਾ ਹੁੰਦਾ ਰਹਿੰਦਾ ਹੈ।



ਜੇ ਦੇਖਿਆ ਜਾਵੇ ਤਾਂ ਇਹ ਟਿਕਟ ਦੱਸ ਜਾਂ ਵੀਹ ਰੁਪਏ ਹੁੰਦੀ ਹੈ ਪਰ ਇੱਥੇ ਸ਼ੁਰੂ ਹੋਇਆ ਝਗੜਾ ਕਈ ਵਾਰ ਦਸ ਵੀਹ ਹਜ਼ਾਰ ਰੁਪਈਏ ਲਵਾ ਦਿੰਦਾ ਹੈ। ਇਸਤੋਂ ਇਲਾਵਾ ਸਮੇਂ ਦਾ ਜੋ ਨੁਕਸਾਨ ਹੁੰਦਾ ਹੈ ਉਹ ਵੱਖਰਾ। ਜੇ ਇਸ ਝਗੜੇ ਕਾਰਨ ਸਾਡੇ ਖਿਲਾਫ਼ ਕੋਈ ਕਾਨੂੰਨੀ ਕਾਰਵਾਈ ਹੋ ਜਾਵੇ ਤਾਂ ਹੋ ਸਕਦਾ ਤੁਹਾਡਾ ਸਾਰਾ ਭਵਿੱਖ ਹੀ ਖਤਮ ਹੋ ਜਾਵੇ।

ਇਸਤੋਂ ਇਲਾਵਾ ਕੁੜੀਆਂ ਨੂੰ ਵੀ ਹੋਸਟਲ ਜਾਂ ਪੀ.ਜੀ 'ਚ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾਂ ਦਾ ਰਹਿਣ-ਸਹਿਣ ਮੁੰਡਿਆ ਤੋਂ ਅਲੱਗ ਹੁੰਦਾ ਹੈ। ਉਹ ਆਪਣੇ ਖ਼ਰਚੇ, ਪੜ੍ਹਾਈ ਤੇ ਦੋਸਤੀ ਆਦਿ ਨੂੰ ਬਹੁਤ ਵਧੀਆ ਤਰੀਕੇ ਨਾਲ ਨਿਭਾਉਂਦੀਆਂ ਹਨ। ਮੁੰਡਿਆਂ ਵਿਚ ਬੈਠਣਾ ਕੋਈ ਗ਼ਲਤ ਨਹੀਂ ਸਗੋਂ ਇਨ੍ਹਾਂ ਨਾਲ ਆਪਣੇ ਵਿਚਾਰ-ਵਟਾਂਦਰੇ ਕਾਰਨ ਤੁਸੀਂ ਮਰਦ ਸਮਾਜ ਤੇ ਸੋਚ ਨੂੰ ਸਮਝ ਸਕੋਗੀਆਂ। ਇਸ ਤੋਂ ਇਲਾਵਾ ਕਿਸੇ 'ਤੇ ਵੀ ਹੱਦੋਂ ਵੱਧ ਇਤਬਾਰ ਨਾ ਕਰੋ। ਤੁਹਾਡੀ ਦੋਸਤੀ ਦੇ ਦਾਇਰੇ ਵਿਚ ਜੋ ਵੀ ਮੁੰਡੇ ਨੇ ਆਪਣੇ ਪਰਿਵਾਰ ਨੂੰ ਉਨ੍ਹਾਂ ਨਾਲ ਜ਼ਰੂਰ ਮਿਲਵਾਉ ਤੇ ਮਿਲਵਾਉਂਦੇ ਰਹੋ। ਆਪਣੀ ਦੋਸਤੀ ਕੁਝ ਸੀਮਿਤ ਕੁੜੀਆ ਨਾਲ ਹੀ ਰੱਖੋ। ਮੋਬਾਈਲ ਨੰਬਰ ਹਰ ਇਕ ਦੋਸਤ ਨੂੰ ਨਾ ਦਿਓ। ਜੇ ਕੋਈ ਮੁੰਡਾ ਤੁਹਾਨੂੰ ਪਿਆਰ ਦੇ ਨਾਂ 'ਤੇ ਜਜ਼ਬਾਤੀ ਕਰਦਾ ਹੈ ਤਾਂ ਜ਼ਰਾ ਸੰਭਲ ਕੇ ਫ਼ੈਸਲਾ ਲਓ। ਇਸ ਉਮਰ ਅਸੀਂ ਕਿਸੇ ਤੋਂ ਜਲਦੀ ਪ੍ਰਭਾਵਿਤ ਹੋ ਸਕਦੇ ਹਾਂ । ਪਿਆਰ ਸ਼ਬਦ ਬਹੁਤ ਵਿਸ਼ਾਲ ਹੈ ਇਸਦੀ ਸਮਝ ਇਨ੍ਹਾਂ ਸਾਲਾਂ ਵਿਚ ਨਹੀਂ ਹੁੰਦੀ। ਸੋ ਇਨ੍ਹਾਂ ਸਾਰੀਆਂ ਗੱਲਾਂ ਤੋਂ ਹੱਟ ਕੇ ਆਪਣੇ ਪੜ੍ਹਾਈ 'ਤੇ ਧਿਆਨ ਦਿਓ।

ਮਾਪਿਆਂ ਦੀਆਂ ਵੀ ਕੁਝ ਜ਼ਿੰਮੇਵਾਰੀਆਂ ਬਣਦੀਆਂ ਹਨ। ਉਨ੍ਹਾਂ ਕੋਲ ਉਮਰ ਦਾ ਤਜਰਬਾ ਹੁੰਦਾ ਹੈ। ਉਹ ਹੋਸਟਲ ਵਾਰਡਨ, ਕਲਾਸ ਇੰਚਾਰਜ ਤੇ ਮਾਲਕਾਂ ਨੂੰ ਸਮੇਂ-ਸਮੇਂ 'ਤੇ ਮਿਲਦੇ ਰਹਿਣ ਤੇ ਆਪਣੇ ਬੱਚਿਆਂ ਦੇ ਸੁਨਹਿਰੇ ਭਵਿੱਖ ਵਿਚ ਯੋਗਦਾਨ ਪਾਉਣ।

ਇਹ ਨਵੇਂ ਵਿਦਿਆਰਥੀਆਂ 'ਤੇ ਨਿਰਭਰ ਕਰਦਾ ਹੈ ਕਿ ਉਨ੍ਹਾਂ ਨੇ ਇਸ ਨਵੀਂ ਸ਼ੁਰੂਆਤ ਤੋਂ ਜ਼ਿੰਦਗੀ ਜਿਊਣੀ ਸਿੱਖਣੀ ਹੈ ਜਾਂ ਜਮਾਨਤਾਂ ਕਰਵਾਉਣੀਆਂ, ਸਿਗਰਟਾਂ ਪੀਣੀਆਂ, ਜਾਂ ਬੁਰੀ ਸੰਗਤ ਵੱਲ ਜਾਣਾ ਹੈ। ਇਕ ਗੱਲ ਯਾਦ ਰੱਖਿਓ ਜੇ ਤੁਸੀਂ ਇਨ੍ਹਾਂ ਸਾਰੀਆਂ ਗੱਲਾਂ ਤੋਂ ਬਚੇ ਰਹੋਗੇ ਤਾਂ ਤੁਹਾਡਾ ਭਵਿੱਖ ਉਜਵਲ ਹੋਵੇਗਾ। ਤੁਹਾਨੂੰ ਆਪਣੇ ਕੰਮ 'ਚ ਸਫ਼ਲਤਾ ਮਿਲਦੀ ਰਹੇਗੀ। ਜੇ ਤੁਸੀਂ ਇਨ੍ਹਾਂ ਸਾਰੀਆਂ ਗੱਲਾਂ 'ਤੇ ਧਿਆਨ ਨਾ ਦਿੱਤਾ ਤਾਂ ਤੁਹਾਡੀ ਜ਼ਿੰਦਗੀ ਨਰਕ ਹੋ ਜਾਵੇਗੀ ਤੇ ਸ਼ਾਇਦ ਇਸ ਗੱਲ ਦਾ ਅੰਦਾਜ਼ਾ ਤੁਹਾਨੂੰ ਕਾਫ਼ੀ ਦੇਰ ਬਾਅਦ ਹੋਵੇ।

ਜ਼ਿੰਦਗੀ ਦੀਆਂ ਮੰਜ਼ਿਲਾਂ ਪਾਉਣ ਲਈ ਤੁਹਾਨੂੰ ਤੁਹਾਡੇ ਰਸਤੇ ਉਡੀਕ ਰਹੇ ਨੇ। ਆਪਣਾ-ਆਪਣਾ ਰਸਤਾ ਚੁਣੋ ਤੇ ਧੁੱਪਾਂ ਹਨੇਰੀਆਂ, ਝੱਖੜਾਂ ਨੂੰ ਪਾਰ ਕਰਦੇ ਮੰਜ਼ਿਲਾਂ ਦੇ ਬੂਹੇ ਖੜਕਾਓ, ਅੰਦਰ ਤੁਹਾਨੂੰ ਖ਼ੁਸ਼ੀ, ਚਾਅ ਤੇ ਸੁਪਨੇ ਉਡੀਕ ਰਹੇ ਨੇ।

ਕੁਦਰਤ ਨੇ ਹਰ ਇਨਸਾਨ ਨੂੰ ਕੋਈ ਨਾ ਕੋਈ ਗੁਣ ਜ਼ਰੂਰ ਬਖ਼ਸ਼ਿਆ ਹੈ। ਸਾਡਾ ਫ਼ਰਜ਼ ਹੈ ਉਸ ਗੁਣ ਨੂੰ ਪਛਾਣੀਏ ਤੇ ਉਸ ਨੂੰ ਚਮਕਾਈਏ। ਵਕਤ ਬਹੁਤ ਕੀਮਤੀ ਹੈ। ਅਵਾਰਾਗਰਦੀ ਤੇ ਬੇਫ਼ਿਕਰੀ ਵਿਚ ਇਸਨੂੰ ਜਾਇਆ ਨਾ ਕਰੀਏ। ਜੇ ਅਵਾਰਾਗਰਦੀ ਦੀ ਉਮਰ ਇਹ ਹੁੰਦੀ ਹੈ ਤਾਂ ਕੁਝ ਬਣਨ ਦੀ ਉਮਰ ਵੀ ਇਹੀ ਹੁੰਦੀ ਹੈ। ਜੋ ਵੀ ਨਵੀਂ ਉਮਰ ਦੇ ਮੁੰਡੇ ਕੁੜੀਆਂ ਹੁਣ ਜਵਾਨੀ ਦੀ ਦਹਿਲੀਜ਼ 'ਤੇ ਪੈਰ ਧਰ ਰਹੇ ਹਨ ਉਨ੍ਹਾਂ ਨੂੰ ਬੇਨਤੀ ਹੈ ਕਿ ਉਹ ਕਦੇ ਵੀ ਆਪਣੀ ਜ਼ਿੰਦਗੀ ਪ੍ਰਤੀ ਲਾਪ੍ਰਵਾਹ ਨਾ ਹੋਣ।

ਇਹ ਉਹ ਸਾਲ ਨੇ ਜਿੰਨ੍ਹਾਂ ਨੇ ਤੁਹਾਡੀ ਜ਼ਿੰਦਗੀ ਵਿਚ ਪੱਕੇ ਰੰਗ ਭਰਨੇ ਹਨ। ਕੱਚਿਆਂ ਰੰਗਾਂ ਪਿੱਛੇ ਪੱਕੇ ਰੰਗ ਨਾ ਗਵਾਓ, ਕੁਝ ਸਾਲਾਂ ਦੀ ਖ਼ੁਸ਼ੀ ਵਿਚ ਜ਼ਿੰਦਗੀ ਦੀ ਖ਼ੁਸ਼ੀ ਨਾ ਗਵਾਉ। ਸੋਚ ਕੇ ਆਪਣੀ ਜ਼ਿੰਦਗੀ ਦੇ ਫ਼ੈਸਲੇ ਲਓ। •

*ਕਈ ਵਾਰ ਘਰ ਤੋਂ ਦੂਰ, ਹੋਸਟਲਾਂ ਜਾਂ ਪੀ.ਜੀ 'ਚ ਰਹਿਣ ਕਾਰਨ ਵਿਦਿਆਰਥੀ ਆਪਣੇ ਰਸਤੇ ਤੋਂ ਭਟਕ ਜਾਂਦੇ ਹਨ। ਇਸ ਲਈ ਤੁਹਾਨੂੰ ਹਰ ਕਦਮ ਸੁਚੇਤ ਰਹਿ ਕੇ ਰੱਖਣਾ ਚਾਹੀਦਾ ਹੈ ਤਾਂ ਜੋ ਤੁਸੀਂ ਆਪਣੇ ਰਸਤੇ ਤੋਂ ਭਟਕੋ ਨਾ...*



# ਯਰਤੁ ਸੁਹਾਵੀ ਤਾਲ ਸੁਹਾਵਾ



# ਬਾਗ਼ਾਂ ’ਚ ਸਿਉਂਕ ਦੀ ਰੋਕਥਾਮ

*ਸਿਉਂਕ ਦੇ ਕੀੜੇ ਬੂਟਿਆਂ ਦੀਆਂ ਜੜ੍ਹਾਂ ਤੇ ਜ਼ਮੀਨ ਤੋਂ ਉੱਪਰਲੇ ਹਿੱਸਿਆਂ ਨੂੰ ਖਾ ਕੇ ਨੁਕਸਾਨ ਪਹੁੰਚਾਉਂਦੇ ਹਨ। ਗੰਭੀਰ ਹਮਲੇ ਨਾਲ ਬੂਟਾ ਸੁੱਕ ਜਾਂਦਾ ਹੈ। ਇਸ ਕੀੜੇ ਦਾ ਵਾਧਾ ਤੇਜ਼ੀ ਨਾਲ ਹੋਣ ਕਾਰਨ ਬਾਗ਼ਾਂ ਦਾ ਕਾਫ਼ੀ ਨੁਕਸਾਨ ਹੁੰਦਾ ਹੈ...*

• ਸੰਦੀਪ ਸਿੰਘ
98154-13046

ਪੰਜਾਬ ਵਿਚ ਸਿਉਂਕ ਜਾਂ ਟਰਮਾਈਟ ਨਵੇਂ ਲਗਾਏ ਬਾਗ਼ਾਂ ਤੇ ਵੱਡੇ ਬੂਟਿਆਂ ਨੂੰ ਵੱਡੇ ਪੱਧਰ ’ਤੇ ਨੁਕਸਾਨ ਪਹੁੰਚਾਉਣ ਵਾਲੇ ਕੀੜੇ ਹਨ। ਸਿਉਂਕ ਸਮਾਜਿਕ, ਬਹੁ-ਆਹਾਰੀ ਤੇ ਬਹੁਰੂਪੀ (ਰਾਣੀ, ਰਾਜਾ, ਸਿਪਾਹੀ ਤੇ ਕਾਮਾ) ਕੀੜਿਆਂ ਦੇ ਰੂਪ ਵਿਚ ਮਿੱਟੀ ’ਚ ਵੱਡੇ ਸਮੂਹਾਂ ’ਚ ਰਹਿੰਦੇ ਹਨ। ਸਿਉਂਕ ਦੇ ਇਸ ਘਰ ਨੂੰ ਵਰਮੀ, ਸਿਉਂਕ-ਘਰ ਤੇ ਅੰਗਰੇਜ਼ੀ ਵਿਚ ਟਰਮੀਟੇਰੀਆ ਆਖਦੇ ਹਨ। ਇਹ ਵਰਮੀਆਂ ਜ਼ਮੀਨ ਦੇ ਉਪਰ ’ਤੇ ਥੱਲੇ ਦੋਵਾਂ ਥਾਵਾਂ ’ਤੇ ਬਣਦੀਆਂ ਹਨ। ਸਿਉਂਕ ਦੇ ਕਾਮਾ ਕੀੜੇ ਬੂਟਿਆਂ ਦੀਆਂ ਜੜ੍ਹਾਂ ਤੇ ਜ਼ਮੀਨ ਤੋਂ ਉੱਪਰਲੇ ਹਿੱਸਿਆਂ ਨੂੰ ਖਾ ਕੇ ਨੁਕਸਾਨ ਪਹੁੰਚਾਉਂਦੇ ਹਨ। ਗੰਭੀਰ ਹਮਲੇ ਨਾਲ ਬੂਟਾ ਸੁੱਕ ਜਾਂਦਾ ਹੈ। ਮਾਨਸੂਨ ਦੀ ਪਹਿਲੀ ਬਰਸਾਤ ਦੇ ਨਾਲ ਇਨ੍ਹਾਂ ਦੇ ਖੰਭ ਨਿਕਲ ਆਉਂਦੇ ਹਨ। ਰਾਣੀ ਮੱਖੀ ਹਰ ਸੈਕਿੰਡ ’ਚ 2 ਤੋਂ 3 ਆਂਡੇ ਦਿੰਦੀ ਹੈ ਤੇ ਉਸ ਦੀ ਔਸਤ ਉਮਰ 7 ਤੋਂ 9 ਸਾਲ ਹੁੰਦੀ ਹੈ।

## ਹਮਲੇ ਦਾ ਸਮਾਂ

ਸਿਉਂਕ ਧੁੱਪ ਤੋਂ ਦੂਰ ਰਹਿਣਾ ਪਸੰਦ ਕਰਦੀ ਹੈ ਤੇ ਜ਼ਿਆਦਾਤਰ ਜ਼ਮੀਨ ’ਚ ਲੁਕ ਕੇ ਰਹਿੰਦੀ ਹੈ। ਇਹ ਸੈਲੂਲੋਜ਼ ਨੂੰ ਖ਼ੁਰਾਕ ਬਣਾਉਂਦੀ ਹੈ, ਜੋ ਲੱਕੜ ’ਚ ਹੁੰਦਾ ਹੈ। ਪੰਜਾਬ ’ਚ ਓਡੋਂਟੋਟਰਮਸ ਓਬੀਸਸ ਤੇ ਮਾਈਕ੍ਰੋਟਰਮਸ ਕਿਸਮ ਦੀ ਸਿਉਂਕ ਪਾਈ ਜਾਂਦੀ ਹੈ। ਸਿਉਂਕ ਸਾਰਾ ਸਾਲ ਚੁਸਤ ਰਹਿੰਦੀ ਹੈ ਪਰ ਮਾਨਸੂਨ ਵੇਲੇ ਇਸ ਦਾ ਹਮਲਾ ਘੱਟ ਜਾਂਦਾ ਹੈ। ਸਿਉਂਕ ਦੇ ਹਮਲੇ ਦਾ ਮੁੱਖ ਸਮਾਂ ਅਪ੍ਰੈਲ ਤੋਂ ਜੂਨ ਤੇ ਸਤੰਬਰ-ਅਕਤੂਬਰ ਹੈ।

### ਟਰੈਪ ’ਚ ਇਕੱਠੀ ਹੋਈ ਸਿਉਂਕ ਨੂੰ ਮਾਰਨਾ

*ਸਿਉਂਕ ਟਰੈਪਾਂ ਨੂੰ ਬਾਗ਼ਾਂ ਵਿਚ ਮਿੱਟੀ ਹੇਠ ਦੱਬਣ ਤੋਂ 20 ਦਿਨ ਬਾਅਦ ਸਿਉਂਕ ਦੇ ਬੱਚੇ ਮੱਕੀ ਦੇ ਗੁੱਲਿਆਂ ਨੂੰ ਨਸ਼ਟ ਕਰ ਕੇ ਮਿੱਟੀ ਵਰਗਾ ਬਣਾ ਦਿੰਦੇ ਹਨ। ਘੜਿਆਂ ਨੂੰ ਖੋਲ੍ਹ ਕੇ ਵੇਖੀਏ ਤਾਂ ਹਜ਼ਾਰਾਂ ਤੇ ਲੱਖਾਂ ਦੀ ਗਿਣਤੀ ’ਚ ਸਿਉਂਕ ਦੇ ਬੱਚੇ ਹਰ ਘੜੇ ’ਚ ਨਜ਼ਰ ਆਉਣਗੇ। ਇਹ ਗਿਣਤੀ ਇਸ ਗੱਲ ’ਤੇ ਨਿਰਭਰ ਕਰਦੀ ਹੈ ਕਿ ਬਾਗ਼ ਵਿਚ ਸਿਉਂਕ ਦਾ ਹਮਲਾ ਕਿੰਨਾ ਕੁ ਹੈ ਤੇ ਬਾਗ਼ ਦੀ ਮਿੱਟੀ ਕਿਸ ਤਰ੍ਹਾਂ ਦੀ ਹੈ? ਇਕੱਠੀ ਹੋਈ ਸਿਉਂਕ ਨੂੰ ਮਾਰਨ ਲਈ ਸਾਰੇ ਘੜੇ ਮਿੱਟੀ ਹੇਠਾਂ ਦੱਬਣ ਤੋਂ 20 ਦਿਨਾਂ ਬਾਦ ਬਾਹਰ ਕੱਢੋ ਤੇ ਘੜੇ ਅੰਦਰ ਬਚੇ-ਖੁਚੇ ਗੁੱਲਿਆਂ ਸਮੇਤ ਇਕੱਠੀ ਹੋਈ ਸਿਉਂਕ ਨੂੰ ਕੁਝ ਤੁਪਕੇ ਡੀਜ਼ਲ ਮਿਲੇ ਪਾਣੀ ਵਿਚ ਡੁਬੋ ਕੇ ਖ਼ਤਮ ਕਰ ਦਿਉ।*

## ਘੜਿਆਂ ਤੋਂ ਬਣੇ ਸਿਉਂਕ ਟਰੈਪ

ਜਦੋਂ ਕਿਸਾਨ ਨਰਸਰੀ ਤੇ ਬਾਗ਼ਾਂ ’ਚ ਸਿਉਂਕ ਦੀ ਰੋਕਥਾਮ ਲਈ ਕੀਟਨਾਸ਼ਕਾਂ ਦੀ ਵਰਤੋਂ ਕਰਦੇ ਹਨ ਤਾਂ ਕੀਟਨਾਸ਼ਕਾਂ ਦਾ ਅਸਰ ਕੁਝ ਦਿਨਾਂ ਬਾਅਦ ਖ਼ਤਮ ਹੋ ਜਾਂਦਾ ਹੈ ਤੇ ਸਿਉਂਕ ਦਾ ਹਮਲਾ ਮੁੜ ਸ਼ੁਰੂ ਹੋ ਜਾਂਦਾ ਹੈ ਜਿਸ ਬਾਗ਼ਾਂ ਦਾ ਵੱਡਾ ਆਰਥਿਕ ਨੁਕਸਾਨ ਹੁੰਦਾ ਹੈ। ਵਾਰ-ਵਾਰ ਹਮਲਾ ਹੋਣ ਦੀ ਸਮੱਸਿਆ ਦਾ ਮੁੱਖ ਕਾਰਨ ਸਿਉਂਕ ਕਬੀਲੇ ਦੀ ਰਾਣੀ ਹੈ, ਜੋ ਰੋਜ਼ਾਨਾ ਹਜ਼ਾਰਾਂ ਆਂਡੇ ਦਿੰਦੀ ਹੈ। ਪੰਜਾਬ ਦੇ ਬਾਗ਼ਾਂ ਵਿਚ ਸਿਉਂਕ ਦੀ ਵੱਧ ਰਹੀ ਸਮੱਸਿਆ ਦੇ ਮੱਦੇਨਜ਼ਰ ਪੀਏਯੂ ਲੁਧਿਆਣਾ ਦੇ ਫਲ ਵਿਗਿਆਨ ਵਿਭਾਗ ਦੇ ਵਿਗਿਆਨੀਆਂ ਨੇ ਨਾਸ਼ਪਾਤੀ, ਬੇਰ, ਆੜੂ, ਅੰਗੂਰ ਤੇ ਆਂਵਲੇ ਦੇ ਬਾਗ਼ਾਂ ’ਚ ਮਿੱਟੀ ਦੇ ਘੜਿਆਂ ਤੋਂ ਬਣਾਏ ਟਰੈਪਾਂ ਵਿਚ ਮੱਕੀ ਦੇ ਗੁੱਲੇ ਪਾ ਕੇ ਸਿਉਂਕ ਦੀ ਵਾਤਾਵਰਨ-ਸਹਾਈ ਤਕਨਾਲੋਜੀ ਦੀ ਖੋਜ ਕੀਤੀ ਹੈ।

## ਟਰੈਪ ਤਿਆਰ ਕਰਨ ਦੀ ਵਿਧੀ

ਸਿਉਂਕ ਦੇ ਹਮਲੇ ਵਾਲੇ ਬਾਗ਼ਾਂ ’ਚ 13 ਇੰਚ ਆਕਾਰ ਵਾਲੇ 14 ਘੜੇ ਪ੍ਰਤੀ ਏਕੜ, ਜਿਨ੍ਹਾਂ ’ਚ ਸਿਉਂਕ ਦੇ ਅੰਦਰ ਜਾਣ ਲਈ 24 ਮੋਰੀਆਂ ਕੀਤੀਆਂ ਹੋਣ, ਨੂੰ ਮੱਕੀ ਦੇ ਗੁੱਲਿਆਂ (3-4 ਟੋਟੇ ਕੀਤੇ ਹੋਏ), ਨਾਲ ਭਰ ਕੇ ਅਪ੍ਰੈਲ ਦੇ ਪਹਿਲੇ ਹਫ਼ਤੇ ਤੇ ਦੁਬਾਰਾ ਸਤੰਬਰ ਦੇ ਪਹਿਲੇ ਹਫ਼ਤੇ ਮਿੱਟੀ ’ਚ 2 ਫੁੱਟ ਡੂੰਘਾ ਦਬਾਉ। ਘੜੇ ਇਕ-ਦੂਜੇ ਤੋਂ ਬਰਾਬਰ ਵਿੱਥ ’ਤੇ ਦੱਬੋ। 16 ਮੋਰੀਆਂ ਘੜੇ ਦੀ ਗਰਦਨ ਦੇ ਨੇੜੇ ਤੇ 8 ਮੋਰੀਆਂ ਘੜੇ ਦੇ ਬਾਕੀ ਹਿੱਸਿਆਂ ’ਤੇ ਹੋਣ। ਇਨ੍ਹਾਂ ਘੜਿਆਂ ਦੇ ਮੂੰਹ ਜ਼ਮੀਨ ਦੀ ਸਤਹਿ ਤੋਂ ਥੋੜ੍ਹੇ ਉੱਪਰ ਰੱਖ ਕੇ ਢਕ ਦਿਉ। ਮਿੱਟੀ ’ਚ ਦਬਾਉਣ ਤੋਂ 3 ਦਿਨ ਬਾਅਦ ਘੜਾ ਖੋਲ੍ਹ ਕੇ ਦੇਖੋ ਕਿ ਸਿਉਂਕ ਦੇ ਬੱਚੇ ਘੜੇ ’ਚ ਆਉਣੇ ਸ਼ੁਰੂ ਹੋਏ ਹਨ ਜਾਂ ਨਹੀਂ।

## ਟਰੈਪ ਦੀ ਕੀਮਤ

ਕਿਸਾਨ ਇਹ ਟਰੈਪ ਆਪਣੇ ਨੇੜਲੇ ਬਜ਼ਾਰ ’ਚ ਘੁਮਿਆਰ ਦੀ ਦੁਕਾਨ ਤੋਂ ਬਣਵਾ ਸਕਦੇ ਹਨ। ਬਜ਼ਾਰ ’ਚ ਅਜਿਹੇ ਟਰੈਪ ਦੀ ਕੀਮਤ 70 ਤੋਂ 90 ਰੁਪਏ ਹੈ। ਇਕ ਏਕੜ ਲਈ 14 ਘੜਿਆਂ ਦਾ ਖ਼ਰਚਾ 980 ਤੋਂ 1260 ਰੁਪਏ ਹੈ। ਇਹ ਖ਼ਰਚਾ ਸਿਉਂਕ ਦੀ ਰੋਕਥਾਮ ਲਈ ਹਰ ਸਾਲ ਵਰਤੇ ਜਾਂਦੇ ਕੀਟਨਾਸ਼ਕਾਂ (320 ਰੁਪਏ ਪ੍ਰਤੀ ਲਿਟਰ ਦੇ ਹਿਸਾਬ ਕਰੀਬ 7 ਵਾਰ ਛਿੜਕਾਅ ਕਰਨ ਦੇ 2240 ਰੁਪਏ ਪ੍ਰਤੀ ਏਕੜ) ਦੇ ਮੁਕਾਬਲੇ ਕਾਫ਼ੀ ਸਸਤਾ ਹੈ। ਕੀਟਨਾਸ਼ਕ ਮਹਿੰਗੇ ਹੋਣ ਦੇ ਨਾਲ-ਨਾਲ ਵਾਤਾਵਰਨ ਨੂੰ ਵੀ ਪਲੀਤ ਕਰਦੇ ਹਨ।

## ਟਰੈਪ ਲਗਾਉਣ ਦੇ ਫ਼ਾਇਦੇ

ਬਾਗ਼ਾਂ ’ਚ ਸਿਉਂਕ ਦੀ ਰੋਕਥਾਮ ਲਈ ਕੀਟਨਾਸ਼ਕ ਰਹਿਤ ਇਹ ਤਕਨਾਲੋਜੀ ਵਾਤਾਵਰਨ ਦੀ ਸੰਭਾਲ ’ਚ ਸਹਾਈ ਹੈ। ਇਸ ਦੀ ਵਰਤੋਂ ਨਾਲ ਫਲਾਂ, ਮਿੱਟੀ, ਬੂਟਿਆਂ ਤੇ ਵਾਤਾਵਰਨ ’ਚ ਕੀਟਨਾਸ਼ਕਾਂ ਦੇ ਅੰਸ਼ ਨਹੀਂ ਹੋਣਗੇ। ਇਹ ਕੀਟਨਾਸ਼ਕਾਂ ਦੇ ਮੁਕਾਬਲੇ ਕਾਫ਼ੀ ਸਸਤੀ ਹੈ। ਸਿਉਂਕ ਟਰੈਪ ਆਸਾਨੀ ਨਾਲ ਸੰਯੁਕਤ ਕੀਟ ਪ੍ਰਬੰਧ ਪ੍ਰੋਗਰਾਮ ’ਚ ਅਪਣਾਏ ਜਾ ਸਕਦੇ ਹਨ। ਇਕ ਘੜੇ ਵਿਚ ਸਿਉਂਕ ਦੇ ਲੱਖਾਂ ਬੱਚਿਆਂ ਨੂੰ ਖਿੱਚਣ ਦੀ ਸਮਰਥਾ ਹੈ। ਇਸ ਤਕਨੀਕ ਕੀਟਨਾਸ਼ਕਾਂ ਦੇ ਛਿੜਕਾਅ ਲਈ ਵਰਤੇ ਜਾਣ ਵਾਲੇ ਪਾਣੀ ਦੀ ਵੀ ਕਾਫ਼ੀ ਬੱਚਤ ਹੁੰਦੀ ਹੈ। ਇਹ ਟਰੈਪ ਵਾਰ-ਵਾਰ ਵਰਤੇ ਜਾ ਸਕਦੇ ਹਨ।

ਨਾਸ਼ਪਾਤੀ, ਬੇਰ, ਆੜੂ, ਅੰਗੂਰ ਤੇ ਆਂਵਲੇ ਦੇ ਬਾਗ਼ਾਂ ਵਿਚ ਸਿਉਂਕ ਦੀ ਰੋਕਥਾਮ ਲਈ 13 ਇੰਚ ਆਕਾਰ ਵਾਲੇ ਘੜੇ, ਜਿਨ੍ਹਾਂ ਵਿਚ 24 ਮੋਰੀਆਂ ਕੀਤੀਆਂ ਹੋਣ, ਨੂੰ ਮੱਕੀ ਦੇ ਗੁੱਲਿਆਂ ਨਾਲ ਭਰ ਕੇ ਅਪ੍ਰੈਲ ਦੇ ਪਹਿਲੇ ਹਫ਼ਤੇ ਤੇ ਦੁਬਾਰਾ ਸਤੰਬਰ ਦੇ ਪਹਿਲੇ ਹਫ਼ਤੇ ਮਿੱਟੀ ਵਿਚ ਦਬਾਉ। •

**ਫ਼ਸਲ ਉਤਪਾਦਨ ਦੇ ਤਰੀਕਿਆਂ, ਵਾਢੀ ਦੇ ਸਮੇਂ, ਫ਼ਸਲੀ ਰਹਿੰਦ-ਖੂੰਹਦ ਦੇ ਨਿਪਟਾਰੇ, ਨਦੀਨਾਂ ਦੇ ਖ਼ਾਤਮੇ ਅਤੇ ਅਜਿਹੇ ਹੋਕਰ ਰਵਾਇਤੀ ਤਰੀਕਿਆਂ ਨੂੰ ਅਪਣਾ ਕੇ ਫ਼ਸਲਾਂ ਦਾ ਨੁਕਸਾਨ ਕਰਨ ਵਾਲੇ ਕੀੜਿਆਂ ਉੱਪਰ ਬਿਨਾਂ ਜ਼ਹਿਰਾਂ ਦੇ ਕਾਬੂ ਪਾਇਆ ਜਾ ਸਕਦਾ ਹੈ...**





# ਰਵਾਇਤੀ ਢੰਗਾਂ ਨਾਲ ਕੀੜਿਆਂ ਦੀ ਰੋਕਥਾਮ

• ਗੁਰਮੀਤ ਸਿੰਘ, ਮਨੋਜ ਸ਼ਰਮਾ
98148-25584

ਕਲਚਰਲ ਰੋਕਥਾਮ ਜਾਂ ਫ਼ਸਲ ਉਤਪਾਦਨ ਦੇ ਤਰੀਕਿਆਂ ਦੁਆਰਾ ਕੀੜਿਆਂ ਦੀ ਰੋਕਥਾਮ ਤੋਂ ਮਤਲਬ ਹੈ ਕਿ ਉਨ੍ਹਾਂ ਫ਼ਸਲ ਉਤਪਾਦਨ ਦੇ ਤਰੀਕਿਆਂ ਤੋਂ ਹੈ ਜਿਸ ਨਾਲ ਕੀੜੇ ਮਕੌੜਿਆਂ ਤੋਂ ਹੋਣ ਵਾਲੇ ਨੁਕਸਾਨ ਨੂੰ ਖ਼ਤਮ ਕੀਤਾ ਜਾ ਸਕੇ ਜਾਂ ਘਟਾਇਆ ਜਾ ਸਕੇ। ਇਨ੍ਹਾਂ ਤਰੀਕਿਆਂ ਵਿਚ ਫਸਲ ਦੇ ਬਿਜਾਈ ਸਮੇਂ ਵਿਚ ਤਬਦੀਲੀ (ਅਗੇਤੀ ਜਾਂ ਪਛੇਤੀ), ਵਾਢੀ ਦੇ ਸਮੇਂ ਵਿਚ ਤਬਦੀਲੀ, ਫ਼ਸਲੀ ਚੱਕਰ, ਨਦੀਨਾਂ ਦੀ ਰੋਕਥਾਮ ਜਾਂ ਫ਼ਸਲ ਕੱਟਣ ਉਪਰਾਂਤ ਰਹਿੰਦ-ਖੂੰਹਦ ਦਾ ਉਪਾਅ ਆਦਿ ਸ਼ਾਮਲ ਹਨ। ਵਧੀਆ ਬੀਜ ਅਤੇ ਬਿਮਾਰੀਆਂ/ਕੀੜਿਆਂ ਦਾ ਟਾਕਰਾ ਕਰਨ ਵਾਲੀਆਂ ਕਿਸਮਾਂ ਦੀ ਬਿਜਾਈ ਕਰਨੀ ਬਹੁਤ ਮਹੱਤਵਪੂਰਨ ਹੈ।

## ਕੀੜਿਆਂ ਦਾ ਟਾਕਰਾ ਕਰਨ ਵਾਲੀਆਂ ਕਿਸਮਾਂ

ਜਿੱਥੋ ਤਕ ਹੋ ਸਕੇ ਬਿਮਾਰੀਆਂ ਤੇ ਕੀੜਿਆਂ ਦਾ ਟਾਕਰਾ ਕਰਨ ਵਾਲੀਆਂ ਕਿਸਮਾ ਦੀ ਹੀ ਬਿਜਾਈ ਕਰਨੀ ਚਾਹੀਦੀ ਹੈ। ਕੁਝ ਕਿਸਮਾਂ ਕੁਦਰਤੀ ਤੌਰ ’ਤੇ ਬਿਮਾਰੀਆਂ ਤੇ ਕੀੜਿਆਂ ਦਾ ਟਾਕਰਾ ਕਰਨ ਦੇ ਸਮਰੱਥ ਹੁੰਦੀਆਂ ਹਨ ਜਾਂ ਉਨ੍ਹਾਂ ਵਿਚ ਦੂਸਰੀਆਂ ਕਿਸਮਾਂ ਦੇ ਮੁਕਾਬਲੇ ਕੀੜਿਆਂ ਜਾਂ ਬਿਮਾਰੀਆਂ ਦੁਆਰਾ ਨੁਕਸਾਨ ਘੱਟ ਹੁੰਦਾ ਹੈ। ਉਦਾਹਰਣ ਵਜੋਂ ਸੇਬ ਦੀਆਂ ਜੰਗਲੀ ਕਿਸਮਾਂ ਕਾਸ਼ਤਕਾਰੀ ਕਿਸਮਾਂ ਦੇ ਮੁਕਾਬਲੇ ਚੇਪੇ ਦੇ ਹਮਲੇ ਪ੍ਰਤੀ ਜ਼ਿਆਦਾ ਪ੍ਰਤੀਰੋਧਕ ਹਨ।ਇਸ ਲਈ ਜੰਗਲੀ ਤੇ ਕਾਸ਼ਤਕਾਰੀ ਕਿਸਮਾਂ ਦੇ ਸੁਮੇਲ ਨਾਲ ਅਜਿਹੀ ਕਿਸਮ ਵਿਕਸਿਤ ਕੀਤੀ ਜਾ ਸਕਦੀ ਹੈ ਜੋ ਚੰਗਾ ਝਾੜ ਦੇਣ ਦੇ ਨਾਲ-ਨਾਲ ਕੀੜਿਆਂ ਤੇ ਬਿਮਾਰੀਆਂ ਪ੍ਰਤੀ ਪ੍ਰਤੀਰੋਧਕ ਹੋਵੇ। ਇਸੇ ਤਰ੍ਹਾਂ ਦੇਸੀ ਨਰਮਾ, ਅਮਰੀਕਨ ਨਰਮੇਂ ਦੇ ਮੁਕਾਬਲੇ ਜੈਸਿਡ, ਚਿੱਟੀ ਮੱਖੀ ਤੇ ਗੁਲਾਬੀ ਸੁੰਡੀ ਪ੍ਰਤੀ ਪ੍ਰਤੀਰੋਧਕ ਹੈ। ਭਾਰਤੀ ਤੇ ਅਮਰੀਕਨ ਕਿਸਮਾਂ ਦੇ ਸੁਮੇਲ ਨਾਲ ਅਜਿਹੀ ਕਿਸਮ ਪੈਦਾ ਕੀਤੀ ਜਾ ਸਕਦੀ ਹੈ ਜੋ ਇਨ੍ਹਾਂ ਕੀੜਿਆਂ ਪ੍ਰਤੀ ਸੰਵੇਦਨਸ਼ੀਲ ਨਾ ਹੋਵੇ। ਕੁਝ ਕਿਸਮਾਂ ਕੀੜਿਆਂ ਦੁਆਰਾ ਕੀਤੇ ਨੁਕਸਾਨ ਦੀ ਭਰਪਾਈ ਨੁਕਸਾਨੇ ਗਏ ਹਿੱਸੇ ਨੂੰ ਦੁਬਾਰਾ ਪੈਦਾ ਕਰ ਕੇ ਕਰ ਲੈਂਦੀਆਂ ਹਨ।

## ਖੇਤ ਨੂੰ ਵਾਹੁਣਾ

ਖੇਤ ਨੂੰ ਵਾਹੁਣ ਨਾਲ ਕੀੜਿਆਂ ਦੀਆਂ ਜ਼ਮੀਨ ’ਚ ਰਹਿਣ ਵਾਲੀਆਂ ਅਵਸਥਾਵਾਂ (ਆਂਡੇ, ਲਾਰਵਾ ਤੇ ਪਿਊਪਾ) ਮਰ ਜਾਂਦੀਆਂ ਹਨ। ਇਸ ਨਾਲ ਨਦੀਨ ਵੀ ਮਰ ਜਾਂਦੇ ਹਨ, ਜਿਨ੍ਹਾਂ ਉੱਪਰ ਕੀੜੇ ਪਲਦੇ ਹਨ। ਖੇਤ ਵਾਹੁਣ ਨਾਲ ਕੀੜਿਆਂ ਦੀਆਂ ਜ਼ਮੀਨ ’ਚ ਰਹਿਣ ਵਾਲੀਆਂ ਅਵਸਥਾਵਾਂ ਜਾਂ ਤਾਂ ਜ਼ਮੀਨ ਦੇ ਉੱਪਰ ਆ ਜਾਂਦੀਆਂ ਹਨ, ਜਿੱਥੇ ਮਿੱਤਰ ਕੀੜੇ ਜਾਂ ਪੰਛੀ ਉਨ੍ਹਾਂ ਨੂੰ ਆਪਣਾ ਭੋਜਨ ਬਣਾ ਲੈਂਦੇ ਹਨ (ਗਰਾਸ ਹੋਪਰ ਤੇ ਖੇਤ ਦੀ ਟਿੱਡੀ ਜ਼ਮੀਨ ਦੀ 7-10 ਸੈਂਟੀਮੀਟਰ ਉੱਪਰਲੀ ਤਹਿ ’ਚ ਆਂਡੇ ਦਿੰਦੇ ਹਨ) ਅਤੇ ਜਾਂ ਇਹ ਇੰਨਾ ਡੂੰਘਾ ਚਲੇ ਜਾਂਦੇ ਹਨ ਕਿ ਬਾਲਗ ਜ਼ਮੀਨ ਵਿੱਚੋਂ ਬਾਹਰ ਆਉਣ ਦੇ ਅਸਮਰੱਥ ਹੋ ਜਾਂਦਾ ਹੈ। ਖੇਤ ਵਾਹੁਣ ਨਾਲ ਜ਼ਮੀਨ ਦੇ ਉੱਪਰ ਆਈਆਂ ਅਵਸਥਾਵਾਂ ਜੂਨ-ਜੁਲਾਈ ਦੇ ਮਹੀਨੇ ਗਰਮੀ ਕਾਰਨ ਖ਼ਤਮ ਹੋ ਜਾਂਦੀਆਂ ਹਨ। ਖੇਤ ਨੂੰ ਵਾਉਂਦੇ ਸਮੇਂ ਹਲ਼ ਦੇ ਪਿੱਛੇ ਕਾਂ, ਮੈਨਾ, ਕੋਇਆ ਆਦਿ ਪੰਛੀ ਕੀੜਿਆਂ ਨੂੰ ਖਾ ਕੇ ਕਾਫ਼ੀ ਹੱਦ ਤਕ ਖ਼ਤਮ ਕਰ ਦਿੰਦੇ ਹਨ।

## ਫ਼ਸਲੀ ਚੱਕਰ

ਫ਼ਸਲੀ ਚੱਕਰ ਉਨ੍ਹਾਂ ਕੀੜਿਆਂ ਦੇ ਕੀਟ-ਪ੍ਰਬੰਧ ’ਚ ਮਹੱਤਵਪੂਰਨ ਭੂਮਿਕਾ ਅਦਾ ਕਰਦਾ ਹੈ ਜਿਹੜੇ ਕੀੜੇ ਇਕ ਜਾਂ ਦੋ ਫ਼ਸਲਾਂ ਨੂੰ ਹੀ ਆਪਣੀ ਖ਼ੁਰਾਕ ਬਣਾਉਂਦੇ ਹਨ ਜਾਂ ਜਿਹੜੇ ਕੀੜੇ ਜ਼ਿਆਦਾ ਦੂਰੀ ਤੈਅ ਕਰਨ ਦੇ ਅਸਮਰੱਥ ਹੁੰਦੇ ਹਨ। ਜੇ ਇਕ ਹੀ ਫ਼ਸਲ ਸਾਲ ਵਿਚ 2 ਜਾਂ ਇਸ ਤੋਂ ਵੱਧ ਵਾਰ ਇਕ ਹੀ ਖੇਤ ’ਚ ਉਗਾਈ ਜਾਵੇ ਤਾਂ ਉਸ ਖੇਤ ’ਚ ਕੀੜਿਆਂ ਦੀ ਗਿਣਤੀ ਭੋਜਨ ਦੀ ਬਹੁਤਾਤ ਕਾਰਨ ਬਹੁਤ ਵੱਧ ਜਾਵੇਗੀ। ਇਸ ਦੇ ਉਲਟ ਜੇ ਫ਼ਸਲੀ ਚੱਕਰ ਅਪਣਾਇਆ ਜਾਵੇ ਤੇ ਫ਼ਸਲੀ ਚੱਕਰ ਦੌਰਾਨ ਸਾਲ ’ਚ 2-3 ਵੱਖੋ-ਵੱਖਰੀਆਂ ਫ਼ਸਲਾਂ ਲਈਆਂ ਜਾਣ ਤਾਂ ਕੀੜਿਆਂ ਦੀ ਗਿਣਤੀ ਜ਼ਿਆਦਾ ਨਹੀ ਵਧੇਗੀ।

### ਸਾਫ਼-ਸੁਥਰਾ ਖੇਤ ਤੇ ਆਲਾ ਦੁਆਲਾ

*ਸਾਫ਼-ਸੁਥਰੇ ਖੇਤ ਤੇ ਆਲੇ ਦੁਆਲੇ ਤੋਂ ਭਾਵ ਹੈ ਕਿ ਖੇਤ ਦਾ ਨਦੀਨ ਰਹਿਤ ਅਤੇ ਫ਼ਸਲੀ ਰਹਿੰਦ-ਖੂੰਹਦ ਤੋਂ ਮੁਕਤ ਹੋਵੇ।।ਨਦੀਨ ਅਤੇ ਫ਼ਸਲੀ ਰਹਿੰਦ-ਖੂੰਹਦ ਕੀੜਿਆਂ ਲਈ ਭੋਜਨ ਦਾ ਸਰੋਤ ਹਨ ਤੇ ਨਾਲ ਹੀ ਉਨ੍ਹਾਂ ਨੂੰ ਸਖ਼ਤ ਵਾਤਾਵਰਨ ਤੇ ਦੁਸ਼ਮਣ ਕੀੜਿਆਂ ਤੋਂ ਵੀ ਬਚਾਅ ਕੇ ਰੱਖਦੇ ਹਨ। ਇਸ ਤਰ੍ਹਾਂ ਨਦੀਨਾਂ ਤੇ ਫ਼ਸਲੀ ਰਹਿੰਦ-ਖੂੰਹਦ ਤੋਂ ਖੇਤ ਤੋਂ ਮੁਕਤ ਕਰਨ ਨਾਲ ਕੀੜਿਆਂ ਦੇ ਭੋਜਨ ਦੀ ਸਪਲਾਈ ਟੁੱਟ ਜਾਂਦੀ ਹੈ ਤੇ ਵਧੀਆ ਕੀਟ-ਪ੍ਰਬੰਧ ਹੋ ਜਾਂਦਾ ਹੈ,।ਜਿਵੇਂ ਕਿ ਲਾਲ ਭੱਬੂ ਕੁੱਤਾ ਬਹੁਫ਼ਸਲੀ ਕੀੜਾ ਹੈ, ਜੋ ਕਿ ਕਈ ਪ੍ਰਕਾਰ ਦੇ ਨਦੀਨਾਂ ’ਤੇ ਆਂਡੇ ਦਿੰਦਾ ਹੈ, ਜਿਨ੍ਹਾਂ ਵਿੱਚੋਂ ਸੁੰਡੀਆਂ ਨਿਕਲ ਕੇ ਮੁਢਲੀ ਅਵਸਥਾ ’ਚ ਇਨ੍ਹਾਂ ਨਦੀਨਾਂ ਉੱਪਰ ਹੀ ਪਲਦੀਆਂ ਹਨ ਤੇ ਬਾਅਦ ਵਿਚ ਮੁੱਖ ਫ਼ਸਲ ’ਤੇ ਚਲੀਆਂ ਜਾਂਦੀਆਂ ਹਨ।*

### ਟਰੈਪ ਫ਼ਸਲਾਂ

ਟਰੈਪ ਫ਼ਸਲਾਂ ਉਹ ਫ਼ਸਲਾਂ ਹਨ, ਜੋ ਮੁੱਖ ਫ਼ਸਲ ਤੋਂ ਥੋੜ੍ਹਾ ਸਮਾਂ ਪਹਿਲਾਂ ਬੀਜੀਆਂ ਜਾਂਦੀਆਂ ਹਨ ਤਾਂ ਕਿ ਕੀੜਿਆਂ ਨੂੰ ਇਸ ਫ਼ਸਲ ਵੱਲ ਆਕਰਸ਼ਿਤ ਕਰ ਕੇ ਮੁੱਖ ਫ਼ਸਲ ਨੂੰ ਕੀੜਿਆਂ ਦੇ ਹਮਲੇ ਤੋਂ ਬਚਾਇਆ ਜਾ ਸਕੇ। ਟਰੈਪ ਫ਼ਸਲ ਮੁੱਖ ਫ਼ਸਲ ਦੇ ਬਾਰਡਰ ’ਤੇ ਬੀਜੀ ਜਾਂਦੀ ਹੈ ਅਤੇ ਕੀੜੇ ਦੇ ਜੀਵਨ ਚੱਕਰ ਦੇ ਪੂਰੇ ਹੋਣ ਤੋਂ ਪਹਿਲਾਂ ਇਸ ਨੂੰ ਵੱਢ ਲਿਆ ਜਾਂਦਾ ਹੈ ਤੇ ਆਮ ਤੌਰ ’ਤੇ ਚਾਰੇ ਦੇ ਤੌਰ ’ਤੇ ਵਰਤ ਲਈ ਜਾਂਦੀ ਹੈ। ਕੀੜੇ ਦਾ ਜੀਵਨ ਚੱਕਰ ਪੂਰਾ ਹੋਣ ਤੋਂ ਪਹਿਲਾਂ ਟਰੈਪ ਫ਼ਸਲ ਨੂੰ ਕੱਟਣਾ ਬਹੁਤ ਜ਼ਰੂਰੀ ਹੈ ਨਹੀਂ ਤਾਂ ਕੀੜੇ ਟਰੈਪ ਫ਼ਸਲ ਤੋਂ ਮੁੱਖ ਫ਼ਸਲ ’ਤੇ ਚਲੇ ਜਾਣ ਕਾਰਨ ਮੁੱਖ ਫ਼ਸਲ ਦਾ ਬਹੁਤ ਜ਼ਿਆਦਾ ਨੁਕਸਾਨ ਕਰ ਸਕਦੇ ਹਨ। ਟਰੈਪ ਫ਼ਸਲ ਉਹ ਹੋਣੀ ਚਾਹੀਦੀ ਹੈ, ਜੋ ਕਿਸੇ ਖ਼ਾਸ ਕੀੜੇ ਨੂੰ ਆਕਰਸ਼ਿਤ ਕਰਨ ਦੇ ਸਮਰੱਥ ਹੋਵੇ, ਜਿਵੇਂ ਕਿ ਭਿੰਡੀ ਨੂੰ ਨਰਮੇਂ ਦੇ ਨੇੜੇ ਬੀਜਿਆ ਜਾਂਦਾ ਹੈ ਤਾਂ ਕਿ ਚਿਤਕਬਰੀ ਸੁੰਡੀ (Spotted bollworm) ਦੇ ਹਮਲੇ ਤੋਂ ਨਰਮੇਂ ਨੂੰ ਬਚਾਇਆ ਜਾ ਸਕੇ। ਨਰਮੇਂ ਦੀ ਗਰੇਅ ਵੀਵਲ (ਸੁੰਡ ਵਾਲੀ ਸੁਸਰੀ) ਅਰਹਰ ਦੀ ਫ਼ਸਲ ਵੱਲ ਵਧੇਰੇ ਆਕਰਸ਼ਿਤ ਹੁੰਦੀ ਹੈ, ਜਿਸ ਨੂੰ ਕਿ ਟਰੈਪ ਫ਼ਸਲ ਦੇ ਤੌਰ ’ਤੇ ਵਰਤਿਆ ਜਾ ਸਕਦਾ ਹੈ।

### ਬੂਟੇ ਤੋਂ ਬੂਟੇ ਦਾ ਫ਼ਾਸਲਾ

*ਵੇਖਣ ’ਚ ਆਇਆ ਹੈ ਕਿ ਝੋਨੇ ਵਿਚ ਪ੍ਰਤੀ ਵਰਗ ਮੀਟਰ ਸ਼ਿਫਾਰਸ਼ ਤੋਂ ਵੱਧ ਬੂਟੇ ਬੀਜਣ ਨਾਲ ਭੂਰੀ ਪਿੱਠ ਵਾਲੇ ਟਿੱਡੇ ਦਾ ਹਮਲਾ ਜ਼ਿਆਦਾ ਹੁੰਦਾ ਹੈ, ਇਸੇ ਤਰ੍ਹਾਂ ਛੋਲਿਆਂ ਵਿਚ ਅਮਰੀਕਨ ਸੁੰਡੀ ਅਤੇ ਨਰਮੇਂ ਵਿਚ ਜੈਸਿਡ ਸੰਘਣੀ ਬਿਜਾਈ ਵਾਲੇ ਖੇਤਾਂ ’ਚ ਜ਼ਿਆਦਾ ਨੁਕਸਾਨ ਕਰਦੇ ਹਨ।*

### ਰਲਵੀਂ ਫ਼ਸਲ ਦੀ ਬਿਜਾਈ

*ਕਣਕ ਅਤੇ ਛੋਲਿਆਂ ਨੂੰ ਰਲਾ ਕੇ ਬੀਜਣ ਨਾਲ ਛੋਲਿਆਂ ’ਤੇ ਅਮਰੀਕਨ ਸੁੰਡੀ ਦਾ ਹਮਲਾ ਘੱਟ ਹੁੰਦਾ ਹੈ।*

ਜੇਕਰ ਫ਼ਸਲੀ ਚੱਕਰ ਵੀ ਬਦਲ-ਬਦਲ ਕੇ ਬੀਜਿਆ ਜਾਵੇ (ਇਕ ਸਾਲ ਇਕ ਫ਼ਸਲੀ ਚੱਕਰ ਤੇ ਦੂਸਰੇ ਸਾਲ ਦੂਸਰਾ ਫ਼ਸਲੀ ਚੱਕਰ) ਤਾਂ ਜਿਹੜੇ ਕੀੜੇ ਇਕ ਜਾਂ ਦੋ ਫ਼ਸਲਾਂ ਨੂੰ ਆਪਣੀ ਖ਼ੁਰਾਕ ਬਣਾਉਂਦੇ ਹਨ, ਉਹ ਖ਼ਤਮ ਹੋ ਜਾਣਗੇ। ਉਦਾਹਰਣ ਦੇ ਤੌਰ ’ਤੇ ਜੇ ਬਸੰਤ ਰੁੱਤੇ ਬਾਰਲੇ ਬੀਜਣ ਤੋਂ ਬਾਅਦ ਦਾਲਾਂ ਤੇ ਸਰਦੀ ਰੁੱਤੇ ਕਣਕ ਬੀਜੀ ਜਾਵੇ ਤਾਂ ਕੀੜਿਆਂ ਦੁਆਰਾ ਨੁਕਸਾਨ ਘੱਟ ਹੋਵੇਗਾ ਪਰ ਇਸ ਦੇ ਉਲਟ ਜੇ ਨਰਮੇਂ ਤੋਂ ਬਾਅਦ ਭਿੰਡੀ ਬੀਜੀ ਜਾਵੇ ਤਾਂ ਕੀੜੇ ਜ਼ਿਆਦਾ ਨੁਕਸਾਨ ਕਰਦੇ ਹਨ ਕਿਉਂਕਿ ਇਹ ਦੋਵੇਂ ਫ਼ਸਲਾਂ ਇਕ ਹੀ ਫੈਮਿਲੀ ਨਾਲ ਸਬੰਧਤ ਹੋਣ ਕਾਰਨ ਲਗਪਗ ਇੱਕੋ ਜਿਹੇ ਗੁਣਾਂ ਵਾਲੀਆਂ ਹਨ।

## ਖਾਦਾਂ ਦੀ ਵਰਤੋਂ

ਆਮ ਤੌਰ ’ਤੇ ਨਾਈਟਰੋਜਨ ਖਾਦ ਦੀ ਵਰਤੋਂ ਨਾਲ ਕੀੜਿਆਂ ਦੇ ਹਮਲੇ ’ਚ ਵਾਧਾ ਹੁੰਦਾ ਹੈ ਪਰ ਦੇਸੀ ਰੂੜੀ ਦੀ ਵਰਤੋਂ ਨਾਲ ਬੂਟਾ ਤੰਦਰੁਸਤ ਬਣਦਾ ਹੈ ਜਿਸ ਨਾਲ ਬੂਟਾ ਕੀੜਿਆਂ ਦੇ ਹਮਲੇ ਦਾ ਟਾਕਰਾ ਕਰਨ ਦੇ ਸਮਰੱਥ ਹੋ ਜਾਂਦਾ ਹੈ।

## ਭਰਵੀਂ ਸਿੰਚਾਈ

ਜਿਹੜੇ ਕੀੜੇ ਜ਼ਮੀਨ ਵਿਚ ਰਹਿੰਦੇ ਹਨ, ਉਨ੍ਹਾਂ ਨੂੰ ਭਰਵਾਂ ਪਾਣੀ ਖੇਤ ਨੂੰ ਦੇ ਕੇ ਖ਼ਤਮ ਕੀਤਾ ਜਾ ਸਕਦਾ ਹੈ, ਜਿਵੇਂ ਕਿ ਸਿਉਂਕ, ਗਰਾਸ ਹੋਪਰ, ਟਿੱਡੀ ਆਦਿ।ਭਰਵਾਂ ਪਾਣੀ ਦੇਣ ਨਾਲ ਖ਼ਤਮ ਹੋ ਜਾਂਦੇ ਹਨ ਜਾਂ ਇਹ ਜ਼ਮੀਨ ’ਚੋਂ ਬਾਹਰ ਆਉਣ ਕਾਰਨ ਆਸਾਨੀ ਨਾਲ ਪੰਛੀਆਂ ਨੂੰ ਨਜ਼ਰ ਆ ਜਾਂਦੇ ਹਨ ਤੇ ਉਨ੍ਹਾਂ ਦੀ ਖ਼ੁਰਾਕ ਬਣ ਜਾਂਦੇ ਹਨ। ਲੂਸਣ ਦੀ ਵਾਢੀ ਤੋਂ ਬਾਅਦ ਬਹੁਤ ਸਾਰੀਆਂ ਲੂਸਣ ਦੀਆਂ ਸੁੰਡੀਆਂ (Lucerne caterpillar) ਖੇਤ ਵਿਚ ਰਹਿ ਜਾਂਦੀਆਂ ਹਨ। ਲੂਸਣ ਦੀ ਵਾਢੀ ਤੋਂ ਬਾਅਦ ਇਕ ਭਰਵਾਂ ਪਾਣੀ ਦੇਣ ਨਾਲ ਇਹ ਸੁੰਡੀਆਂ ਡੁੱਬ ਕੇ ਮਰ ਜਾਂਦੀਆਂ ਹਨ।

## ਬੂਟਿਆਂ ਦੀ ਕਾਂਟ-ਛਾਂਟ

ਕੁਝ ਕੀੜੇ ਰੋਗੀ ਬੂਟੇ ਤੋਂ ਨਿਰੋਏ ਬੂਟੇ ਤਕ ਆਸਾਨੀ ਨਾਲ ਚਲੇ ਜਾਂਦੇ ਹਨ। ਅਜਿਹੇ ਰੋਗੀ ਬੂਟਿਆਂ ਦਾ ਕੀੜੇ ਸਮੇਤ ਨੁਕਸਾਨਿਆ ਹੋਇਆ ਭਾਗ ਕੱਟਣ ਤੋਂ ਬਾਅਦ ਸਾੜ ਦੇਣ ਨਾਲ ਇਹ ਕੀੜੇ ਨਿਰੋਏ ਬੂਟੇ ਤਕ ਨਹੀ ਪਹੁੰਚ ਸਕਦੇ। ਇਸੇ ਤਰ੍ਹਾਂ ਫ਼ਸਲ ਦਾ ਮੁੱਢਾ ਨਾ ਰੱਖਣ ਨਾਲ ਵੀ ਕੀਟ ਪ੍ਰਬੰਧ ਹੋ ਜਾਂਦਾ ਹੈ, ਜਿਵੇਂ ਕਿ ਕਮਾਦ ਵਿਚ ਕਾਲੀ ਬੱਗ ਦਾ ਹਮਲਾ ਮੁੱਖ ਫ਼ਸਲ ਨਾਲੋਂ ਮੁੱਢੀ ਫ਼ਸਲ ’ਤੇ ਜ਼ਿਆਦਾ ਹੁੰਦਾ ਹੈ। ਇਕ ਫ਼ਸਲ ਦੀ ਕਟਾਈ ਤੋਂ ਬਾਅਦ ਦੂਸਰੀ ਫ਼ਸਲ ਦੀ ਬਿਜਾਈ ਤਕ ਜਿਆਦਾ ਸਮਾਂ ਹੋਣ ਨਾਲ ਵੀ ਕੀਟ ਪ੍ਰਬੰਧ ਹੋ ਜਾਂਦਾ ਹੈ ਕਿਉਂਕਿ ਖੇਤ ਖਾਲੀ ਹੋਣ ਕਾਰਨ ਕੀੜਿਆਂ ਨੂੰ ਖਾਣ ਲਈ ਕੁਝ ਨਹੀਂ ਮਿਲਦਾ। ਮੁੱਢਾ ਰੱਖਣ ਵੇਲੇ ਕਮਾਦ ਦੀ ਵਾਢੀ ਜ਼ਮੀਨ ਨੇੜਿਉਂ ਕਰਨੀ ਚਾਹੀਦੀ ਹੈ ਤਾਂ ਕਿ ਜੜ੍ਹਾਂ ਦਾ ਗੜੂੰਆਂ ਤੇ ਸਕੇਲ (scale) ਕੀੜੇ ਦੇ ਨੁਕਸਾਨ ਤੋਂ ਬਚਿਆ ਜਾ ਸਕੇ। ਅਮਰੂਦ ਵਿਚ ਫਲ ਦੀ ਮੱਖੀ ਦੇ ਹਮਲੇ ਨੂੰ ਘਟਾਉਣ ਲਈ ਹਮਲੇ ਵਾਲੇ ਡਿੱਗੇ ਹੋਏ ਫਲ ਚੁੱਕ ਕੇ ਉਨ੍ਹਾਂ ਨੂੰ ਡੂੰਘਾ ਦਬਾ ਦੇਣਾ ਜਾਂ ਸਾੜ ਦੇਣਾ ਚਾਹੀਦਾ ਹੈ।

## ਬਿਜਾਈ ਤੇ ਵਾਢੀ ਦਾ ਸਮਾਂ

ਫ਼ਸਲ ਦੀ ਬਿਜਾਈ ਤੇ ਉਸ ਦੀ ਵਾਢੀ ਦਾ ਸਮਾਂ ਕੀੜਿਆਂ ਤੋਂ ਹੋਣ ਵਾਲੇ ਨੁਕਸਾਨ ’ਤੇ ਕਾਫ਼ੀ ਅਸਰ ਪਾਉਂਦਾ ਹੈ,। ਜਿਵੇਂ ਕਿ ਨਰਮੇਂ ਦੀਆਂ ਜ਼ਲਦੀ ਪੱਕਣ ਵਾਲੀਆਂ ਕਿਸਮਾਂ ’ਤੇ ਗੁਲਾਬੀ ਸੁੰਡੀ ਦਾ ਹਮਲਾ ਘੱਟ ਹੁੰਦਾ ਹੈ। ਇਸੇ ਤਰ੍ਹਾਂ ਝੋਨੇ ਦੀ ਪੀਆਰ-121 (ਘੱਟ ਸਮਾਂ ਲੈਣ ਵਾਲੀ) ਕਿਸਮ ’ਤੇ ਭੂਰੀ ਪਿੱਠ ਵਾਲੇ ਟਿੱਡੇ ਦਾ ਹਮਲਾ ਪੂਸਾ-44 (ਵੱਧ ਸਮਾਂ ਲੈਣ ਵਾਲੀ ਕਿਸਮ) ਦੇ ਮੁਕਾਬਲੇ ਘੱਟ ਪਾਇਆ ਗਿਆ। ਸਾਉਣੀ ਵਰ੍ਹੇ 2016 ਦੌਰਾਨ।ਪੀਆਰ 121 ਕਿਸਮ ਦੇ ਪੱਕਣ ਲਈ ਘੱਟ ਸਮਾਂ ਲੈਣ ਕਾਰਨ ਇਸ ਦੀ ਵਾਢੀ ਪਿੱਛੋਂ ਭੂਰੀ ਪਿੱਠ ਵਾਲਾ ਟਿੱਡਾ ਪੂਸਾ-44 ’ਤੇ ਤਬਦੀਲ ਹੋ ਗਿਆ ਤੇ ਉਸ ਨੇ ਦੇਰੀ ਨਾਲ ਪੱਕਣ ਵਾਲੀ ਇਸ ਕਿਸਮ ਦਾ ਵਧੇਰੇ ਨੁਕਸਾਨ ਕੀਤਾ। ਛੋਲਿਆਂ ਦੀ ਅਗੇਤੀ ਬਿਜਾਈ ਇਸ ਫ਼ਸਲ ਨੂੰ ਅਮਰੀਕਨ ਸੁੰਡੀ ਦੇ ਹਮਲੇ ਤੋਂ ਬਚਾਉਂਦੀ ਹੈ। ਜੇ ਮੱਕੀ ਨੂੰ ਬੀਜ ਵਾਸਤੇ 15 ਅਗਸਤ ਤੋਂ ਬਾਅਦ ਬੀਜਿਆ ਜਾਂਦਾ ਹੈ ਤਾਂ ਇਸ ’ਤੇ ਮੱਕੀ ਦੇ ਗੜੂੰਏਂ ਦਾ ਹਮਲਾ ਨਹੀ ਹੁੰਦਾ। ਅਗੇਤੇ ਬੀਜੇ ਨਰਮੇਂ ’ਤੇ ਚਿੱਟੀ ਮੱਖੀ ਦਾ ਹਮਲਾ ਪਿਛੇਤੇ ਬੀਜੇ ਨਰਮੇਂ ਦੇ ਮੁਕਾਬਲੇ ਵੱਧ ਹੁੰਦਾ ਹੈ। ਸਰ੍ਹੋਂ ਦੇ ਚੇਪੇ ਦਾ ਹਮਲਾ ਫ਼ਸਲ ’ਤੇ ਫਰਵਰੀ- ਮਾਰਚ ਦੇ ਮਹੀਨੇ ਬਹੁਤ ਜ਼ਿਆਦਾ ਹੁੰਦਾ ਹੈ।।ਸਰ੍ਹੋਂ ਦੀ ਅਗੇਤੀ ਬਿਜਾਈ ਨਾਲ ਇਸ ਕੀੜੇ ਦੇ ਹਮਲੇ ਤੋਂ ਹੋਣ ਵਾਲੇ ਨੁਕਸਾਨ ਤੋਂ ਬਚਿਆ ਜਾ ਸਕਦਾ ਹੈ।

## ਵਲੰਟੀਅਰ ਬੂਟੇ

ਵਲੰਟੀਅਰ ਬੂਟੇ ਉਹ ਹੁੰਦੇ ਹਨ, ਜੋ ਖੇਤ ਵਿਚ ਆਪਣੇ ਆਪ ਉੱਗ ਪੈਂਦੇ ਹਨ ਜਾਂ ਪਿਛਲੀ ਫ਼ਸਲ ਦੀ ਰਹਿੰਦ-ਖੂੰਹਦ ਤੋਂ ਨਿਕਲੇ ਬੂਟੇ ਕੀੜਿਆਂ ਦੇ ਵਾਧੇ ’ਚ ਸਹਾਈ ਹੁੰਦੇ ਹਨ। ਇਸ ਲਈ ਇਨ੍ਹਾਂ ਵਲੰਟੀਅਰ ਬੂਟਿਆਂ ਨੂੰ ਖੇਤ ’ਚੋਂ ਖ਼ਤਮ ਕਰ ਦੇਣਾ ਚਾਹੀਦਾ ਹੈ। •



# ਫ਼ਸਲਾਂ ’ਚ ਮਲਚ ਦੀ ਅਹਿਮੀਅਤ

• ਜਗਰੂਪ ਕੌਰ, ਹਰਸਿਮਰਤ ਕੌਰ

ਜ਼ਮੀਨ ਦੀ ਗੁਣਵੱਤਾ ਨੂੰ ਬਰਕਰਾਰ ਰੱਖਣ ਲਈ ਵਰਤੇ ਜਾਣ ਵਾਲੇ ਪਦਾਰਥ- ਫ਼ਸਲੀ ਰਹਿੰਦ-ਖੂੰਹਦ, ਸੁੱਕਾ ਘਾਹ, ਸੁੱਕੇ ਪੱਤੇ, ਪਰਾਲੀ, ਨਾੜ, ਖੋਰੀ, ਆਦਿ ਨੂੰ ਮਲਚ ਆਖ਼ਦੇ ਹਨ।

## ਮਲਚ ਦੇ ਫ਼ਾਇਦੇ

ਮਲਚ ਵਾਸ਼ਪੀਕਰਣ ਨੂੰ ਕੰਟਰੋਲ ਕਰ ਕੇ ਮਿੱਟੀ ਦੀ ਨਮੀ ਨੂੰ ਬਰਕਰਾਰ ਰੱਖਦੀ ਹੈ। ਇਹ ਜ਼ਮੀਨ ਦੇ ਤਾਪਮਾਨ ਨੂੰ ਨਿਯਮਿਤ ਕਰਦੀ ਹੈ। ਮਲਚ ਦੀ ਵਰਤੋਂ ਨਾਲ ਸਰਦੀਆਂ ’ਚ ਜ਼ਮੀਨ ਦਾ ਤਾਪਮਾਨ ਆਮ ਨਾਲੋਂ ਵੱਧ ਜਾਂਦਾ ਹੈ ਤੇ ਗਰਮੀਆਂ ’ਚ ਘਟਦਾ ਹੈ, ਜਿਸ ਨਾਲ ਫ਼ਸਲਾਂ ਦੇ ਪੁੰਗਾਰੇ ’ਚ ਵਾਧਾ ਹੁੰਦਾ ਹੈ। ਮਲਚ ਨਾਲ ਨਦੀਨਾਂ ਦੀ ਘਣਤਾ ਨੂੰ ਵੀ ਬਹੁਤ ਹੱਦ ਤਕ ਘੱਟ ਕੀਤਾ ਜਾ ਸਕਦਾ ਹੈ। ਜੈਵਿਕ ਮਲਚ, ਜਿਵੇਂ ਕਿ ਫ਼ਸਲੀ ਰਹਿੰਦ-ਖੂੰਹਦ ਗਲਣ ਤੋਂ ਬਾਅਦ ਜ਼ਮੀਨ ’ਚ ਫ਼ਸਲਾਂ ਲਈ ਜ਼ਰੂਰੀ ਤੱਤ ਛੱਡ ਦਿੰਦੀ ਹੈ ਜਿਸ ਕਰਕੇ ਜ਼ਮੀਨ ਦੀ ਉਪਜਾਊ ਸ਼ਕਤੀ ’ਚ ਵਾਧਾ ਹੁੰਦਾ ਹੈ। ਇਕ ਟਨ ਪਰਾਲੀ ਵਿਚ 6.2 ਕਿੱਲੋ ਨਾਈਟ੍ਰੋਜਨ, 2.3 ਕਿੱਲੋ ਫਾਸਫੋਰਸ, 25 ਕਿੱਲੋ ਪੋਟਾਸ਼ੀਅਮ ਅਤੇ 1.2 ਕਿੱਲੋ ਸਲਫਰ ਮੌਜੂਦ ਹੁੰਦੇ ਹਨ, ਜੋ ਗਲਣ ਤੋਂ ਬਾਅਦ ਜ਼ਮੀਨ ਦੀ ਉਪਜਾਊ ਸ਼ਕਤੀ ’ਚ ਵਾਦਾ ਕਰਦੇ ਹਨ। ਖੇਤ ’ਚ ਮਲਚ ਵਿਛਾਉਣ ਨਾਲ ਜ਼ਮੀਨ ਦੀ ਪਾਣੀ ਨੂੰ ਸੰਭਾਲਣ ਦੀ ਸਮਰਥਾ ’ਚ ਵਾਧਾ ਹੁੰਦਾ ਹੈ। ਮਲਚ ਪਾਉਣ ਨਾਲ ਮਿਟੀ ਦੇ ਖੁਰਨ ਦੀ ਸਮੱਸਿਆ ਘਟਦੀ ਹੈ। ਜੇ ਅਸੀਂ ਵਾਧੂ ਪਰਾਲੀ ਨੂੰ ਖੇਤ ਵਿਚ ਸਾੜਨ ਦੀ ਥਾਂ ਮਲਚ ਦੇ ਰੂਪ ਵਿਚ ਵਰਤੀਏ ਤਾਂ ਇਸ ਨਾਲ ਹਵਾ ਪ੍ਰਦੂਸ਼ਣ ਵੀ ਘਟੇਗਾ, ਪ੍ਰਦੂਸ਼ਣ ਕਾਰਨ ਹੋਣ ਵਾਲੀਆਂ ਬਿਮਾਰੀਆਂ ’ਚ ਵੀ ਗਿਰਾਵਟ ਆਏਗੀ ਅਤੇ ਜ਼ਮੀਨ ਨੂੰ ਲੋੜੀਂਦੇ ਤੱਤ ਮਿਲਣ ਕਾਰਨ ਖਾਦਾਂ ਉੱਪਰ ਹੋਣ ਵਾਲੇ ਖ਼ਰਚ ’ਤੇ ਵੀ ਕਮੀ ਆਵੇਗੀ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪਰਾਲੀ, ਖੋਰੀ, ਰੁੱਖਾਂ ਦੇ ਪੱਤਿਆਂ ਆਦਿ ਦੀ ਮਲਚ ਦੇ ਤੌਰ ’ਤੇ ਵਰਤੋਂ ਕਰਨ ਦੀ ਸਿਫ਼ਾਰਸ਼ ਕਈ ਫ਼ਸਲਾਂ ਵਿਚ ਕੀਤੀ ਗਈ ਹੈ। ਇਨ੍ਹਾਂ ਵਿਚ ਹਲਦੀ, ਗੰਨਾ, ਮੈਂਥਾ, ਕਣਕ, ਆਲੂ, ਲਸਣ, ਮਿਰਚਾਂ, ਅਮਰੂਦ ਆਦਿ ਫ਼ਸਲਾਂ ਸ਼ਾਮਲ ਹਨ, ਜਿਨ੍ਹਾਂ ਲਈ ਮਲਚਿੰਗ ਬੇਹੱਦ ਲਾਭਦਾਇਕ ਹੈ।

***ਹਲਦੀ :*** *ਬਿਜਾਈ ਤੋਂ ਬਾਅਦ 36 ਕੁਇੰਟਲ ਪਰਾਲੀ ਪ੍ਰਤੀ ਏਕੜ ਖੇਤ ’ਚ ਖਿਲਾਰਨ ਨਾਲ ਹਲਦੀ ਦਾ ਪੁੰਗਾਰਾ ਵਧੀਆ ਹੁੰਦਾ ਹੈ ਤੇ ਨਦੀਨਾਂ ਦੀ ਰੋਕਥਾਮ ਹੁੰਦੀ ਹੈ।*

***ਮੈਂਥਾ :*** *ਬਿਜਾਈ ਤੋਂ ਬਾਅਦ ਪਰਾਲੀ ਨੂੰ 2.4 ਟਨ ਪ੍ਰਤੀ ਏਕੜ ਦੇ ਹਿਸਾਬ ਨਾਲ ਖੇਤ ’ਚ ਖਿਲਾਰੋ।*

***ਗੰਨਾ :*** *ਕਮਾਦ ਦੇ ਜੰਮ ਤੋਂ ਬਾਅਦ ਕਤਾਰਾਂ ’ਚ ਸੁੱਕਾ ਘਾਹ ਜਾਂ ਪਰਾਲੀ ਜਾਂ ਝੋਨੇ ਦਾ ਛਿਲਕਾ ਜਾਂ ਖੋਰੀ ਜਾਂ ਸੁੱਕੇ ਪੱਤੇ 20-25 ਕੁਇੰਟਲ ਪ੍ਰਤੀ ਏਕੜ ਵਿਛਾਉਣ ਨਾਲ ਜ਼ਮੀਨ ਦਾ ਤਾਪਮਾਨ ਘਟੇਗਾ ਤੇ ਜ਼ਮੀਨ ਵਿਚਲੀ ਸਿੱਲ੍ਹ ਨੂੰ ਸੰਭਾਲਿਆ ਜਾ ਸਕਦਾ ਹੈ। ਨਦੀਨਾਂ ਤੇ ਆਗ ਦੇ ਗੜੂੰਏਂ ਦੀ ਸਮੱਸਿਆ ਘੱਟਦੀ ਹੈ।*

***ਕਣਕ :*** *ਪੀਏਯੂ ਵੱਲੋਂ ਹੈਪੀ ਸੀਡਰ ਮਸ਼ੀਨ ’ਚ ਦਬਾਅ ਵਾਲੇ ਪਹੀਆਂ ਵਾਲੀ ਅਟੈਚਮੈਂਟ ਲਗਾਈ ਗਈ ਹੈ, ਜਿਹੜੀ ਕੰਬਾਈਨ ਨਾਲ ਕੱਟੇ ਝੋਨੇ ਦੇ ਵੱਢ ’ਚ ਬਿਜਾਈ ਦੌਰਾਨ ਪਰਾਲੀ ਨੂੰ ਕਣਕ ਦੇ ਸਿਆੜਾਂ ’ਚ ਮਲਚ ਦੇ ਰੂਪ ’ਚ ਦਬਾਅ ਦਿੰਦੀ ਹੈ। ਇਸ ਨਾਲ ਕਣਕ ਦਾ ਪੁੰਗਾਰਾ ਤੇ ਮੁਢਲਾ ਵਾਧਾ ਵਧੀਆ ਹੁੰਦਾ ਹੈ ਤੇ ਨਦੀਨਾਂ ਦੀ ਘਣਤਾ ਘਟਦੀ ਹੈ।*

***ਆਲੂ :*** *25 ਕੁਇੰਟਲ ਪਰਾਲੀ ਪ੍ਰਤੀ ਏਕੜ ਦੇ ਹਿਸਾਬ ਨਾਲ ਖੇਤ ’ਚ ਵਿਛਾਉਣ ਨਾਲ ਦੋ ਸਿੰਚਾਈਆਂ ਬਚਾਈਆਂ ਜਾ ਸਕਦੀਆਂ ਹਨ।*

***ਲਸਣ :*** *ਨਦੀਨ ਉੱਗਣ ਤੋਂ ਪਹਿਲਾਂ ਵਰਤੇ ਜਾਣ ਵਾਲੇ ਨਦੀਨਨਾਸ਼ਕ ਤੋਂ ਬਾਅਦ 25 ਕੁਇੰਟਲ ਪਰਾਲੀ ਪ੍ਰਤੀ ਏਕੜ ਵਿਛਾਉਣ ਨਾਲ ਨਦੀਨਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ।*

***ਮਿਰਚਾਂ :*** *ਮਿਰਚਾਂ ਦੀ ਫ਼ਸਲ ਵਿਚ 25 ਕੁਇੰਟਲ ਪਰਾਲੀ ਪ੍ਰਤੀ ਏਕੜ ਵਿਛਾ ਕੇ ਪਾਣੀ ਨੂੰ 15-16 ਸਿੰਚਾਈਆਂ ਤੋਂ ਘਟਾ ਕੇ 9 ’ਤੇ ਲਿਆਂਦਾ ਜਾ ਸਕਦਾ ਹੈ।*

***ਅਮਰੂਦ :*** *ਅਮਰੂਦਾਂ ਦੇ ਬੂਟਿਆਂ ਵਿਚ ਮਈ ਮਹੀਨੇ ਦੌਰਾਨ ਖਾਦਾਂ ਪਾਉਣ ਤੋਂ ਬਾਅਦ ਨਦੀਨਾਂ ਦੀ ਰੋਕਥਾਮ ਲਈ 4 ਟਨ ਪਰਾਲੀ ਪ੍ਰਤੀ ਏਕੜ ਮਲਚ ਦੇ ਤੌਰ ’ਤੇ ਵਰਤਣੀ ਚਾਹੀਦੀ ਹੈ।* •

# ਖੇਤੀ ਵਿਭਿੰਨਤਾ ’ਚ ਮੱਕੀ ਦੀ ਅਹਿਮੀਅਤ

• ਜਸਵੀਰ ਸਿੰਘ ਚਾਵਲਾ, ਮਹੇਸ਼ ਕੁਮਾਰ, 98726-60990

*ਪੰਜਾਬ ਵਿਚ 116 ਹਜ਼ਾਰ ਹੈਕਟੇਅਰ ਤੋਂ ਵੱਧ ਰਕਬੇ ’ਚ ਮੱਕੀ ਦੀ ਕਾਸ਼ਤ ਕੀਤੀ ਜਾਂਦੀ ਹੈ ਅਤੇ ਇਹ ਕਣਕ-ਝੋਨੇ ਤੋਂ ਬਾਅਦ ਭਾਰਤ ਦੀ ਤੀਜੀ ਮੁੱਖ ਫ਼ਸਲ ਹੈ। ਇਸ ਦੀ ਕਾਸ਼ਤ ਬਰਾਨੀ ਹਾਲਤਾਂ ’ਚ ਵੀ ਕੀਤੀ ਜਾ ਸਕਦੀ ਹੈ। ਜੇ ਮੱਕੀ ਦਾ ਮੰਡੀਕਰਨ ਕਣਕ-ਝੋਨੇ ਦੀ ਤਰਜ ’ਤੇ ਹੋ ਸਕੇ ਤਾਂ ਇਹ ਖੇਤੀ ਵਿਭਿੰਨਤਾ ’ਚ ਅਹਿਮ ਯੋਗਦਾਨ ਪਾ ਸਕਦੀ ਹੈ...*

ਝੋਨੇ ਤੇ ਕਣਕ ਤੋਂ ਬਾਅਦ ਮੱਕੀ ਭਾਰਤ ਦੀ ਤੀਜੀ ਮੁੱਖ ਫ਼ਸਲ ਹੈ। 2016-17 ਦੌਰਾਨ, ਪੰਜਾਬ ਵਿਚ 116 ਹਜ਼ਾਰ ਹੈਕਟੇਅਰ ਰਕਬੇ ’ਚ ਮੱਕੀ ਦੀ ਕਾਸ਼ਤ ਕੀਤੀ ਗਈ ਤੇ ਇਸ ਦੀ ਕੁੱਲ ਉਪਜ 445 ਹਜ਼ਾਰ ਟਨ ਹੋਈ। ਮੱਕੀ ਦਾ ਪ੍ਰਤੀ ਹੈਕਟਰ ਔਸਤ ਝਾੜ 38.35 ਕੁਇੰਟਲ ਰਿਹਾ। ਮੱਕੀ ਨੂੰ ਫੀਡ, ਭੋਜਨ ਤੇ ਚਾਰੇ ਲਈ ਵਰਤਿਆ ਜਾਂਦਾ ਹੈ। ਇਸ ਤੋਂ ਸਨਅਤੀ ਵਸਤਾਂ ਸਟਾਰਚ, ਤੇਲ, ਪ੍ਰੋਟੀਨ, ਦਵਾਈਆਂ, ਫਿਲਮ, ਕੱਪੜਾ ਤੇ ਕਾਗ਼ਜ਼ ਤਿਆਰ ਕੀਤਾ ਜਾਂਦਾ ਹੈ। ਜੇ ਮੱਕੀ ਦਾ ਮੰਡੀਕਰਨ ਵੀ ਝੋਨੇ ਦੀ ਤਰਜ ’ਤੇ ਹੋਵੇ ਤਾਂ ਪੰਜਾਬ ਵਿਚ ਖੇਤੀ ਵਿਭਿੰਨਤਾ ਲਿਆਉਣ ’ਚ ਮੱਕੀ ਮਹੱਤਵਪੂਰਨ ਯੋਗਦਾਨ ਪਾ ਸਕਦੀ ਹੈ। ਮੱਕੀ ਦੀ ਫ਼ਸਲ ਲਗਪਗ 100 ਦਿਨ੍ਹਾਂ ’ਚ ਪੱਕ ਜਾਂਦੀ ਹੈ, ਜਿਸ ਕਾਰਨ ਪਾਣੀ ਦੀ ਖਪਤ ਘਟ ਹੁੰਦੀ ਹੈ। ਇਸ ਦੀ ਕਾਸ਼ਤ ਬਰਾਨੀ ਇਲਾਕਿਆਂ ’ਚ ਵੀ ਸਫਲਤਾਪੂਰਵਕ ਕੀਤੀ ਜਾ ਸਕਦੀ ਹੈ। ਮੱਕੀ ਦੀ ਕਾਸ਼ਤ ਨੂੰ ਲਾਹੇਵੰਦ ਬਣਾਉਣ ਲਈ ਇਸ ਦੀਆਂ ਖ਼ਾਸ ਵਰਤੋਂ ਵਾਲੀਆਂ ਕਿਸਮਾਂ, ਜਿਵੇਂ ਸਵੀਟ ਕੌਰਨ (ਮਿੱਠੀ ਮੱਕੀ), ਪੌਪ ਕੌਰਨ (ਫੁੱਲਿਆਂ ਵਾਲੀ ਮੱਕੀ) ਤੇ ਬੇਬੀ ਕੌਰਨ (ਕੱਚੀ ਮੱਕੀ) ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਦੀ ਲੋੜ ਹੈ। ਮੱਕੀ ਦੀ ਕਾਸ਼ਤ ਲਈ ਕੁਝ ਅਹਿਮ ਗੱਲਾਂ ਨੂੰ ਧਿਆਨ ’ਚ ਰੱਖਣਾ ਜ਼ਰੂਰੀ ਹੈ :

ਮੱਕੀ ਦੀਆਂ ਦੋਗਲੀਆਂ ਤੇ ਕੰਪੋਜ਼ਿਟ ਕਿਸਮਾਂ ਦੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀ ਗਈ ਹੈ।

## ਬੀਜ ਦੀ ਮਾਤਰਾ ਤੇ ਸੋਧ

ਬਿਜਾਈ ਲਈ 8 ਕਿੱਲੋ ਬੀਜ ਪ੍ਰਤੀ ਏਕੜ ਵਰਤੋ। ਪਰਲ ਪੌਪ ਕੌਰਨ ਦੇ ਦਾਨਿਆਂ ਦਾ ਆਕਾਰ ਛੋਟਾ ਹੋਣ ਕਰਕੇ 7 ਕਿੱਲੋ ਬੀਜ ਪ੍ਰਤੀ ਏਕੜ ਕਾਫ਼ੀ ਹੈ। ਸੰਘਣੀ ਫ਼ਸਲ ’ਤੇ ਛੱਲੀਆਂ ਘੱਟ ਲਗਦੀਆਂ ਹਨ ਤੇ ਝਾੜ ਘਟਦਾ ਹੈ। ਖੇਤ ਵਿਚ ਬੂਟਿਆਂ ਦੀ ਘੱਟ ਗਿਣਤੀ ਹੋਣਾ ਝਾੜ ਦੇ ਘਟਣ ਦਾ ਵੱਡਾ ਕਾਰਨ ਬਣਦਾ ਹੈ। ਉੱਲੀ ਨਾਸ਼ਕ ਜ਼ਹਿਰਾਂ, ਜਿਵੇਂ ਬਾਵਿਸਟਨ ਜਾਂ ਡੈਰੋਸਲ ਜਾਂ ਐਗਰੋਜ਼ਿਮ 50 ਡਬਲਿਈਪੀ ਆਦਿ ਨਾਲ 3 ਗ੍ਰਾਮ ਪ੍ਰਤੀ ਕਿੱਲੋ ਦੇ ਹਿਸਾਬ ਨਾਲ ਬੀਜ ਨੂੰ ਬਿਜਾਈ ਤੋਂ ਪਹਿਲਾਂ ਸੋਧ ਲਵੋ।

## ਬਿਜਾਈ ਦਾ ਸਮਾਂ ਤੇ ਢੰਗ

ਸੇਂਜੂ ਹਾਲਤ ਵਿਚ ਮੱਕੀ ਦੀ ਬਿਜਾਈ ਮਈ ਦੇ ਅਖ਼ੀਰਲੇ ਹਫ਼ਤੇ ਤੋਂ ਜੂਨ ਦੇ ਅਖ਼ੀਰ ਤਕ ਕਰ ਲੈਣੀ ਚਾਹੀਦੀ ਹੈ। ਇਸ ਤਰ੍ਹਾਂ ਅਗਲੀ ਫ਼ਸਲ ਆਲੂ, ਤੋਰੀਆ, ਕਣਕ ਆਦਿ ਦੀ ਬਿਜਾਈ ਲਈ ਖੇਤ ਸਮੇਂ ਸਿਰ ਖ਼ਾਲੀ ਹੋ ਜਾਂਦਾ ਹੈ। ਸਮੇਂ ਸਿਰ ਬੀਜੀ ਫ਼ਸਲ ਤੋਂ ਝਾੜ ਵੀ ਚੰਗਾ ਮਿਲਦਾ ਹੈ ਤੇ ਬਾਰਿਸ਼ਾਂ ’ਚ ਜ਼ਿਆਦਾ ਪਾਣੀ ਦੇ ਨੁਕਸਾਨ ਤੋਂ ਵੀ ਬਚਿਆ ਜਾ ਸਕਦਾ ਹੈ। ਕਤਾਰ ਤੋਂ ਕਤਾਰ ਦਾ ਫ਼ਾਸਲਾ 60 ਸੈਂਟੀਮੀਟਰ ਰੱਖੋ ਤੇ ਬੂਟਿਆਂ ਵਿਚਕਾਰ ਫ਼ਾਸਲਾ 20 ਸੈਂਟੀਮੀਟਰ ਹੋਣਾ ਚਾਹੀਦਾ ਹੈ।

### ਖਾਲ਼ੀਆਂ ’ਚ ਬਿਜਾਈ

*ਮਈ ਦੇ ਅਖੀਰਲੇ ਹਫ਼ਤੇ ਤੋਂ ਅੱਧ ਜੂਨ ਤਕ ਮੱਕੀ ਦੀ ਬਿਜਾਈ ਟਰੈਕਟਰ ਵਾਲੀ ਰਿਜਰ ਮਸ਼ੀਨ ਨਾਲ ਬਣਾਈਆਂ ਖਾਲ਼ੀਆਂ ’ਚ ਕੀਤੀ ਜਾ ਸਕਦੀ ਹੈ। ਇਸ ਨਾਲ ਖ਼ੁਸ਼ਕ ਤੇ ਗਰਮ ਮੌਸਮ ’ਚ ਪਾਣੀ ਘੱਟ ਅਤੇ ਸੌਖਾ ਲਗਦਾ ਹੈ। ਖਾਲ਼ੀਆਂ ’ਚ ਬੀਜੀ ਮੱਕੀ ਦੀ ਫ਼ਸਲ ਘੱਟ ਡਿੱਗਦੀ ਹੈ ਤੇ ਪੱਧਰੀ ਬਿਜਾਈ ਨਾਲੋਂ ਝਾੜ ਵੀ ਜ਼ਿਆਦਾ ਦਿੰਦੀ ਹੈ।*

### ਜਲਵਾਯੂ ਤੇ ਜ਼ਮੀਨ

*ਮੱਕੀ ਦੀ ਕਾਸ਼ਤ ਲਈ ਚੰਗੇ ਜਲ ਨਿਕਾਸ, ਮੈਰਾ ਤੋਂ ਭੱਲ ਵਾਲੀ ਜ਼ਮੀਨ ਸਭ ਤੋਂ ਚੰਗੀ ਹੈ। ਮੱਕੀ ਨੂੰ ਉੱਗਣ ਤੋਂ ਲੈ ਕੇ ਨਿਸਰਨ ਤਕ ਸਿੱਲ੍ਹੇ ਤੇ ਗਰਮ ਜਲਵਾਯੂ ਦੀ ਲੋੜ ਹੈ। ਫ਼ਸਲ ਨਿਸਰਣ ਸਮੇਂ ਘੱਟ ਸਿੱਲ੍ਹ ਤੇ ਜ਼ਿਆਦਾ ਤਾਪਮਾਨ ਪੱਤਿਆਂ ਨੂੰ ਨੁਕਸਾਨ ਪਹੁੰਚਾਉਂਦਾ ਹੈ। ਪਰਾਗ ਕਣ ਸੁੱਕ ਜਾਂਦੇ ਹਨ, ਪਰਾਗਣ ਕਿਰਿਆ ਠੀਕ ਨਹੀਂ ਹੁੰਦੀ ਤੇ ਦਾਣੇ ਘੱਟ ਪੈਂਦੇ ਹਨ। ਚੰਗਾ ਝਾੜ ਲੈਣ ਲਈ ਖੇਤਾਂ ਦੇ ਜਲ ਨਿਕਾਸ ਦਾ ਠੀਕ ਪ੍ਰਬੰਧ ਹੋਣਾ ਬਹੁਤ ਜ਼ਰੂਰੀ ਹੈ।*

### ਗੋਡੀ ਕਰਨਾ ਤੇ ਬੂਟੇ ਵਿਰਲੇ ਕਰਨਾ

*ਬਿਜਾਈ ਤੋਂ 15 ਤੇ 30 ਦਿਨਾਂ ਬਾਅਦ ਦੋ ਗੋਡੀਆਂ ਕਰ ਕੇ ਫ਼ਸਲ ’ਚੋਂ ਘਾਹ-ਫੂਸ ਖ਼ਤਮ ਕਰ ਦੇਣਾ ਚਾਹੀਦਾ ਹੈ। ਪਹਿਲੀ ਗੋਡੀ ਰੰਬੇ ਜਾਂ ਕਸੌਲੇ ਨਾਲ ਕਰੋ। ਦੂਜੀ ਗੋਡੀ ਲਈ ਇਕ ਪਹੀਏ ਵਾਲੀ ਤ੍ਰਿਫਾਲੀ ਵਰਤੋ। ਪਹਿਲੀ ਗੋਡੀ ਸਮੇਂ ਬੂਟੇ ਵਿਰਲੇ ਕਰ ਦਿਉ ਤੇ ਬੂਟਿਆਂ ਵਿਚਕਾਰ ਫ਼ਾਸਲਾ 20 ਸੈਂਟੀਮੀਟਰ ਰੱਖੋ।*





## ਬਿਨਾਂ ਵਹਾਈ ਬਿਜਾਈ

ਕਣਕ ਤੋਂ ਬਾਅਦ ਮੱਕੀ ਨੂੰ ਬਿਨਾਂ ਜ਼ਮੀਨ ਵਾਹੇ ਜ਼ੀਰੋ ਟਿਲ ਡਰਿੱਲ ਨਾਲ ਬੀਜਿਆ ਜਾ ਸਕਦਾ ਹੈ। ਜਿਨ੍ਹਾਂ ਖੇਤਾਂ ’ਚ ਨਦੀਨ ਜ਼ਿਆਦਾ ਹੋਣ, ਉਥੇ ਅੱਧਾ ਲਿਟਰ ਗ੍ਰਾਮੈਕਸੋਨ 24 ਐੱਸਐੱਲ 200 ਲਿਟਰ ਪਾਣੀ ’ਚ ਘੋਲ ਕੇ ਬਿਜਾਈ ਤੋਂ ਪਹਿਲਾਂ ਛਿੜਕੋ। ਮੱਕੀ ਨੂੰ ਬਿਨਾਂ ਵਾਹੇ ਬੀਜਣ ਨਾਲ ਡੀਜ਼ਲ ਤੇ ਸਮੇਂ ਦੀ ਬੱਚਤ, ਪ੍ਰਦੂਸ਼ਣ ਘੱਟ ਹੁੰਦਾ ਹੈ, ਪਾਣੀ ਦੀ ਬੱਚਤ, ਨਦੀਨਾਂ ਦੀ ਸਮੱਸਿਆ ਘੱਟ ਹੋਣ ਕਾਰਨ ਝਾੜ ਵਧਦਾ ਹੈ।

## ਨਦੀਨਾਂ ਦੀ ਰੋਕਥਾਮ

ਚੌੜੇ ਪੱਤਿਆਂ ਵਾਲੇ ਨਦੀਨਾਂ ਲਈ ਦਰਮਿਆਨੀਆਂ ਤੇ ਭਾਰੀਆਂ ਜ਼ਮੀਨਾਂ ’ਚ ਐਟਰਾਟਾਫ 50 ਡਬਲਿਊਪੀ 800 ਗ੍ਰਾਮ ਪ੍ਰਤੀ ਏਕੜ ਤੇ ਹਲਕੀਆਂ ਜ਼ਮੀਨਾਂ ਲਈ 500 ਗ੍ਰਾਮ ਪ੍ਰਤੀ ਏਕੜ ਬਿਜਾਈ ਤੋਂ ਦਸ ਦਿਨ ਦੇ ਅੰਦਰ 200 ਲਿਟਰ ਪਾਣੀ ’ਚ ਘੋਲ ਕੇ ਵਰਤੋ ਜਾਂ 250 ਗ੍ਰਾਮ ਫ਼ਸਲ ਦੀਆਂ ਕਤਾਰਾਂ ਚੌੜੀ ਪੱਟੀ ’ਚ ਛਿੜਕਾਅ ਕਰੋ ਤੇ ਕਤਾਰਾਂ ’ਚ ਬਾਕੀ ਰਹਿੰਦੀ ਜਗ੍ਹਾ ਦੀ 15-30 ਦਿਨ੍ਹਾਂ ਬਾਅਦ ਗੋਡੀ ਕਰੋ। ਸਖ਼ਤ ਜਾਨ ਨਦੀਨ, ਬਾਂਸ ਪੱਤਾ, ਘਾਹ, ਕਾਂ ਮੱਕੀ ਆਦਿ ਦੀ ਲਈ 600 ਗ੍ਰਾਮ ਐਟਰਾਜੀਨ ਨੂੰ ਇਕ ਲਿਟਰ ਲਾਸੋ 50 ਈਸੀ ਜਾਂ ਇਕ ਲਿਟਰ ਸਟੌਂਪ 30 ਈਸੀ ਦਾ ਪ੍ਰਤੀ ਏਕੜ 200 ਲਿਟਰ ਪਾਣੀ ’ਚ ਘੋਲ ਕੇ ਬਿਜਾਈ ਤੋਂ 2 ਦਿਨ ਅੰਦਰ ਛਿੜਕਾਅ ਕਰੋ। ਖੜ੍ਹੀ ਫ਼ਸਲ ’ਚ ਨਦੀਨਾਂ ਦੀ ਰੋਕਥਾਮ ਲਈ 105 ਮਿਲੀਲਿਟਰ ਪ੍ਰਤੀ ਏਕੜ ਲੌਡਿਸ 420 ਐੱਸਸੀ ਦਾ ਛਿੜਕਾਅ 150 ਲਿਟਰ ਪਾਣੀ ’ਚ ਘੋਲ ਕੇ ਬਿਜਾਈ ਤੋਂ 20 ਦਿਨ ਬਾਅਦ ਕਰੋ। ਡੀਲੇ-ਮੋਥੇ ਲਈ 2,4-ਡੀ ਅਮਾਈਨ ਸਾਲਟ 58 ਫ਼ੀਸਦੀ 400 ਐੱਮਐੱਲ ਪ੍ਰਤੀ ਏਕੜ 150 ਲਿਟਰ ਪਾਣੀ ’ਚ ਘੋਲ ਕੇ ਛਿੜਕਾਅ ਕਰੋ।

## ਸਿੰਚਾਈ

ਮੱਕੀ ਨੂੰ 4 ਤੋਂ 6 ਪਾਣੀਆਂ ਦੀ ਲੋੜ ਹੁੰਦੀ ਹੈ। ਫ਼ਸਲ ਨੂੰ ਪਾਣੀ ਦੀ ਘਾਟ ਨਹੀਂ ਆਉਣ ਦੇਣੀ ਚਾਹੀਦੀ, ਖ਼ਾਸ ਕਰ ਕੇ ਨਿਸਰਣ ਤੇ ਸੂਤ ਕੱਤਣ ਸਮੇਂ। ਛੋਟੀ ਉਮਰ ਦੀ ਮੱਕੀ ’ਚ ਪਾਣੀ ਖੜ੍ਹਾ ਹੋਣ ਨਾਲ ਫ਼ਸਲ ਦਾ ਨੁਕਸਾਨ ਹੰਦਾ ਹੈ। ਜੇ ਜ਼ਿਆਦਾ ਪਾਣੀ ਖੜ੍ਹਨ ਨਾਲ ਨੁਕਸਾਨ ਹੋ ਜਾਵੇ ਤਾਂ 6 ਕਿੱਲੋ ਯੂਰੀਆ ਨੂੰ 200 ਲਿਟਰ ਪਾਣੀ ’ਚ ਘੋਲ ਬਣਾ ਕੇ (3 ਫ਼ੀਸਦੀ) ਦੋ ਵਾਰੀ ਹਫ਼ਤੇ ਦੇ ਫ਼ਰਕ ’ਤੇ ਛਿੜਕੋ। ਜੇ ਨੁਕਸਾਨ ਦਰਮਿਆਨੇ ਤੋਂ ਭਾਰੀ ਹੋਵੇ ਤਾਂ ਫ਼ਸਲ ਵਿੱਚੋਂ ਪਾਣੀ ਕੱਢਣ ਮਗਰੋਂ 12-24 ਕਿਲੋ ਨਾਈਟ੍ਰੋਜਨ (25-50 ਕਿੱਲੋ ਯੂਰੀਆ) ਪ੍ਰਤੀ ਏਕੜ ਹੋਰ ਪਾਉ।

## ਖਾਦਾਂ

ਮੱਕੀ ਦੀ ਫ਼ਸਲ ਖੁਰਾਕੀ ਤੱਤਾਂ ਨੂੰ ਬਹੁਤ ਮੰਨਦੀ ਹੈ ਪਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ ਤੇ ਫ਼ਸਲੀ ਚੱਕਰ ਅਨੁਸਾਰ ਹੀ ਕਰੋ। ਮੱਕੀ ਦੀ ਫ਼ਸਲ ’ਚ ਰੂੜੀ ਤੇ ਹਰੀ ਖਾਦ ਪਾਉ। ਹਰੀ ਖਾਦ ਲਈ ਰਵਾਂਹ ਜਾਂ ਸਣ ਜਾਂ ਜੰਤਰ ਦੀ ਬਿਜਾਈ ਕਰੋ। ਜੇ ਗਰਮ ਰੁੱਤ ਦੀ ਮੂੰਗੀ ਬੀਜੀ ਗਈ ਹੋਵੇ ਤਾਂ ਫਲੀਆਂ ਤੋੜਨ ਪਿੱਛੋਂ ਇਸ ਨੂੰ ਮੱਕੀ ਬੀਜਣ ਤੋਂ ਪਹਿਲਾਂ ਵਾਹ ਕੇ ਖੇਤ ’ਚ ਦੱਬ ਦਿਉ। ਰੂੜੀ ਦੀ ਵਰਤੋਂ ਨਾਲ ਜ਼ਮੀਨ ਦੀ ਹਾਲਤ ਸੁਧਰਦੀ ਹੈ ਤੇ ਜ਼ਮੀਨ ਦੀ ਪਾਣੀ ਸੰਭਾਲਣ ਦੀ ਸ਼ਕਤੀ ਵੀ ਵੱਧਦੀ ਹੈ।

ਚੰਗਾ ਝਾੜ ਲੈਣ ਲਈ ਲੰਬੇ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਪੀਐੱਮਐਚ-1, ਪ੍ਰਭਾਤ ਤੇ ਪੰਜਾਬ ਸਵੀਟ ਕੌਰਨ-1 ਨੂੰ 90 ਕਿੱਲੋ ਯੂਰੀਆ, 55 ਕਿੱਲੋ ਡੀਏਪੀ ਤੇ 20 ਕਿੱਲੋ ਮਿਊਰੇਟ ਆਫ ਪੋਟਾਸ਼ ਦੀ ਵਰਤੋਂ ਕਰੋ। ਘੱਟ ਸਮੇਂ ’ਚ ਪੱਕਣ ਵਾਲੀਆਂ ਕਿਸਮਾਂ, ਜਿਵੇਂ ਪੀਐੱਮਐੱਚ-2, ਕੇਸਰੀ ਤੇ ਪਰਲ ਪੌਪ ਕੌਰਨ ਨੂੰ 65 ਕਿੱਲੋ ਯੂਰੀਆ, 27 ਕਿੱਲੋ ਡੀਏਪੀ ਤੇ 15 ਕਿੱਲੋ ਮਿਊਰੇਟ ਆਫ ਪੋਟਾਸ਼ ਦੀ ਵਰਤੋਂ ਕਰੋ। ਜੇ ਖੇਤ ’ਚ ਜ਼ਿੰਕ ਦੀ ਘਾਟ ਹੋਵੇ ਤਾਂ 10 ਕਿੱਲੋ ਜ਼ਿੰਕ ਸਲਫੇਟ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਉ। ਸਾਰੀ ਫਾਸਫੋਰਸ, ਪੋਟਾਸ਼ ਤੇ ਤੀਜਾ ਹਿੱਸਾ ਨਾਈਟ੍ਰੋਜਨ ਵਾਲੀ ਖਾਦ ਬਿਜਾਈ ਸਮੇਂ ਪਾਉ। ਬਾਕੀ ਰਹਿੰਦੀ ਨਾਈਟ੍ਰੋਜਨ ਵਾਲੀ ਖਾਦ ਦੋ ਹਿੱਸਿਆਂ ਵਿਚ ਪਾਉ-ਇੱਕ ਹਿੱਸਾ ਉਸ ਵੇਲੇ ਪਾਉ, ਜਦ ਫ਼ਸਲ ਗੋਡੇ-ਗੋਡੇ ਹੋਵੇ ਤੇ ਦੂਸਰਾ ਹਿੱਸਾ ਬੂਰ ਪੈਣ ਤੋਂ ਪਹਿਲਾਂ ਪਾ ਦਿਉ। ਜੇ ਮੱਕੀ ਨੂੰ 6 ਟਨ ਪ੍ਰਤੀ ਏਕੜ ਤੋਂ ਵੱਧ ਰੂੜੀ ਹਰ ਸਾਲ ਪਾਈ ਜਾਵੇ ਤਾਂ ਬਿਜਾਈ ਸਮੇਂ ਖਾਦ ਦੀ ਲੋੜ ਨਹੀਂ।

## ਕੀੜੇ ਮਕੌੜੇ ਤੇ ਬਿਮਾਰੀਆਂ

ਮੱਕੀ ਦਾ ਗੜੂੰਆਂ ਸਾਉਣੀ ਰੁੱਤ ਦਾ ਮੁੱਖ ਕੀੜਾ ਹੈ। ਇਹ ਫ਼ਸਲ ਦਾ 15 ਫ਼ੀਸਦੀ ਤਕ ਨੁਕਸਾਨ ਕਰ ਸਕਦਾ ਹੈ। ਇਸ ਦੀ ਰੋਕਥਾਮ ਲਈ ਕੋਰਾਜ਼ਨ 18.5 ਐੱਸਸੀ 30 ਮਿਲੀਲੀਟਰ ਜਾਂ ਡੈਸਿਸ 2.8 ਈਸੀ 80 ਮਿਲੀਲੀਟਰ ਨੂੰ 60 ਲਿਟਰ ਪਾਣੀ ’ਚ ਘੋਲ ਕੇ ਪ੍ਰਤੀ ਏਕੜ 10-15 ਦਿਨ ਦੀ ਫ਼ਸਲ ’ਤੇ ਛਿੜਕੋ। ਮਿੱਤਰ ਕੀੜੇ ਟ੍ਰਾਈਕੋਗ੍ਰਾਮਾ ਨੂੰ ਵੀ 10 ਅਤੇ ਫਿਰ 17 ਦਿਨ ਦੀ ਫ਼ਸਲ ’ਤੇ ਛੱਡ ਕੇ ਗੜੂੰਏਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਇਕ ਏਕੜ ਲਈ 40 ਹਜ਼ਾਰ ਪਰਜੀਵੀ ਕਿਰਿਆ ਕੀਤੇ ਆਂਡਿਆਂ ਦੀ ਸਿਫ਼ਾਰਸ਼ ਕੀਤੀ ਗਈ ਹੈ। ਬੀਜ ਤੇ ਪੁੰਗਾਰ ਦੇ ਗਲਣ ਰੋਗ ਦੀ ਰੋਕਥਾਮ ਲਈ ਬੀਜ ਦੀ ਸੋਧ ਸਿਫ਼ਾਰਸ਼ ਕੀਤੇ ਉੱਲੀ ਨਾਸ਼ਕਾਂ ਨਾਲ ਕਰੋ। ਤਣਾ ਗਲਣ ਦੀ ਰੋਕਥਾਮ ਲਈ ਖੇਤ ’ਚ ਪਾਣੀ ਦੀ ਨਿਕਾਸੀ ਦੇ ਪੁਖ਼ਤਾ ਇੰਤਜ਼ਾਮ ਕਰੋ। •

ਕੌਮੀ ਪੱਤ੍ਰਿਕਾ

## ਸੰਪਾਦਕੀ

# ਲੋਕ ਸਭਾ ਹੱਦਬੰਦੀ ਦੀ 'ਚਾਲ'

ਲੋਕ ਸਭਾ ਹੱਦਬੰਦੀ ਬਿੱਲ ਨੂੰ ਔਰਤਾਂ ਦੇ ਹੱਕਾਂ ਲਈ ਲਿਆਂਦੇ ਗਏ ਬਿੱਲ ਦੇ ਓਹਲੇ ਵਿੱਚ ਲਿਆਂਦਾ ਗਿਆ ਜਦੋਂਕਿ ਔਰਤਾਂ ਲਈ ਰਾਖਵਾਂਕਰਨ ਬਿੱਲ ਸੰਸਦ ਦੇ ਦੋਵਾਂ ਸਦਨਾਂ ਵਿੱਚ ਸਤੰਬਰ 2023 ਵਿੱਚ ਹੀ ਪਾਸ ਹੋ ਚੁੱਕਿਆ ਸੀ। ਸੁਮੱਚੀ ਵਿਰੋਧੀ ਧਿਰ ਨੇ ਸਾਲ 2024 ਦੀਆਂ ਲੋਕ ਸਭਾ ਚੋਣਾਂ 'ਚ ਹੀ ਇਸ ਨੂੰ ਲਾਗੂ ਕਰਨ 'ਤੇ ਜ਼ੋਰ ਦਿੱਤਾ ਸੀ, ਪਰ ਸਰਕਾਰ ਦਾ ਤਰਕ ਸੀ ਕਿ ਸਾਲ 1976 ਅਤੇ 2001 ਵਿੱਚ ਦੋ ਵਾਰ ਲੋਕ ਸਭਾ ਮੈਂਬਰਾਂ ਦੀ ਗਿਣਤੀ ਫਰੀਜ਼ ਕਰ ਦਿੱਤੀ ਗਈ ਸੀ ਤਾਂ ਇਸ ਨੂੰ 2026 ਦੀ ਜਨਗਣਨਾ ਤੋਂ ਬਾਅਦ ਸੰਸਦ ਦੀਆਂ ਸੀਟਾਂ ਵਧਾ ਕੇ ਲਾਗੂ ਕੀਤਾ ਜਾਵੇਗਾ। ਹਾਲਾਂਕਿ ਪੰਚਾਇਤੀ ਸੰਸਥਾਵਾਂ ਵਿੱਚ ਔਰਤ ਰਾਖਵਾਂਕਰਨ ਬਿਨਾਂ ਸੀਟਾਂ ਵਧਾਏ ਕੀਤਾ ਗਿਆ ਸੀ।ਸਰਕਾਰ ਇਸ ਮਾਮਲੇ ਸਬੰਧੀ ਕੁਝ ਸਵਾਲਾਂ ਦੇ ਜਵਾਬ ਨਹੀਂ ਦੇ ਸਕੀ। ਕੀ ਸਰਕਾਰ ਲੋਕ ਸਭਾ ਵਿੱਚ ਮੈਂਬਰਾਂ ਦੀ ਗਿਣਤੀ ਵਧਾ ਕੇ ਪੁਰਸ਼ ਮੈਂਬਰਾਂ ਦੀ ਪਹਿਲੀ ਗਿਣਤੀ ਨੂੰ ਬਰਕਰਾਰ ਰੱਖਣਾ ਚਾਹੁੰਦੀ ਸੀ ? ਪਹਿਲੇ ਬਿੱਲ ਵਿੱਚ ਕੀ ਨੁਕਸ ਸੀ ? ਜਦੋਂ ਵਿਧਾਨ ਸਭਾ ਚੋਣਾਂ ਸਿਖਰ 'ਤੇ ਸਨ ਤਾਂ ਇਹ ਵਿਸ਼ੇਸ਼ ਸੈਸ਼ਨ ਬੁਲਾਉਣ ਦੀ ਕੀ ਤੁਕ ਸੀ ? ਉਲਟਾ ਵਿਧਾਨ ਸਭਾ ਚੋਣਾਂ ਦੀ ਹਾਲਤ ਵਿੱਚ ਸੰਸਦ ਮੈਂਬਰਾਂ ਨੂੰ ਚੋਣ ਪ੍ਰਚਾਰ ਕਰਨ ਲਈ ਸੈਸ਼ਨ ਛੋਟਾ ਕਰ ਦਿੱਤਾ ਜਾਂਦਾ ਰਿਹਾ ਹੈ। ਔਰਤਾਂ ਲਈ ਰਾਖਵਾਂਕਰਨ 2029 ਵਿੱਚ ਲਾਗੂ ਕੀਤਾ ਜਾਵੇਗਾ, ਫਿਰ ਇਸ ਕਾਹਲੀ ਦੀ ਲੋੜ ਕੀ ਸੀ ? ਅੱਜ ਤੱਕ ਕੋਈ ਵੀ ਸੰਵਿਧਾਨਕ ਸੋਧ ਬਿੱਲ ਜਿਨ੍ਹਾਂ ਵਿੱਚ ਵਿਵਾਦਤ ਨਾਗਰਿਕਤਾ ਸੋਧ, ਤਿੰਨ ਖੇਤੀ ਕਾਨੂੰਨ, ਧਾਰਾ 370 ਖ਼ਤਮ ਕਰਨ ਸਬੰਧੀ ਸੋਧ ਆਦਿ ਬਿੱਲ ਵੀ ਸ਼ਾਮਿਲ ਹਨ, ਸਰਕਾਰ ਨੇ ਅਸਫ਼ਲ ਨਹੀਂ ਹੋਣ ਦਿੱਤੇ। ਦਰਅਸਲ, ਸਰਕਾਰ ਔਰਤਾਂ ਦੇ ਰਾਖਵੇਂਕਰਨ ਬਿੱਲ ਦੇ ਗੱਡੇ ਨਾਲ ਹੱਦਬੰਦੀ ਦਾ ਕੱਟਾ ਬੰਨ੍ਹ ਕੇ ਪਾਸ ਕਰਵਾਉਣਾ ਚਾਹੁੰਦੀ ਸੀ ਅਤੇ ਨਾਲ ਹੀ ਬੰਗਾਲ ਚੋਣਾਂ ਵਿੱਚ ਔਰਤਾਂ ਨੂੰ ਭਰਮਾਉਣਾ ਚਾਹੁੰਦੀ ਸੀ, ਜਿਹੜੀਆਂ ਮਮਤਾ ਬੈਨਰਜੀ ਦੇ ਪਿੱਛੇ ਖੜ੍ਹੀਆਂ ਨਜ਼ਰ ਆਉਂਦੀਆਂ ਹਨ।

ਹੱਦਬੰਦੀ ਦਾ ਬਿੱਲ ਜੇਕਰ ਪਾਸ ਹੋ ਜਾਂਦਾ ਤਾਂ ਹਿੰਦੀ ਭਾਸ਼ਾਈ ਰਾਜਾਂ (ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਬਿਹਾਰ, ਰਾਜਸਥਾਨ, ਹਰਿਆਣਾ, ਛੱਤੀਸਗੜ੍ਹ, ਉੱਤਰਾਖੰਡ, ਝਾਰਖੰਡ ਅਤੇ ਦਿੱਲੀ) ਦਾ ਲੋਕ ਸਭਾ ਵਿੱਚ ਹਿੱਸਾ 38.1 ਤੋਂ ਵਧ ਕੇ 43.1 ਫ਼ੀਸਦੀ ਹੋ ਜਾਣਾ ਸੀ। ਦੱਖਣੀ, ਪੂਰਬੀ ਅਤੇ ਉੱਤਰ-ਪੂਰਬੀ ਰਾਜਾਂ ਦਾ ਹਿੱਸਾ ਕ੍ਰਮਵਾਰ 24.3, 14.4 ਅਤੇ 4.4 ਫ਼ੀਸਦੀ ਤੋਂ ਘਟ ਕੇ 20.7, 13.7 ਅਤੇ 3.8 ਫ਼ੀਸਦੀ ਹੋ ਜਾਣਾ ਸੀ। ਸੰਵਿਧਾਨ ਦੀ ਧਾਰਾ 81(2) ਅਨੁਸਾਰ ਆਬਾਦੀ ਦੇ ਲਿਹਾਜ਼ ਨਾਲ ਹੀ ਲੋਕ ਸਭਾ ਦੇ ਮੈਂਬਰ ਹੁੰਦੇ ਹਨ। ਇਸ ਤਰ੍ਹਾਂ ਹਿੰਦੀ ਭਾਸ਼ਾਈ ਰਾਜਾਂ ਵਿੱਚ ਲੋਕ ਸਭਾ ਸੀਟਾਂ ਦੀ ਗਿਣਤੀ ਜਿੱਥੇ 76.8 ਫ਼ੀਸਦੀ ਵਧ ਜਾਣੀ ਸੀ, ਉੱਥੇ ਦੱਖਣੀ ਰਾਜਾਂ ਦੀ ਗਿਣਤੀ ਸਿਰਫ਼ 33.3 ਫ਼ੀਸਦੀ, ਪੂਰਬੀ ਰਾਜਾਂ ਦੀ ਗਿਣਤੀ 48.7 ਫ਼ੀਸਦੀ ਅਤੇ ਉੱਤਰ-ਪੂਰਬੀ ਰਾਜਾਂ ਦੀਆਂ ਲੋਕ ਸਭਾ ਸੀਟਾਂ ਦੀ ਗਿਣਤੀ 33.3 ਫ਼ੀਸਦੀ ਹੀ ਵਧਣੀ ਸੀ। ਪ੍ਰਧਾਨ ਮੰਤਰੀ ਜ਼ੁਬਾਨੀ ਕਹਿੰਦੇ ਰਹੇ ਕਿ ਉਨ੍ਹਾਂ ਦੀ ਗਾਰੰਟੀ ਹੈ ਕਿ ਦੱਖਣੀ ਰਾਜਾਂ ਨੂੰ ਕੋਈ ਨੁਕਸਾਨ ਨਹੀਂ ਹੋਵੇਗਾ, ਪਰ ਹੱਦਬੰਦੀ ਬਿੱਲ ਵਿੱਚ ਅਜਿਹਾ ਕੋਈ ਵੀ ਲਿਖਤੀ ਪ੍ਰਬੰਧ ਨਹੀਂ ਸੀ। ਇਸ ਫਾਰਮੂਲੇ ਨਾਲ ਤਾਂ ਜਿਹੜੇ ਰਾਜਾਂ ਨੇ ਆਬਾਦੀ ਕੰਟਰੋਲ ਵਿੱਚ ਚੰਗਾ ਕੰਮ ਕੀਤਾ ਹੈ, ਉਹਨਾਂ ਨੂੰ ਸਜ਼ਾ ਮਿਲ ਜਾਣੀ ਸੀ। ਨੈਸ਼ਨਲ ਫੈਮਿਲੀ ਹੈਲਥ ਸਰਵੇ-5 ਅਨੁਸਾਰ ਸਾਰੇ ਦੱਖਣੀ ਰਾਜਾਂ ਦੀ ਪ੍ਰਜਣਨ ਦਰ 1.5 ਤੋਂ 1.8 ਦਰਮਿਆਨ ਹੈ, ਜੋ ਆਬਾਦੀ ਦੀ ਬਦਲੀ ਦਰ (Replacement level) 2.1 ਤੋਂ ਥੱਲੇ ਹੈ ਜਦੋਂਕਿ ਬਿਹਾਰ (2.9), ਉੱਤਰ ਪ੍ਰਦੇਸ਼ (2.4) ਅਤੇ ਝਾਰਖੰਡ (2.3) ਵਰਗੇ ਰਾਜਾਂ ਵਿੱਚ ਜ਼ਿਆਦਾ ਹੈ। ਦੱਖਣੀ ਰਾਜ ਆਬਾਦੀ ਕੰਟਰੋਲ ਵਿੱਚ ਹੀ ਨਹੀਂ ਬਲਕਿ ਬਾਕੀ ਮਨੁੱਖੀ ਵਿਕਾਸ ਸੂਚਕ ਅੰਕਾਂ ਵਿੱਚ ਵੀ ਬਾਕੀ ਮੁਲਕ ਲਈ ਰਾਹ-ਦਸੇਰੇ ਹਨ। ਜਿਵੇਂ ਜਨਮ ਤੋਂ ਇੱਕ ਸਾਲ ਤੱਕ ਮਰਨ ਵਾਲੇ ਬੱਚਿਆਂ ਦੀ ਦਰ (Infant Mortality Rate) ਕੇਰਲਮ ਅਤੇ ਤਾਮਿਲਨਾਡੂ ਵਿੱਚ ਕ੍ਰਮਵਾਰ 4.4 ਅਤੇ 12 ਹੈ, ਉੱਥੇ ਹੀ ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਛੱਤੀਸਗੜ੍ਹ ਵਿੱਚ ਇਹ ਦਰ 37 ਹੈ। ਜਣੇਪੇ ਦੌਰਾਨ ਮਾਵਾਂ ਦੀ ਮੌਤ ਦਰ (Maternal Mortality Rate) ਕੇਰਲਮ, ਤਾਮਿਲਨਾਡੂ, ਆਂਧਰਾ ਅਤੇ ਤਿਲੰਗਾਨਾ ਵਿੱਚ ਕ੍ਰਮਵਾਰ 18, 38, 47 ਅਤੇ 50 ਹੈ ਜਦੋਂਕਿ ਉੱਤਰ ਪ੍ਰਦੇਸ਼/ਛੱਤੀਸਗੜ੍ਹ ਵਿੱਚ 141 ਅਤੇ ਮੱਧ ਪ੍ਰਦੇਸ਼ ਵਿੱਚ ਮਾਵਾਂ ਦੀ ਮੌਤ ਦਰ 159 ਹੈ। ਪੰਜ ਸਾਲ ਦੀ ਉਮਰ ਤੱਕ ਦੇ ਬੱਚਿਆਂ ਵਿੱਚ ਘੱਟ ਸਰੀਰਕ ਵਾਧਾ (Stunted Growth) ਜਿਹੜੇ ਜ਼ਿਲ੍ਹਿਆਂ ਵਿੱਚ ਸਭ ਤੋਂ ਵੱਧ ਪਾਇਆ ਜਾਂਦਾ ਹੈ ਉਨ੍ਹਾਂ ਜ਼ਿਲ੍ਹਿਆਂ ਵਿੱਚੋਂ ਅੱਸੀ ਪ੍ਰਤੀਸ਼ਤ ਜ਼ਿਲ੍ਹੇ ਬਿਹਾਰ, ਝਾਰਖੰਡ, ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਵਿੱਚ ਹਨ। ਜਦੋਂ ਸਾਲ 2001 ਵਿੱਚ ਹੱਦਬੰਦੀ 'ਤੇ ਅਗਲੇ ਪੱਚੀ ਸਾਲਾਂ ਤੱਕ ਰੋਕ ਲਗਾਈ ਗਈ ਸੀ ਤਾਂ ਉਦੋਂ ਦੇ ਕਾਨੂੰਨ ਮੰਤਰੀ ਅਰੁਣ ਜੇਤਲੀ ਨੇ 23 ਅਗਸਤ 2001 ਨੂੰ ਪਾਰਲੀਮੈਂਟ ਵਿੱਚ ਕਿਹਾ ਸੀ, "ਆਸ ਹੈ ਕਿ ਭਾਰਤ ਸਾਲ 2026 ਤੱਕ ਆਬਾਦੀ ਸਥਿਰ ਕਰਨ ਵਿੱਚ ਕਾਮਯਾਬ ਹੋ ਜਾਵੇਗਾ ਅਤੇ ਹੁਣ ਜਿਹੜੇ ਰਾਜਾਂ ਨੇ ਆਬਾਦੀ ਕੰਟਰੋਲ ਕਰਨ ਵਿੱਚ ਸ਼ਾਨਦਾਰ ਕੰਮ ਕੀਤਾ ਹੈ ਉਹਨਾਂ ਦੀ ਲੋਕ ਸਭਾ ਵਿੱਚ ਅਨੁਪਾਤਿਕ ਨੁਮਾਇੰਦਗੀ ਨਹੀਂ ਘਟਾਈ ਜਾ ਸਕਦੀ।"

ਮੌਜੂਦਾ ਸਰਕਾਰ ਨੇ ਸਾਰੇ ਤਰਕਾਂ ਨੂੰ ਵਿਸਾਰ ਕੇ ਆਪਣੀਆਂ ਸਿਆਸੀ ਗਿਣਤੀਆਂ ਮਿਣਤੀਆਂ ਵਿੱਚ ਹਿੰਦੀ ਭਾਸ਼ਾਈ ਰਾਜਾਂ ਦਾ ਅਨੁਪਾਤ ਵਧਾਉਣ ਦਾ ਤਹੱਈਆ ਹੀ ਕਰ ਲਿਆ ਹੈ। ਇਸ ਕਾਹਲ ਨੂੰ ਸਮਝਣ ਲਈ ਸਾਨੂੰ 1952 ਤੋਂ 2024 ਤੱਕ ਦੀਆਂ ਲੋਕ ਸਭਾ ਚੋਣਾਂ ਦਾ ਗਣਿਤ ਸਮਝਣਾ ਪੈਣਾ ਹੈ। ਭਾਰਤੀ ਜਨਤਾ ਪਾਰਟੀ ਦੇ ਪਹਿਲੇ ਸਰੂਪ ਜਨਸੰਘ ਨੇ 1971 ਤੱਕ ਕੁੱਲ 54 ਲੋਕ ਸਭਾ ਸੀਟਾਂ ਜਿੱਤੀਆਂ ਸਨ ਜਿਨ੍ਹਾਂ ਵਿੱਚੋਂ 48 ਸੀਟਾਂ (88.88 ਫ਼ੀਸਦੀ) ਹਿੰਦੀ ਭਾਸ਼ਾਈ ਰਾਜਾਂ ਵਿੱਚੋਂ ਅਤੇ ਸਿਰਫ਼ 6 ਸੀਟਾਂ ਗੈਰ-ਹਿੰਦੀ ਰਾਜਾਂ ਵਿੱਚੋਂ ਜਿੱਤੀਆਂ ਸਨ। ਜਨਸੰਘ ਦੇ ਜਨਤਾ ਪਾਰਟੀ ਵਿੱਚ ਰਲੇਵੇਂ ਤੋਂ ਬਾਅਦ 1977 ਅਤੇ 1980 ਦੀਆਂ ਚੋਣਾਂ ਜਨਤਾ ਪਾਰਟੀ ਦੇ ਟਿਕਟ 'ਤੇ ਲੜੀਆਂ ਗਈਆਂ। ਸਾਲ 1980 ਭਾਰਤੀ ਜਨਤਾ ਪਾਰਟੀ ਦਾ ਜਨਮ ਹੋਇਆ। 1984 ਦੇ ਦੌਰ ਤੋਂ ਬਾਅਦ ਭਾਜਪਾ ਦਾ ਗ੍ਰਾਫ ਵਧਣਾ ਸ਼ੁਰੂ ਹੋਇਆ। ਲੇਖ ਨਾਲ ਦਿੱਤੀ ਗਈ ਸਾਰਣੀ ਤੋਂ ਭਾਜਪਾ ਦੀ ਹਿੰਦੀ ਭਾਸ਼ਾਈ ਰਾਜਾਂ ਵਿੱਚ ਕਾਰਗੁਜ਼ਾਰੀ ਸਪੱਸ਼ਟ ਹੁੰਦੀ ਹੈ। ਇਸ ਹੱਦਬੰਦੀ ਬਿੱਲ ਅਨੁਸਾਰ ਗੁਜਰਾਤ ਅਤੇ ਮਹਾਰਾਸ਼ਟਰ ਦੀ ਲੋਕ ਸਭਾ ਵਿੱਚ ਅਨੁਪਾਤਕ ਨੁਮਾਇੰਦਗੀ ਵਿੱਚ ਕੋਈ ਜ਼ਿਕਰਯੋਗ ਫ਼ਰਕ ਨਹੀਂ ਪੈਣ ਲੱਗਿਆ। ਇਨ੍ਹਾਂ ਦੋਵੇਂ ਰਾਜਾਂ ਨੇ ਭਾਜਪਾ ਦੀਆਂ ਸਾਲ 1989 ਤੋਂ 2024 ਤੱਕ ਭਾਜਪਾ ਦੀਆਂ ਜਿੱਤੀਆਂ ਕੁੱਲ ਲੋਕ ਸਭਾ ਸੀਟਾਂ ਵਿੱਚ ਔਸਤ 19.3 ਫ਼ੀਸਦੀ ਸੀਟਾਂ ਦਾ ਯੋਗਦਾਨ ਪਾਇਆ ਹੈ। ਉਪਰੋਕਤ ਅੰਕੜਿਆਂ ਤੋਂ ਸਪੱਸ਼ਟ ਹੈ ਕਿ ਭਾਜਪਾ ਦੀ ਸਿਆਸੀ ਜ਼ਮੀਨ ਲਈ ਹਿੰਦੀ ਭਾਸ਼ਾਈ ਖੇਤਰ ਇੱਕ ਜਰਖੇਜ਼ ਜ਼ਮੀਨ ਹੈ। ਇਸ ਦੇ ਨਾਲ ਹੀ 1980 ਅਤੇ 1984 ਦੀਆਂ ਲੋਕ ਸਭਾ ਚੋਣਾਂ ਦਾ ਅੰਕੜਾ ਵੀ ਕਾਬਲੇਗ਼ੌਰ ਹੈ। ਸਾਲ 1980 ਵਿੱਚ ਕਾਂਗਰਸ ਨੇ 353 ਲੋਕ ਸਭਾ ਸੀਟਾਂ ਜਿੱਤ ਕੇ ਸੱਤਾ ਵਿੱਚ ਵਾਪਸੀ ਕੀਤੀ। ਅਗਲੀਆਂ ਲੋਕ ਸਭਾ ਚੋਣਾਂ ਸਿੱਖ ਘੱਟਗਿਣਤੀ ਪ੍ਰਤੀ ਫੈਲੀ ਨਫ਼ਰਤ ਦੇ ਮਾਹੌਲ ਵਿੱਚ ਹੋਈਆਂ।

ਕਾਂਗਰਸ ਨੇ 414 ਲੋਕ ਸਭਾ ਸੀਟਾਂ ਨਾਲ ਹੂੰਝਾ ਫੇਰ ਜਿੱਤ ਹਾਸਲ ਕੀਤੀ, ਜਿਹੜੀ ਪਿਛਲੀਆਂ ਲੋਕ ਸਭਾ ਸੀਟਾਂ ਨਾਲੋਂ 61 ਵੱਧ ਸਨ। ਇਹਨਾਂ ਵਾਧੂ 61 ਸੀਟਾਂ ਵਿੱਚੋਂ ਕਾਂਗਰਸ ਨੂੰ 57 ਸੀਟਾਂ ਇਕੱਲੇ ਹਿੰਦੀ ਭਾਸ਼ਾਈ ਰਾਜਾਂ ਵਿੱਚੋਂ ਮਿਲੀਆਂ। ਰਾਜਸਥਾਨ, ਦਿੱਲੀ, ਹਰਿਆਣਾ ਅਤੇ ਮੱਧ ਪ੍ਰਦੇਸ਼ ਵਿੱਚ ਤਾਂ ਕਾਂਗਰਸ ਨੇ ਲੋਕ ਸਭਾ ਦੀਆਂ ਸਾਰੀਆਂ ਸੀਟਾਂ ਜਿੱਤੀਆਂ। ਇਹਨਾਂ ਅੰਕੜਿਆਂ ਤੋਂ ਸਪੱਸ਼ਟ ਹੈ ਕਿ ਮੁਲਕ ਦਾ ਇਹ ਖੇਤਰ ਧਰੁਵੀਕਰਨ ਅਤੇ ਫਿਰਕੂ ਸਿਆਸਤ ਦਾ ਅਕਸਰ ਬਹੁਤ ਜ਼ਿਆਦਾ ਸ਼ਿਕਾਰ ਹੋ ਜਾਂਦਾ ਹੈ। ਇਹਨਾਂ ਗਿਣਤੀਆਂ ਮਿਣਤੀਆਂ ਵਿੱਚੋਂ ਹੀ ਭਾਜਪਾ ਸਰਕਾਰ ਇਨ੍ਹਾਂ ਰਾਜਾਂ 'ਚ ਲੋਕ ਸਭਾ ਦੀਆਂ ਸੀਟਾਂ ਹਰ ਹਾਲਤ ਵਿੱਚ ਵਧਾਉਣਾ ਚਾਹੁੰਦੀ ਹੈ ਤਾਂ ਜੋ ਉਸ ਦਾ ਲੋਕ ਸਭਾ ਵਿੱਚ ਬਹੁਮਤ ਬਣਿਆ ਰਹੇ ਅਤੇ ਉਸ ਨੂੰ ਮੁਲਕ ਦੇ ਦੂਸਰੇ ਖਿੱਤਿਆਂ 'ਤੇ ਨਿਰਭਰ ਨਾ ਰਹਿਣਾ ਪਵੇ।

# ਫਿਕੋ ਨੇ ਨਵੇਂ ਨਿਗਮ ਕਮਿਸ਼ਨਰ ਨਾਲ ਕੀਤੀ ਮੁਲਾਕਾਤ, ਉਦਯੋਗ ਨੂੰ ਦਰਪੇਸ਼ ਸਮੱਸਿਆਵਾਂ ਤੋਂ ਕਰਵਾਇਆ ਜਾਣੂ



**ਲੁਧਿਆਣਾ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**

ਲੁਧਿਆਣਾ ਫੈਡਰੇਸ਼ਨ ਆਫ਼ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ (ਫਿਕੋ) ਦੇ ਇੱਕ ਵਫ਼ਦ ਨੇ ਪ੍ਰਧਾਨ ਗੁਰਮੀਤ ਸਿੰਘ ਕੁਲਾਰ ਦੀ ਅਗਵਾਈ ਹੇਠ ਉਦਯੋਗਪਤੀਆਂ ਦੇ ਇੱਕ ਵਫ਼ਦ ਨੇ ਡਾ.ਨੀਰੂ ਕਤਿਆਲ ਗੁਪਤਾ ਕਮਿਸ਼ਨਰ ਨਗਰ ਨਿਗਮ ਲੁਧਿਆਣਾ ਨਾਲ ਮੁਲਾਕਾਤ ਕੀਤੀ ਅਤੇ ਉਦਯੋਗਪਤੀਆਂ ਨੂੰ ਦਰਪੇਸ਼ ਸਮੱਸਿਆਵਾਂ ਤੇ ਵਿਸਥਾਰ ਨਾਲ ਚਰਚਾ ਕੀਤੀ। ਕਮਿਸ਼ਨਰ ਗੁਪਤਾ ਨੇ ਕਿਹਾ ਕਿ ਸਾਰੇ ਬਿੰਦੂਆਂ ਤੇ ਵਿਚਾਰ ਕੀਤਾ ਗਿਆ ਹੈ ਅਤੇ ਇਨ੍ਹਾਂ ਸਾਰੇ ਖ਼ਤਰਿਆਂ ਨੂੰ ਰੋਕਣ ਲਈ ਜੰਗੀ ਪੱਧਰ ਤੇ ਕੰਮ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ, ਅਵਤਾਰ ਸਿੰਘ ਭੋਗਲ ਉਪ ਪ੍ਰਧਾਨ ਐਪੈਕਸ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ, ਰਘਬੀਰ ਸਿੰਘ ਸੋਹਲ ਪ੍ਰਧਾਨ ਪਲਾਈਵੁੱਡ ਮੈਨੂਫੈਕਚਰਰਜ਼ ਐਸੋਸੀਏਸ਼ਨ, ਰਾਜੀਵ ਜੈਨ ਜਨਰਲ ਸਕੱਤਰ ਪਲਾਸਟਿਕ ਮੈਨੂਫੈਕਚਰਰਜ਼ ਐਂਡ ਟ੍ਰੇਡਰਜ਼ ਐਸੋਸੀਏਸ਼ਨ, ਗੁਰਮੁੱਖ ਸਿੰਘ ਰੁਪਾਲ ਜਨਰਲ ਸਕੱਤਰ ਯੂਨਾਈਟਿਡ ਸਿਲਾਈ ਮਸ਼ੀਨਾਂ ਤੇ ਪਾਰਟਸ ਮੈਨੂਫੈਕਚਰਰਜ਼ ਐਸੋਸੀਏਸ਼ਨ, ਰਵੀ ਮਹਾਜਨ ਕਾਰਜਕਾਰੀ ਮੈਂਬਰ ਫਿਕੋ ਮੌਜੂਦ ਸਨ। -ਫੋਕਲ ਪੁਆਇੰਟ ਚ ਕੂੜਾ ਨੇੜਲੇ ਖੇਤਰਾਂ ਤੇ ਲੇਬਰ ਕੁਆਰਟਰਾਂ ਤੋਂ ਕੂੜਾ ਫੋਕਲ ਪੁਆਇੰਟਾਂ ਦੀਆਂ ਸੜਕਾਂ ਦੇ ਕਿਨਾਰੇ ਸੁੱਟਿਆ ਜਾ ਰਿਹਾ ਹੈ, ਜਿਸ ਨਾਲ ਫੋਕਲ ਪੁਆਇੰਟ ਡੰਪਿੰਗ ਗਰਾਊਂਡ ਵਰਗੇ ਦਿਖਾਈ ਦਿੰਦੇ ਹਨ। ਇਹ ਬਹੁਤ ਗੰਦੇ ਅਤੇ ਗੈਰ-ਸਿਹਤਮੰਦ ਹਾਲਾਤ ਪੈਦਾ ਕਰਦਾ ਹੈ।ਉਦਯੋਗਪਤੀਆਂ ਦੇ ਤੌਰ ਤੇ ਅਸੀਂ ਖਿੰਡੇ ਹੋਏ ਕੂੜੇ ਕਾਰਨ ਆਪਣੀਆਂ ਫੈਕਟਰੀਆਂ ਵਿੱਚ ਅੰਤਰਰਾਸ਼ਟਰੀ ਗਾਹਕਾਂ ਨੂੰ ਲਿਆਉਣ ਤੋਂ ਸ਼ਰਮ ਮਹਿਸੂਸ ਕਰਦੇ ਹਾਂ। ਉਨ੍ਹਾਂ ਕਿਹਾ ਕਿ ਇਸ ਮਾਮਲੇ ਤੇ ਧਿਆਨ ਦਿੱਤਾ ਜਾਵੇ ਅਤੇ ਇਨ੍ਹਾਂ ਖੇਤਰਾਂ ਵਿੱਚ ਸਫਾਈ ਨੂੰ ਬਿਹਤਰ ਬਣਾਉਣ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇ।

-ਫੋਕਲ ਪੁਆਇੰਟ ਲਈ ਸਟੈਟਿਕ ਕੰਪੈਕਟਰ ਵਫ਼ਦ ਨੇ ਕਿਹਾ ਕਿ ਲੁਧਿਆਣਾ ਦੇ ਫੋਕਲ ਪੁਆਇੰਟਾਂ ਵਿੱਚ ਕੂੜੇ ਨੂੰ ਰੋਕਣ ਲਈ ਢੁੱਕਵੇਂ ਕੂੜੇ ਦੇ ਡੰਪ ਅਤੇ ਸਟੈਟਿਕ ਕੰਪੈਕਟਰ ਲਗਾਏ ਜਾਣ। -ਉਦਯੋਗਿਕ ਖੇਤਰ 'ਚ ਸਟਰੀਟ ਲਾਈਟਾਂ ਫੋਕਲ ਪੁਆਇੰਟਾਂ ਵਿਚ ਸਟਰੀਟ ਲਾਈਟਾਂ ਲਈ ਲਗਪਗ 2200 ਪੁਆਇੰਟ ਹਨ ਅਤੇ ਉਨ੍ਹਾਂ ਵਿਚੋਂ ਕੋਈ ਵੀ ਚਾਲੂ ਨਹੀਂ ਹੈ, ਜਿਸ ਕਾਰਨ ਇਨ੍ਹਾਂ ਖੇਤਰਾਂ ਵਿਚ ਚੋਰੀ ਅਤੇ ਖੋਹ ਦੀਆਂ ਘਟਨਾਵਾਂ ਵਿਚ ਵਾਧਾ ਹੋ ਰਿਹਾ ਹੈ। ਸਟਰੀਟ ਲਾਈਟਾਂ ਵੱਲ ਵੀ ਤੁਰੰਤ ਧਿਆਨ ਦੇਣ ਦੀ ਲੋੜ ਹੈ। -ਗ੍ਰੀਨ ਬੈਲਟਾਂ ਦਾ ਸੁੰਦਰੀਕਰਨ ਵਫ਼ਦ ਨੇ ਕਿਹਾ ਕਿ ਉਦਯੋਗਿਕ ਗ੍ਰੀਨ ਬੈਲਟਾਂ ਵਿਚ ਵੀ ਫੋਕਲ ਪੁਆਇੰਟਾਂ ਵਿਚ ਕੂੜਾ ਸੁੱਟਿਆ ਜਾ ਰਿਹਾ ਹੈ, ਕੂੜੇ ਦੇ ਖਿੰਡਾਉਣ ਨੂੰ ਰੋਕਣ ਅਤੇ ਗ੍ਰੀਨ ਬੈਲਟਾਂ ਦੇ ਸੁੰਦਰੀਕਰਨ ਦੀ ਤੁਰੰਤ ਲੋੜ ਹੈ। ਉਨ੍ਹਾਂ ਨੇ ਨਾਲ ਹੀ ਇਹ ਸੁਝਾਅ ਦਿੱਤਾ ਹੈ ਕਿ ਫੋਕਲ ਪੁਆਇੰਟਾਂ ਵਿਚ ਗ੍ਰੀਨ ਬੈਲਟਾਂ ਨੂੰ ਅਪਣਾਉਣ ਅਤੇ ਵਿਕਸਤ ਕਰਨ ਲਈ ਗ੍ਰੀਨ ਬੈਲਟਾਂ ਨੂੰ ਉਦਯੋਗ ਨੂੰ ਅਲਾਟ ਕੀਤਾ ਜਾਣਾ ਚਾਹੀਦਾ ਹੈ, ਇਸ ਨਾਲ ਖੇਤਰ ਵਿਚ ਵਧ ਰਹੇ ਪ੍ਰਦੂਸ਼ਣ ਨੂੰ ਵੀ ਠੀਕ ਕੀਤਾ ਜਾ ਸਕੇਗਾ। -ਗੈਰ-ਕਾਨੂੰਨੀ ਟਰੱਕ ਤੇ ਟ੍ਰੇਲਰ ਪਾਰਕਿੰਗ ਵਫ਼ਦ ਨੇ ਧਿਆਨ ਵਿਚ ਲਿਆਂਦਾ ਕਿ ਫੋਕਲ ਪੁਆਇੰਟਾਂ ਵਿਚ ਕਈ ਸੜਕਾਂ ਨੂੰ ਸਾਲ ਭਰ ਟਰੱਕਾਂ ਅਤੇ ਟ੍ਰੇਲਰਾਂ ਲਈ ਗੈਰ-ਕਾਨੂੰਨੀ ਪਾਰਕਿੰਗ ਵਜੋਂ ਵਰਤਿਆ ਜਾਂਦਾ ਰਿਹਾ ਹੈ, ਖਾਸ ਕਰ ਕੇ ਢੰਡਾਰੀ ਤੋਂ ਜੀਵਨ ਨਗਰ, ਢੰਡਾਰੀ ਤੋਂ ਸ਼ੇਰਪੁਰ, ਢੰਡਾਰੀ ਤੋਂ ਫੋਕਲ ਪੁਆਇੰਟ ਵਰਗੀਆਂ ਕੰਟੇਨਰ ਡਿਪੂਆਂ ਨੂੰ ਜੋੜਨ ਵਾਲੀਆਂ ਸੜਕਾਂ ਤੇ, ਜਿਸ ਕਾਰਨ ਆਵਾਜਾਈ ਲਈ ਲਗਪਗ ਇਕ ਲੇਨ ਰਹਿ ਜਾਂਦੀ ਹੈ ਅਤੇ ਅੰਤ ਵਿੱਚ ਆਵਾਜਾਈ ਦੇ ਪ੍ਰਵਾਹ ਵਿਚ ਭੀੜ ਹੁੰਦੀ ਹੈ। ਇਹ ਸੁਝਾਅ ਦਿੱਤਾ ਗਿਆ ਹੈ ਕਿ ਹਾਈ ਟੈਂਸ਼ਨ ਬਿਜਲੀ ਦੀਆਂ ਤਾਰਾਂ ਦੇ ਹੇਠਾਂ ਜਗ੍ਹਾ ਦੀ ਵਰਤੋਂ ਟਰੱਕ ਤੇ ਟਰੇਲਰ ਪਾਰਕਿੰਗ ਲਈ ਕੀਤੀ ਜਾ ਸਕਦੀ ਹੈ। -ਫੋਕਲ ਪੁਆਇੰਟਾਂ 'ਚ ਕਬਜ਼ੇ ਫੋਕਲ ਪੁਆਇੰਟ ਦੇ ਕਈ ਸਥਾਨਾਂ ਤੇ ਝੁੱਗੀਆਂ ਅਤੇ ਫੜੀ ਦੇ ਰੂਪ ਵਿਚ ਬਹੁਤ ਸਾਰੇ ਕਬਜ਼ੇ ਹਨ, ਜੋ ਖੇਤਰਾਂ ਵਿਚ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਉਤਸ਼ਾਹਿਤ ਕਰ ਰਹੇ ਹਨ, ਇਨ੍ਹਾਂ ਨੂੰ ਜੰਗੀ ਪੱਧਰ ਤੇ ਹਟਾਇਆ ਜਾਣਾ ਚਾਹੀਦਾ ਹੈ।

ਪੁਲਿਸ ਨੇ ਯੂਥ ਆਗੂਆਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਉਹ ਨਹੀਂ ਰੁਕੇ। ਜਦੋਂ ਭਾਜਪਾ ਸਾਡੇ ਆਗੂਆਂ ਨੂੰ ਝੂਠੇ ਮਾਮਲਿਆਂ ਵਿੱਚ ਫਸਾਉਣ ਵਿੱਚ ਅਸਫਲ ਰਹੀ, ਤਾਂ ਉਹ ਹੁਣ ਪਾਰਟੀ ਨੂੰ ਤੋੜ ਰਹੇ ਹਨ। ਲੋਕ ਦੇਖ ਰਹੇ ਹਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਢੁਕਵਾਂ ਸਬਕ ਸਿਖਾਉਣਗੇ।

# ਭਗਵੰਤ ਮਾਨ ਸਰਕਾਰ ਨੇ ਬਿਨ੍ਹਾਂ ਵਿਤਕਰੇ ਪਿੰਡਾਂ ਤੇ ਸ਼ਹਿਰਾਂ ਦਾ ਸਮਾਨ ਵਿਕਾਸ ਯਕੀਨੀ ਬਣਾਇਆ : ਅਮਨ ਅਰੋੜਾ




**ਸੰਗਰੂਰ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**

ਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਦੂਜੇ ਦਿਨ ਲਗਾਤਾਰ ਆਪਣੇ ਹਲਕੇ ਸੁਨਾਮ ਦੇ ਵੱਖ-ਵੱਖ ਪਿੰਡਾਂ ਵਿੱਚ ਕਰੀਬ 20.32 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਪ੍ਰਾਜੈਕਟਾਂ ਦੀ ਸ਼ੁਰੂਆਤ ਕਰਵਾਈ।ਬੀਤੇ ਦਿਨ ਵੀ ਉਨ੍ਹਾਂ ਨੇ ਹਲਕੇ 'ਚ ਵਿਕਾਸ ਦੀ ਹਨ੍ਹੇਰੀ ਲਿਆਉਂਦਿਆਂ 20.42 ਕਰੋੜ ਰੁਪਏ ਦੀ ਲਾਗਤ ਨਾਲ 23 ਕਾਰਜਾਂ ਦਾ ਲੋਕਅਰਪਣ ਕੀਤਾ ਸੀ।

ਇਸ ਮੌਕੇ ਸ੍ਰੀ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਦਿੱਤੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰਕੇ ਵਿਰੋਧੀਆਂ ਦੇ ਮੂੰਹ ਬੰਦ ਕੀਤੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਵੱਖ-ਵੱਖ ਲੋਕ-ਹਿਤੈਸ਼ੀ ਯੋਜਨਾਵਾਂ ਸਫਲਤਾਪੂਰਵਕ ਵੀ ਲਾਗੂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਹਰ ਹਲਕੇ ਵਿੱਚ ਬਿਨ੍ਹਾਂ ਕਿਸੇ ਵਿਤਕਰੇ ਦੇ ਪਿੰਡਾਂ ਅਤੇ ਸ਼ਹਿਰਾਂ ਦਾ ਸਮਾਨ ਵਿਕਾਸ ਯਕੀਨੀ ਬਣਾਇਆ ਹੈ।

ਸ੍ਰੀ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਂਵਾਂ-ਧੀਆਂ ਸਤਿਕਾਰ ਯੋਜਨਾ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਵਰਗੀਆਂ ਸਕੀਮਾਂ ਰਾਹੀਂ ਸਮਾਜ ਦੇ ਹਰ ਵਰਗ ਨੂੰ ਲਾਭ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ 66 ਹਜ਼ਾਰ ਤੋਂ ਵੱਧ ਨੌਕਰੀਆਂ ਪੂਰੀ ਪਾਰਦਰਸ਼ਤਾ ਨਾਲ ਮੈਰਿਟ ਅਧਾਰ 'ਤੇ ਦਿੱਤੀਆਂ ਗਈਆਂ ਹਨ ਅਤੇ ਸੂਬੇ ਵਿੱਚ ਸਿਹਤ ਤੇ ਸਿੱਖਿਆ ਖੇਤਰ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਹਨ। ਇਸ ਤੋਂ ਇਲਾਵਾ ਪੰਜਾਬ ਨੂੰ ਨਿਵੇਸ਼ ਲਈ ਇੱਕ ਆਕਰਸ਼ਕ ਕੇਂਦਰ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ।

ਵਿਕਾਸ ਕਾਰਜਾਂ ਦੇ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਪਿੰਡ ਚੱਠੇ ਸੇਖਵਾਂ ਵਿੱਚ ਕਰੀਬ 2 ਕਰੋੜ 43 ਰੁਪਏ ਦੀ ਲਾਗਤ ਨਾਲ ਵੱਖ-ਵੱਖ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ ਗਈ, ਜਿਨ੍ਹਾਂ ਵਿੱਚ 55 ਲੱਖ ਰੁਪਏ ਦੀ ਲਾਗਤ ਵਾਲਾ ਹੈਲਥ ਐਂਡ ਵੈਲਨੈਸ ਸੈਂਟਰ, ਫਿਰਨੀ ਚੌੜੀ ਕਰਨ ਅਤੇ ਚੱਠੇ ਸੇਖਵਾਂ ਤੋਂ ਮਸੀਤ, ਪੀਰ ਖਾਨਾ ਤੇ ਸਮਾਧ ਤੱਕ ਸੜਕ ਦੀ ਉਸਾਰੀ ਸ਼ਾਮਲ ਹੈ। ਪਿੰਡ ਭੰਮਾਬੱਦੀ ਵਿੱਚ 91 ਲੱਖ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਦਾ ਕੰਮ ਸ਼ੁਰੂ ਕਰਵਾਇਆ ਗਿਆ।ਉਨ੍ਹਾਂ ਨੇ ਪਿੰਡ ਬਹਾਦਰਪੁਰ ਵਿੱਚ 3.55 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਨਵੀਂ ਲਾਇਬ੍ਰੇਰੀ, ਹੈਲਥ ਐਂਡ ਵੈਲਨੈਸ ਸੈਂਟਰ, ਸੜਕਾਂ ਦੀ ਉਸਾਰੀ ਅਤੇ ਨਹਿਰੀ ਪਾਣੀ ਦੇ ਮੋਘੇ ਦਾ ਨੀਂਹ ਪੱਥਰ ਰੱਖਿਆ।

ਪਿੰਡ ਦੁੱਗਾਂ ਵਿੱਚ ਵੀ 1.74 ਕਰੋੜ ਦੀ ਲਾਗਤ ਨਾਲ ਨਹਿਰੀ ਪਾਣੀ ਦੀ ਸਹੂਲਤ ਲਈ ਮੋਘਾ ਅਤੇ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕੀਤੇ ਗਏ।ਇਸੇ ਤਰ੍ਹਾਂ ਪਿੰਡ ਕਿਲਾ ਭਰੀਆਂ ਵਿੱਚ 3 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਸੜਕ, ਪਿੰਡ ਸ਼ਾਹਪੁਰ ਵਿੱਚ 2.58 ਕਰੋੜ ਰੁਪਏ ਨਾਲ ਤਿੰਨ ਸੜਕਾਂ, ਪਿੰਡ ਬਟੂਹਾ ਖੁਰਦ ਵਿੱਚ 86.28 ਲੱਖ ਰੁਪਏ ਨਾਲ ਸੜਕ ਨਿਰਮਾਣ, ਚੀਮਾ ਵਿੱਚ 2.60 ਕਰੋੜ ਰੁਪਏ ਨਾਲ ਦੋ ਸੜਕਾਂ ਅਤੇ ਤੋਲਾਵਲਾ ਵਿੱਚ 1.46 ਕਰੋੜ ਰੁਪਏ ਨਾਲ ਸੜਕ ਨਿਰਮਾਣ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਚੌਵਾਸ ਵਿੱਚ ਖੇਤਾਂ ਦੀ ਸਿੰਚਾਈ ਲਈ ਨਹਿਰੀ ਪਾਣੀ ਦੇ ਮੋਘੇ ਦਾ ਨੀਂਹ ਪੱਥਰ ਵੀ ਰੱਖਿਆ ਗਿਆ।

ਸ੍ਰੀ ਅਰੋੜਾ ਨੇ ਕਿਹਾ ਕਿ ਹਲਕੇ ਦੇ ਸਰਵਪੱਖੀ ਵਿਕਾਸ ਲਈ ਇਸ ਤਰ੍ਹਾਂ ਦੇ ਪ੍ਰਾਜੈਕਟ ਆਉਣ ਵਾਲੇ ਸਮੇਂ ਵਿੱਚ ਵੀ ਜਾਰੀ ਰਹਿਣਗੇ। ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਪਤਵੰਤਿਆਂ ਸਮੇਤ ਪ੍ਰਸ਼ਾਸਕੀ ਅਧਿਕਾਰੀ ਅਤੇ ਪਾਰਟੀ ਦੇ ਸੀਨੀਅਰ ਆਗੂ ਵੀ ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਬੀ.ਏ ਦਾ ਨਤੀਜਾ ਸ਼ਾਨਦਾਰ ਰਿਹਾ

**ਮਾਛੀਵਾੜਾ ਸਾਹਿਬ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਕੇ ਦੀ ਨਾਮਵਾਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ (ਲੁਧਿ.) ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਏ. ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ।

ਬੀ.ਏ ਸਮੈਸਟਰ ਤੀਜਾ ਦੀ ਵਿਦਿਆਰਥਣ ਰਜਨੀਤ ਕੌਰ ਸਪੁੱਤਰੀ ਲਖਵੀਰ ਸਿੰਘ ਨੇ 79.6% ਅੰਕ ਹਾਸਿਲ ਕਰਕੇ ਕਾਲਜ ਵਿੱਚੋ ਪਹਿਲਾ ਸਥਾਨ, ਹਰਜੋਤ ਕੌਰ ਸਪੁੱਤਰੀ ਹਰਜਿੰਦਰ ਸਿੰਘ ਨੇ 78.8% ਅੰਕ ਹਾਸਿਲ ਕਰਕੇ ਕਲਾਜ ਵਿੱਚੋ ਦੂਜਾ ਸਥਾਨ ਅਤੇ ਪਰਮਜੀਤ ਕੌਰ ਸਪੱਤਰੀ ਵਿਨੋਦ ਕੁਮਾਰ ਨੇ 77.5% ਅੰਕ ਹਾਸਿਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।

ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਵਿਦਿਆਰਥਣਾਂ ਅਤੇ ਆਰਟਸ ਵਿਭਾਗ ਦੇ ਸਟਾਫ ਮੈਂਬਰਾ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ। ਸਾਨੂੰ ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰ੍ਹਾਂ ਦ੍ਰਿੜ ਮਿਹਨਤ ਅਤੇ ਲਗਨ ਸਦਕਾ ਵਧੀਆ ਨਤੀਜਾ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਂ ਰੌਸ਼ਨ ਕਰਨਗੀਆਂ। ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਵਿਦਿਆਰਥਣਾਂ ਦੀ ਇਸ ਪ੍ਰਾਪਤੀ ਦੀ ਸ਼ਲਾਘਾ ਕੀਤੀ ਗਈ।

# ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ

**ਗੁਰਦਾਸਪੁਰ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**

ਜਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 269399 ਮੀਟਰਕ ਟਨ ਕਣਕ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 262882 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਫਸਲ ਦੀ ਚੁਕਾਈ ਵੀ ਕੀਤੀ ਜਾ ਰਹੀ। ਕਿਸਾਨਾਂ ਦੇ ਖਾਤਿਆਂ ਵਿੱਚ 543 ਕਰੋੜ 06 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 96 ਫੀਸਦ ਬਣਦੀ ਹੈ।

ਡਿਪਟੀ ਕਮਿਸ਼ਨਰ ਸ੍ਰੀ ਅਦਿੱਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਫਸਲ ਦੀ ਖਰੀਦ ਤੇ ਚੁਕਾਈ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ ਅਤੇ ਨਿਰਧਾਰਿਤ ਸਮੇਂ ਅੰਦਰ ਕਿਸਾਨਾਂ ਦੀ ਫਸਲ ਦੀ ਅਦਾਇਗੀ ਵੀ ਸੁਨਿਸ਼ਚਿਤ ਕੀਤੀ ਗਈ ਹੈ।

ਦੱਸਣਯੋਗ ਹੈ ਕਿ ਪਨਗਰੇਨ ਵਲੋਂ 73846 ਮੀਟਰਕ ਟਨ, ਮਾਰਕਫੈੱਡ ਵਲੋਂ 74838 ਮੀਟਰਕ ਟਨ, ਪਨਸਪ ਵਲੋਂ 59039 ਮੀਟਰਕ ਟਨ , ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 47458 ਅਤੇ ਐੱਫ ਸੀ ਆਈ ਵਲੋਂ 7701 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

# ਸਰਕਾਰੀ ਕਾਲਜ ਲੜਕੀਆਂ ਵਿਖੇ ਵਿਸ਼ਵ ਨਾਚ ਦਿਵਸ ਸਮਾਗਮ ਕੀਤਾ ਗਿਆ ਆਯੋਜਨ



**ਪਟਿਆਲਾ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ--**

ਸਰਕਾਰੀ ਕਾਲਜ ਲੜਕੀਆਂ ਪਟਿਆਲਾ ਵਿਖੇ ਕਾਲਜ ਦੇ ਡਾਂਸ ਵਿਭਾਗ ਵੱਲੋਂ ਸੰਗੀਤ ਨਾਟਯਮ ਦੇ ਸਹਿਯੋਗ ਨਾਲ ਵਿਸ਼ਵ ਨਾਚ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ ਪ੍ਰੋਗਰਾਮ ਦਾ ਆਗਾਜ਼ ਸਮਾਗਮ ਦੇ ਮੁੱਖ ਮਹਿਮਾਨ ਕਾਲਜ ਪ੍ਰਿੰਸੀਪਲ ਡਾ.ਸ਼ਵਿੰਦਰ ਸਿੰਘ ਰੇਖੀ, ਵਿਸ਼ੇਸ਼ ਮਹਿਮਾਨ ਡਾ ਡੇਜੀ ਵਾਲੀਆਂ, ਡਾ ਜਗਮੋਹਨ ਸ਼ਰਮਾਂ, ਡਾਂਸ ਵਿਭਾਗ ਦੇ ਪ੍ਰੋ.ਫ਼ੈਸਰ ਸਾਹਿਬਾਨ ਅਤੇ ਸੰਗੀਤ ਨਾਟਯਮ ਦੇ ਮੁੱਖੀ ਡਾ. ਲਖਵਿੰਦਰ ਨਾਹਰ ਹੋਰਾਂ ਨੇ ਸ਼ਮਾ ਰੌਸ਼ਨ ਕਰ ਕੇ ਕੀਤਾ।

ਡਾ ਰੇਖੀ ਨੇ ਅਪਣੇ ਸਬੰਧੋਨ ਵਿੱਚ ਨਾਚ ਦਿਵਸ ਨੂੰ ਪ੍ਰਗਟਾਵੇ, ਪਰੰਪਰਾ, ਅਨੁਸ਼ਾਸਨ ਅਤੇ ਮਨੁੱਖਤਾ ਨੂੰ ਜੋੜਨ ਦਾ ਜਸ਼ਨ ਦੱਸਿਆ ਅਤੇ ਡਾਂਸ ਵਿਭਾਗ ਨੂੰ ਇਸ ਪ੍ਰੋਗਰਾਮ ਨੂੰ ਆਯੋਜਿਤ ਕਰਨ ਲਈ ਵਧਾਈ ਦਿੱਤੀ ।ਇਸ ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਵਜੋਂ ਡਾਂਸ ਵਿਭਾਗ ਦੇ ਸਥਾਪਕ ਅਤੇ ਸਾਬਕਾ ਮੁੱਖੀ ਡਾ. ਡੇਜ਼ੀ ਵਾਲੀਆ ਅਤੇ ਡਾ. ਜਗਮੋਹਨ ਸ਼ਰਮਾ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਵਿੱਚ ਛੋਟੇ ਕਲਾਕਾਰਾਂ ਵਲੋਂ ਨ੍ਰਿਤ ਦੀ ਪੇਸ਼ਕਾਰੀ ਕੀਤੀ ਗਈ।

ਪ੍ਰੋਗ੍ਰਾਮ ਵਿੱਚ ਦਵਨੀਤ ਕੌਰ ਨੇ ਸਿਤਾਰ ਦੀ ਪੇਸ਼ਕਾਰੀ ਤਬਲਾ ਵਾਦਕ ਮਨਕਰਨ ਸਿੰਘ ਹੋਰਾਂ ਦੇ ਸਹਿਯੋਗ ਨਾਲ ਕੀਤੀ ਅਤੇ ਮੋਹਿਤ ਨੇ ਆਪਣੇ ਸਾਥੀਆਂ ਦੀ ਮਦਦ ਨਾਲ ਬੰਸਰੀ ਦੀ ਸੁਰ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਡਾਂਸ ਵਿਭਾਗ ਦੇ ਪ੍ਰੋ. ਡਾ.ਕੁਲਵਿੰਦਰ ਕੌਰ ਜੀ ਨੇ ਕੀਤਾ। ਵਿਭਾਗ ਦੇ ਮੁਖੀ ਡਾ.ਪੁਸ਼ਪਿੰਦਰ ਕੌਰ ਵੀ ਜੀ ਅਤੇ ਵਿਭਾਗ ਦੇ ਪ੍ਰੋ.ਫ਼ੈਸਰ ਡਾ.ਸੀਮਾ ਸ਼ਰਮਾ ਜੀ ਵੀ ਹਾਜ਼ਰ ਸਨ।

# ਆਮ ਆਦਮੀ ਪਾਰਟੀ ਵੱਲੋਂ ਬਣਾਏ ਰਾਜ ਸਭਾ ਮੈਂਬਰਾਂ ਨੇ ਪੰਜਾਬ ਨਾਲ ਵਿਸ਼ਵਾਸਘਾਤ ਕੀਤਾ : ਬਰਿੰਦਰ ਗੋਇਲ

**ਲਹਿਰਾਗਾਗਾ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**




ਲਹਿਰਾਗਾਗਾ ਵਿਖੇ ਅੱਜ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਗੋਇਲ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਥਾਨਕ ਲੋਕਾਂ ਵੱਲੋਂ ਭਾਜਪਾ 'ਚ ਸ਼ਾਮਲ ਹੋਏ ਰਾਜ ਸਭਾ ਮੈਂਬਰਾਂ ਦੇ ਪੁਤਲੇ ਫੂਕ ਕੇ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਬਰਿੰਦਰ ਗੋਇਲ ਨੇ ਕਿਹਾ ਕਿ ਇਨ੍ਹਾਂ ਰਾਜ ਸਭਾ ਮੈਂਬਰਾਂ ਨੇ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ ਕੀਤਾ ਹੈ। ਉਨ੍ਹਾਂ ਨੂੰ ਆਮ ਆਦਮੀ ਪਾਰਟੀ ਨੇ ਲੋਕ ਸੇਵਾ ਲਈ ਇਹ ਅਹੁਦੇ ਸੌਂਪੇ ਸਨ, ਪਰ ਉਨ੍ਹਾਂ ਨੇ ਆਪਣੇ ਸਵਾਰਥ ਲਈ ਪੰਜਾਬ ਦੇ ਲੋਕਾਂ ਦਾ ਭਰੋਸਾ ਤੋੜ ਦਿੱਤਾ ਅਤੇ ਭਾਜਪਾ ਵਿੱਚ ਸ਼ਾਮਲ ਹੋ ਗਏ।ਮੀਡੀਆ ਨਾਲ ਗੱਲਬਾਤ ਕਰਦਿਆਂ ਵਿਧਾਇਕਾਂ ਦੇ ਭਾਜਪਾ 'ਚ ਸ਼ਾਮਲ ਹੋਣ ਸਬੰਧੀ ਚੱਲ ਰਹੀਆਂ ਅਫ਼ਵਾਹਾਂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਗੋਇਲ ਨੇ ਸਪਸ਼ਟ ਕੀਤਾ ਕਿ ਸਾਰੇ ਵਿਧਾਇਕ ਪਾਰਟੀ ਪ੍ਰਤੀ ਪੂਰੀ ਵਫ਼ਾਦਾਰੀ ਨਾਲ ਖੜ੍ਹੇ ਹਨ ਅਤੇ ਸ੍ਰੀ ਅਰਵਿੰਦ ਕੇਜਰੀਵਾਲ ਤੇ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਇਕਜੁੱਟ ਹਨ।

ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਕੋਲ ਪੰਜਾਬ ਵਿੱਚ ਜਮੀਨੀ ਪੱਧਰ 'ਤੇ ਲੋਕਾਂ ਸਾਹਮਣੇ ਰੱਖਣ ਲਈ ਕੁਝ ਵੀ ਨਹੀਂ ਹੈ ਅਤੇ ਹੁਣ ਉਹ ਓਪਰੇਸ਼ਨ ਲੋਟਸ ਵਰਗੀਆਂ ਚਾਲਾਂ ਰਾਹੀਂ ਹੋਰ ਪਾਰਟੀਆਂ ਦੇ ਆਗੂਆਂ ਨੂੰ ਆਪਣੇ ਨਾਲ ਜੋੜ ਕੇ 2027 ਦੀਆਂ ਚੋਣਾਂ ਲਈ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਥਕੰਡਿਆਂ ਨੂੰ ਪੰਜਾਬ ਦੇ ਲੋਕ ਕਦੇ ਵੀ ਸਵੀਕਾਰ ਨਹੀਂ ਕਰਨਗੇ।ਗੋਇਲ ਨੇ ਅੱਗੇ ਕਿਹਾ ਕਿ ਜਦੋਂ ਈਡੀ ਵੱਲੋਂ ਦਬਾਅ ਬਣਾਇਆ ਗਿਆ ਤਾਂ ਪਾਰਟੀ ਛੱਡਣ ਵਾਲੇ ਰਾਜ ਸਭਾ ਮੈਂਬਰ ਆਪਣਾ ਸਟੈਂਡ ਕਾਇਮ ਨਹੀਂ ਰੱਖ ਸਕੇ, ਜਿਸ ਨਾਲ ਉਨ੍ਹਾਂ ਦਾ ਅਸਲੀ ਚਿਹਰਾ ਸਾਹਮਣੇ ਆ ਗਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਇਨ੍ਹਾਂ ਆਗੂਆਂ ਦੇ ਜਾਣ ਤੋਂ ਬਾਅਦ ਹੋਰ ਵੀ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਨੇ ਇਨ੍ਹਾਂ ਮੈਂਬਰਾਂ ਨੂੰ ਵੱਡਾ ਮਾਣ-ਸਤਿਕਾਰ ਦਿੱਤਾ ਸੀ, ਪਰ ਉਹ ਆਪਣੇ ਸਿਧਾਂਤਾਂ 'ਤੇ ਕਾਇਮ ਨਹੀਂ ਰਹੇ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਸੀਨੀਅਰ ਆਗੂ, ਵਲੰਟੀਅਰ ਅਤੇ ਵਰਕਰ ਮੌਜੂਦ ਸਨ।

# ਖੰਨਾ ਵਿੱਚ ਵਧ ਰਹੀਆਂ ਅੱਗ ਦੀਆਂ ਘਟਨਾਵਾਂ 'ਤੇ ਕਾਬੂ ਲਈ ਐਸ.ਐਸ.ਪੀ ਵੱਲੋਂ ਡੀ.ਸੀ ਨੂੰ ਪੱਤਰ

**ਲੁਧਿਆਣਾ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**



ਪੁਲਿਸ ਜ਼ਿਲ੍ਹਾ ਖੰਨਾ ਵਿੱਚ ਵਧ ਰਹੀਆਂ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਵੱਲੋਂ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਪੱਤਰ ਲਿਖ ਕੇ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਅਪੀਲ ਕੀਤੀ ਗਈ ਹੈ।

ਪੱਤਰ ਵਿੱਚ ਉਨ੍ਹਾਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਫਾਇਰ ਸੇਫਟੀ ਵਿਭਾਗ ਰਾਹੀਂ ਫੈਕਟਰੀਆਂ ਅਤੇ ਵਪਾਰਕ ਇਕਾਈਆਂ ਵਿੱਚ ਫਾਇਰ ਸੇਫਟੀ ਪ੍ਰਬੰਧਾਂ ਅਤੇ ਜਲਣਸ਼ੀਲ ਸਮੱਗਰੀ ਦੇ ਸਟੋਰੇਜ ਦਾ ਵਿਸਥਾਰ ਨਾਲ ਆਡਿਟ ਕਰਨ ਦੀ ਲੋੜ ਬਾਰੇ ਵਿਸਥਾਰ ਨਾਲ ਦੱਸਿਆ। ਨਾਲ ਹੀ ਜ਼ਿਲ੍ਹਾ ਪੱਧਰ 'ਤੇ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਕੰਟਰੋਲ ਰੂਮ ਸਥਾਪਿਤ ਕਰਨ ਦਾ ਸੁਝਾਅ ਦਿੱਤਾ ਗਿਆ।ਉਨ੍ਹਾਂ ਦਰਸਾਇਆ ਕਿ ਹਾਲ ਹੀ ਵਿੱਚ ਸਮਰਾਲਾ ਰੋਡ, ਜੀ.ਟੀ. ਰੋਡ ਮੰਜਾ ਮਾਰਕੀਟ, ਮਲਕਪੁਰ ਨੇੜੇ ਵਾਟਰ ਪਾਰਕ ਅਤੇ ਦੋਰਾਹਾ ਤੇ ਮਾਛੀਵਾੜਾ ਸਾਹਿਬ ਖੇਤਰਾਂ ਵਿੱਚ ਅੱਗ ਦੀਆਂ ਕਈ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਨਾਲ ਜਾਨੀ-ਮਾਲੀ ਨੁਕਸਾਨ ਹੋਇਆ ਹੈ।

ਐਸ.ਐਸ.ਪੀ ਨੇ ਮਾਹਿਰ ਟੀਮ ਵੱਲੋਂ ਅੱਗ ਦੇ ਕਾਰਨਾਂ ਦੀ ਜਾਂਚ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਦੀ ਵੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਹਰ ਘਟਨਾ 'ਤੇ ਤੁਰੰਤ ਕਾਰਵਾਈ ਕਰਕੇ ਹਾਲਾਤਾਂ 'ਤੇ ਕਾਬੂ ਪਾਇਆ ਗਿਆ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਗਈ।

ਇਸ ਕਦਮ ਦੀ ਸਥਾਨਕ ਲੋਕਾਂ ਵੱਲੋਂ ਸਰਾਹਨਾ ਕੀਤੀ ਜਾ ਰਹੀ ਹੈ ਅਤੇ ਉਮੀਦ ਜਤਾਈ ਜਾ ਰਹੀ ਹੈ ਕਿ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਕਾਬੂ ਪਾਉਣ ਲਈ ਹੋਰ ਮਜ਼ਬੂਤ ਪ੍ਰਬੰਧ ਕੀਤੇ ਜਾਣਗੇ।ਭਾਜਪਾ ਵਰਕਰਾਂ ਨੇ ਅੱਜ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਵਿੱਚ ਫਿਰੋਜ਼ਪੁਰ ਰੋਡ 'ਤੇ ਸਥਿਤ ਡਾਕ ਘਰ ਦੇ ਸਾਹਮਣੇ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਧਰਨਾ ਦਿੱਤਾ। ਪੰਜਾਬ ਸਰਕਾਰ ਖ਼ਿਲਾਫ਼ ਕੀਤੇ ਇਸ ਰੋਸ ਪ੍ਰਦਰਸ਼ਨ ਵਿੱਚ ਭਾਜਪਾ ਦੇ ਸੂਬਾ ਉੱਪ ਪ੍ਰਧਾਨ ਕੇਵਲ ਸਿੰਘ ਢਿੱਲੋਂ, ਜਤਿੰਦਰ ਮਿੱਤਲ ਦੇਬੀ ਸਮੇਤ ਸੈਂਕੜੇ ਵਰਕਰਾਂ ਇਸ ਰੋਸ ਪ੍ਰਦਰਸ਼ਨ ਵਿੱਚ ਹਿੱਸਾ ਲਿਆ।

# ਨੀਟ ਯੂਜੀ 2026 ਪ੍ਰੀਖਿਆ ਦੇ ਸੁਚੱਜੇ ਪ੍ਰਬੰਧਾਂ ਲਈ ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਸੰਗਰੂਰ, 30 ਅਪ੍ਰੈਲ**
**ਕੌਮੀ ਪੱਤ੍ਰਿਕਾ ਬਿਊਰੋ-**



ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਰਾਹੁਲ ਚਾਬਾ ਨੇ ਨੈਸ਼ਨਲ ਟੈਸਟਿੰਗ ਏਜੰਸੀ (ਐਨਟੀਏ) ਵੱਲੋਂ ਐਤਵਾਰ, 3 ਮਈ 2026 ਨੂੰ ਕਰਵਾਈ ਜਾ ਰਹੀ ਨੀਟ ਯੂਜੀ 2026 ਪ੍ਰੀਖਿਆ ਦੇ ਸੁਚੱਜੇ ਪ੍ਰਬੰਧਾਂ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੰਗਰੂਰ ਜ਼ਿਲ੍ਹੇ ਵਿੱਚ ਵੀ 6 ਸੈਂਟਰਾਂ ਵਿਖੇ ਇਹ ਪ੍ਰੀਖਿਆ ਦੁਪਹਿਰ 2:00 ਵਜੇ ਤੋਂ ਸ਼ਾਮ 5:00 ਵਜੇ ਤੱਕ ਔਫਲਾਈਨ ਪੈਨ-ਐਂਡ-ਪੇਪਰ ਮੋਡ ਵਿੱਚ ਆਯੋਜਿਤ ਕੀਤੀ ਜਾਵੇਗੀ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪ੍ਰੀਖਿਆ ਕੇਂਦਰਾਂ 'ਤੇ ਉਮੀਦਵਾਰਾਂ ਲਈ ਸੁਰੱਖਿਆ, ਪੀਣ ਵਾਲਾ ਪਾਣੀ, ਬਿਜਲੀ, ਸਫ਼ਾਈ ਅਤੇ ਟ੍ਰੈਫ਼ਿਕ ਪ੍ਰਬੰਧਾਂ ਸਮੇਤ ਸਾਰੀਆਂ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਈਆਂ ਜਾਣ।

ਰਾਹੁਲ ਚਾਬਾ ਨੇ ਕਿਹਾ ਕਿ ਪ੍ਰੀਖਿਆ ਦੇ ਨਿਰਵਿਘਨ ਆਯੋਜਨ ਲਈ ਹਰ ਵਿਭਾਗ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਰ੍ਹਾਂ ਨਿਭਾਏ। ਇਸ ਦੇ ਨਾਲ ਹੀ ਉਨ੍ਹਾਂ ਪੁਲਿਸ ਵਿਭਾਗ ਨੂੰ ਸੁਰੱਖਿਆ ਪ੍ਰਬੰਧ ਚੁਸਤ ਕਰਨ ਅਤੇ ਸਿੱਖਿਆ ਵਿਭਾਗ ਨੂੰ ਪ੍ਰੀਖਿਆ ਕੇਂਦਰਾਂ 'ਤੇ ਬਿਹਤਰ ਸਹਿਯੋਗ ਦੇਣ ਲਈ ਕਿਹਾ।

ਜਿਕਰਯੋਗ ਹੈ ਕਿ ਜ਼ਿਲ੍ਹੇ ਵਿੱਚ ਕੇਂਦਰੀ ਵਿਦਿਆਲਿਆ ਉਭਾਵਾਲ, ਕੇਂਦਰੀ ਵਿਦਿਆਲਿਆ ਸਲਾਈਟ ਲੌਂਗੋਵਾਲ, ਪੀਐਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ ਲੌਂਗੋਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਰੂਰ, ਮਾਤਾ ਰਾਜ ਕੌਰ ਪੀ ਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਰੁੱਖਾਂ ਅਤੇ ਸੁਤੰਤਰਤਾ ਸੰਗਰਾਮੀ ਜਥੇਦਾਰ ਕਰਤਾਰ ਸਿੰਘ ਦਰਵੇਸ਼ ਸਕੂਲ ਆਫ ਐਮੀਨੈਂਸ ਸੰਗਰੂਰ ਵਿਖੇ ਇਸ ਨੀਟ ਯੂਜੀਸੀ ਪ੍ਰੀਖਿਆ ਦੇ ਸੈਂਟਰ ਬਣਾਏ ਗਏ ਹਨ।

ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਤਾਂ ਜੋ ਉਮੀਦਵਾਰਾਂ ਨੂੰ ਕਿਸੇ ਵੀ ਕਿਸਮ ਦੀ ਕੋਈ ਦਿੱਕਤ ਨਾ ਆਵੇ।

ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਸਮੇਤ ਪ੍ਰਿੰਸੀਪਲ ਕੇਂਦਰੀ ਵਿਦਿਆਲਿਆ ਉਭਾਵਾਲ ਅਤੇ ਸੰਬੰਧਤ ਕੇਂਦਰ ਸੁਪਰਿੰਟੈਂਡੈਂਟ ਵੀ ਹਾਜ਼ਰ ਸਨ।ਜ਼ਿਲ੍ਹਾ ਪ੍ਰਸ਼ਾਸਨ, ਸੰਗਰੂਰ ਵੱਲੋਂ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਅਨੁਸਾਰ, 3 ਮਈ, 2026 ਨੂੰ ਹੋਣ ਵਾਲੀ ਨੀਟ ਪ੍ਰੀਖਿਆ ਦੇ ਮੱਦੇਨਜ਼ਰ ਉਮੀਦਵਾਰਾਂ ਅਤੇ ਉਨ੍ਹਾਂ ਦੇ ਮਾਪਿਆਂ ਦੀ ਸਹੂਲਤ ਲਈ ਵਿਸ਼ੇਸ਼ ਬੱਸ ਸੇਵਾ ਦੇ ਪ੍ਰਬੰਧ ਕੀਤੇ ਗਏ ਹਨ।ਪ੍ਰਸ਼ਾਸਨ ਦੇ ਬੁਲਾਰੇ ਅਨੁਸਾਰ ਸੰਗਰੂਰ ਬੱਸ ਸਟੈਂਡ ਤੋਂ ਜ਼ਿਲ੍ਹੇ ਦੇ ਸਾਰੇ ਛੇ ਪ੍ਰੀਖਿਆ ਕੇਂਦਰਾਂ ਲਈ ਸਵੇਰੇ 9:00 ਵਜੇ ਤੋਂ ਬੱਸ ਸੇਵਾ ਉਪਲਬਧ ਹੋਵੇਗੀ। ਇਹ ਪ੍ਰਬੰਧ ਉਮੀਦਵਾਰਾਂ ਨੂੰ ਪ੍ਰੀਖਿਆ ਕੇਂਦਰਾਂ ਤੱਕ ਪਹੁੰਚਣ ਲਈ ਸਮੇਂ ਸਿਰ ਅਤੇ ਸੁਵਿਧਾਜਨਕ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਕੀਤਾ ਗਿਆ ਹੈ। ਕਿਸੇ ਵੀ ਸਮੱਸਿਆ ਦੇ ਹੱਲ ਲਈ, ਹੈਲਪਲਾਈਨ ਨੰਬਰਾਂ, 9419265833 ਅਤੇ 8360277500 @ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਆਮ ਆਦਮੀ ਪਾਰਟੀ ਨੂੰ ਝਟਕਾ ਪਿੰਡ ਮੰਡੌੜ ਤੋਂ ਸੈਂਕੜੇ ਪਰਿਵਾਰ ਸ਼੍ਰੋਮਣੀ ਦਲ ਵਿੱਚ ਹੋਏ ਸ਼ਾਮਿਲ

## ਪੰਜਾਬ ਦੇ ਲੋਕ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਦਾ ਰਾਜ ਦੇਖਣ ਲਈ ਉਤਾਵਲੇ: ਬਿੱਟੂ ਚੱਠਾ



ਪਟਿਆਲਾ, 30 ਅਪ੍ਰੈਲ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-

ਸੂਬੇ ਅੰਦਰ ਆਮ ਆਦਮੀ ਪਾਰਟੀ ਤੋਂ ਦੁਖੀ ਹੋਏ ਲੋਕ ਸ਼੍ਰੋਮਣੀ ਅਕਾਲੀ ਦਲ ਵਿੱਚ ਲਗਾਤਾਰ ਸ਼ਾਮਿਲ ਹੋ ਰਹੇ ਹਨ ਇਸੇ ਤਹਿਤ ਪਟਿਆਲਾ ਦਿਹਾਤੀ ਹਲਕੇ ਦੇ ਸਭ ਤੋਂ ਵੱਧ ਵਸੋਂ ਵਾਲੇ ਪਿੰਡ ਮੰਡੋੜ ਵਿਖੇ ਕਈ ਪਰਿਵਾਰ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਗਏ ਹਨ ਜਿਨਾਂ ਦਾ ਪਾਰਟੀ ਵਿੱਚ ਸ਼ਾਮਿਲ ਹੋਣ ਤੇ ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਉਥੇ ਹੀ ਚੱਠਾ ਨੇ ਪਾਰਟੀ ਵਿੱਚ ਸ਼ਾਮਿਲ ਹੋਏ ਪਰਿਵਾਰਾਂ ਦਾ ਨਿੱਘਾ ਸਵਾਗਤ ਕਰਨ ਦੇ ਨਾਲ ਨਾਲ ਪਾਰਟੀ ਨੂੰ ਮਦਦ ਕਰਨ ਤੇ ਧੰਨਵਾਦ ਵੀ ਕੀਤਾ ਇਸ ਮੌਕੇ ਚੱਠਾ ਨੇ ਕਿਹਾ ਕਿ ਸੂਬੇ ਦੇ ਦੁਖੀ ਹੋਏ ਲੋਕ ਸ਼੍ਰੋਮਣੀ ਅਕਾਲੀ ਦਲ ਵਿੱਚ ਧੜਾਧੜ ਸ਼ਾਮਿਲ ਹੋ ਰਹੇ ਹਨ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਜੋ ਪੰਜਾਬ ਦੇ ਲੋਕਾਂ ਲਈ ਕਾਰਜ ਕੀਤੇ ਗਏ ਉਹਨਾਂ ਨੂੰ ਲੋਕ ਹੁਣ ਵੀ ਯਾਦ ਕਰ ਰਹੇ ਹਨ ਤਾਂ ਹੀ ਮੁੜ ਤੋਂ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ ਉਨਾ ਕਿਹਾ ਕਿ ਸਮਾਂ ਆਉਣ ਤੇ ਸੂਬੇ ਅੰਦਰ ਰਹਿੰਦੇ ਸਮੁੱਚੇ ਵਰਗਾਂ ਦਾ ਬਰਾਬਰ ਮਾਨ ਸਨਮਾਨ ਬਰਕਰਾਰ ਰੱਖਿਆ ਜਾਵੇਗਾ

ਉਨਾ ਕਿਹਾ ਕਿ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੇ ਨਿਰਦੇਸ਼ਾਂ ਅਨੁਸਾਰ ਪਾਰਟੀ ਦੀ ਮਜਬੂਤੀ ਲਈ ਸ਼ਾਮਿਲ ਹੋਣ ਵਾਲਿਆਂ ਨੂੰ ਭਵਿੱਖ ਵਿੱਚ ਪਾਰਟੀ ਅੰਦਰ ਬਣਦਾ ਮਾਨ ਸਨਮਾਨ ਵੀ ਦਿੱਤਾ ਜਾਵੇਗਾ। ਚੱਠਾ ਨੇ ਕਿਹਾ ਸ਼ਾਮਲ ਹੋਣ ਵਾਲਿਆਂ ਵਿੱਚ ਸੁਖਵਿੰਦਰ ਸਿੰਘ ਗਿਆਨੀ, ਨਿਰਮਲ ਸਿੰਘ ਮੈਨੇਜਰ, ਕਿਰਪਾਲ ਸਿੰਘ (ਪਾਲੀ), ਹਾਕਮ ਸਿੰਘ, ਲਵਪ੍ਰੀਤ ਸਿੰਘ, ਮੇਜਰ ਸਿੰਘ, ਸਤਵੰਤ ਸਿੰਘ, ਦਵਿੰਦਰ ਸਿੰਘ, ਹਰੀ ਸਿੰਘ, ਦਰਸ਼ਨ ਸਿੰਘ, ਘੋਲਾ, ਅਵਤਾਰ ਸਿੰਘ ਅਤੇ ਸਤਗੁਰ ਸਿੰਘ ਕਾਲਾ ਸ਼ਾਮਲ ਹਨ ਇਸ ਮੌਕੇ ਜਸਪਾਲ ਸਿੰਘ ਬਿੱਟੂ ਚੱਠਾ ਨੇ ਕਿਹਾ ਕਿ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਭਰੋਸਾ ਉਠ ਚੁੱਕਾ ਹੈ ਅਤੇ ਅਕਾਲੀ ਦਲ ਹੀ ਪੰਜਾਬ ਦੀ ਆਸ ਬਣ ਕੇ ਉਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਝਟਕੇ ਆਮ ਆਦਮੀ ਪਾਰਟੀ ਨੂੰ ਲੱਗਣਗੇ ਅਤੇ ਹਲਕਾ ਪਟਿਆਲਾ ਦਿਹਾਤੀ ਵਿੱਚ ਅਕਾਲੀ ਦਲ ਦੀ ਜਿੱਤ ਪੱਕੀ ਹੈ।

ਇਸ ਮੌਕੇ ਗੁਰਤੇਜ ਸਿੰਘ ਮੰਡੇਰ, ਬੇਅੰਤ ਸਿੰਘ ਖੁਰਦ, ਅਮਰੀਕ ਸਿੰਘ ਪੇਧਨੀ ਸਰਕਲ ਜੱਥੇਦਾਰ, ਇੰਦਰਜੀਤ ਸਿੰਘ ਸੋਸਾਇਟੀ ਪ੍ਰਧਾਨ, ਮਨਜੀਤ ਸਿੰਘ ਕੁਕੀ ਪੰਚ, ਇੰਦਰਜੀਤ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ, ਜਗਤਾਰ ਸਿੰਘ ਤਾਰੀ, ਸਤਪਾਲ, ਸੋਨੂੰ ਮੈਂਬਰ, ਸਾਗਰ ਸਿੰਘ ਅਜਨੌਦਾ ਅਤੇ ਗੁਰਮੀਤ ਸਿੰਘ ਅਜਨੌਦਾ ਵੀ ਮੌਜੂਦ ਰਹੇ।ਇਸ ਵੱਡੀ ਸ਼ਮੂਲੀਅਤ ਨੇ ਸਾਫ ਕਰ ਦਿੱਤਾ ਹੈ ਕਿ ਹਲਕਾ ਪਟਿਆਲਾ ਦਿਹਾਤੀ ਵਿੱਚ ਹੁਣ ਸਿਆਸੀ ਹਵਾ ਬਦਲ ਚੁੱਕੀ ਹੈ ਅਤੇ ਅਕਾਲੀ ਦਲ ਦੀ ਲਹਿਰ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਚਾਰ ਮਹੀਨੇ ਕੱਢਣੇ ਆ ਸ਼੍ਰੋਮਣੀ ਗੰਦਲ ਵਿੱਚ ਸ਼ਾਮਿਲ ਹੋਣ ਤੋਂ ਸਾਫ ਹੋ ਰਿਹਾ ਕਿ ਲੋਕ ਪੰਜਾਬ ਦੀਆਂ ਨੀਤੀਆਂ ਤੋਂ ਬੇਹਦ ਦੁਖੀ ਚੱਲ ਰਹੇ ਹਨ ਜਿਸ ਕਰਕੇ ਉਹ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਹਨ।

# ਰਾਜਪਾਲ ਕਟਾਰੀਆ ਨੇ ਉੱਚ ਸਿੱਖਿਆ ਨੂੰ ਦਰਪੇਸ਼ ਚੁਣੌਤੀਆਂ ਦੇ ਹੱਲ ਲਈ ਇਕਜੁਟਤਾ ਦਾ ਦਿੱਤਾ ਸੱਦਾ

## ਖਾਲਸਾ ਯੂਨੀਵਰਸਿਟੀ ਵਿਖੇ ਇਕ ਰੋਜ਼ਾ ਉੱਚ ਸਿੱਖਿਆ ਰਾਸ਼ਟਰੀ ਕਾਨਫਰੰਸ ਆਯੋਜਿਤ

ਅੰਮ੍ਰਿਤਸਰ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਉੱਚ ਸਿੱਖਿਆ ਸੰਸਥਾਵਾਂ ਨੂੰ ਨਵੀਆਂ ਤਕਨੀਕਾਂ, ਬਦਲਦੀਆਂ ਆਰਥਿਕ ਸਥਿਤੀਆਂ ਅਤੇ ਉੱਭਰਦੀਆਂ ਸਮਾਜਿਕ ਚੁਣੌਤੀਆਂ ਦੇ ਹੱਲ ਲਈ ਸਾਂਝੇ ਤੌਰ 'ਤੇ ਇਕਜੁਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨਵੀਆਂ ਤਬਦੀਲੀਆਂ ਅਪਨਾਉਂਦਿਆਂ ਅਦਾਰਿਆਂ ਨੂੰ ਆਪਣੀਆਂ ਕਦਰਾਂ-ਕੀਮਤਾਂ ਅਤੇ ਵਿੱਦਿਆ ਦੇ ਬੁਨਿਆਦੀ ਟੀਚੇ ਨਹੀਂ ਭੁਲਣੇ ਚਾਹੀਦੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਖ਼ਾਲਸਾ ਯੂਨੀਵਰਸਿਟੀ ਵਿਖੇ ਅੱਜ ਸ੍ਰੀ ਕਟਾਰੀਆ ਨੇ 'ਉੱਚ ਸਿੱਖਿਆ ਨੀਤੀ: ਨੈਵੀਗੇਟਿੰਗ ਗਲੋਬਲ ਚੁਣੌਤੀਆਂ ਅਤੇ ਰਾਸ਼ਟਰੀ ਤਰਜੀਹਾਂ' ਵਿਸ਼ੇ 'ਤੇ ਕਰਵਾਈ ਗਈ ਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਸ਼ਵ ਪੱਧਰ 'ਤੇ ਉਭਰ ਰਹੇ ਬਦਲਾਅ ਸਬੰਧੀ ਤਿਆਰ-ਬਰ-ਤਿਆਰ ਰਹਿਣ ਲਈ ਹੋਕਾ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਨੂੰ ਸਮਾਵੇਸ਼ੀ ਵਿਕਾਸ, ਸਮਾਜਿਕ ਸਮਾਨਤਾ ਅਤੇ ਰੁਜ਼ਗਾਰ ਪੈਦਾ ਕਰਨ ਨੂੰ ਉਤਸ਼ਾਹਿਤ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਉਣੀ ਚਾਹੀਦੀ ਹੈ।

ਯੂਨੀਵਰਸਿਟੀ ਵੱਲੋਂ ਉਕਤ ਪ੍ਰੋਗਰਾਮ ਭਾਰਤ ਅਤੇ ਦੁਨੀਆ ਭਰ 'ਚ ਉੱਚ ਸਿੱਖਿਆ ਦੇ ਵਿਕਸਿਤ ਹੋ ਰਹੇ ਨਵੇਂ ਕੀਰਤੀਮਾਨ ਨੂੰ ਗਹੁ ਨਾਲ ਤੱਕਣ ਲਈ ਉੱਘੇ ਵਿਦਵਾਨਾਂ, ਸਿੱਖਿਆ ਸ਼ਾਸਤਰੀਆਂ, ਨੀਤੀ ਨਿਰਮਾਤਾਵਾਂ ਨਾਲ ਗੱਲਬਾਤ ਕਰਨ ਸਬੰਧੀ ਉਲੀਕਿਆ ਗਿਆ ਸੀ। ਕਾਨਫਰੰਸ ਸ਼ੁਰੂ ਹੋਣ ਤੋਂ ਪਹਿਲਾਂ ਰਾਜਪਾਲ ਨੇ ਇਤਿਹਾਸਕ ਖਾਲਸਾ ਕਾਲਜ ਅਤੇ ਖ਼ਾਲਸਾ 'ਵਰਸਿਟੀ ਕੈਂਪਸ' ਦੀ ਵਿਰਾਸਤੀ ਇਮਾਰਤ ਦਾ ਦੌਰਾ ਕੀਤਾ ਅਤੇ ਸਿੱਖ ਇਤਿਹਾਸ ਖੋਜ ਕੇਂਦਰ 'ਚ ਲੰਬਾ ਸਮਾਂ ਬਿਤਾਇਆ, ਜਿੱਥੇ ਉਨ੍ਹਾਂ ਨੇ ਖੋਜ਼ ਅਧਾਰਿਤ ਅਤੇ ਸਿੱਖ ਵਿਰਸੇ ਨਾਲ ਸਬੰਧਿਤ ਕਿਤਾਬਾਂ ਅਤੇ ਮਿਊਜ਼ਿਮ 'ਚ ਸ਼ੁਸ਼ੋਭਿਤ ਖਰੜਿਆਂ ਨੂੰ ਵੇਖਿਆ।




ਇਸ ਤੋਂ ਪਹਿਲਾਂ ਉਨ੍ਹਾਂ ਨੇ ਖ਼ਾਲਸਾ ਯੂਨੀਵਰਸਿਟੀ ਦੇ ਵਿਜ਼ਟਰ ਵਜੋਂ 'ਵਰਸਿਟੀ ਦੇ ਪ੍ਰੋ-ਚਾਂਸਲਰ ਸ: ਰਜਿੰਦਰ ਮੋਹਨ ਸਿੰਘ ਛੀਨਾ, ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਅਤੇ ਯੂ. ਜੀ. ਸੀ. ਵੱਲੋਂ ਸੰਯੁਕਤ ਸਕੱਤਰ ਡਾ. ਅਮੋਲ ਐਮ. ਅੰਧਾਰੇ ਨਾਲ ਯੂਨੀਵਰਸਿਟੀ ਦੇ ਪ੍ਰਸ਼ਾਸ਼ਨਿਕ ਅਤੇ ਅਕਾਦਮਿਕ ਕਾਰਵਾਈਆਂ ਸਬੰਧੀ ਜਾਣਕਾਰੀਆਂ ਹਾਸਲ ਕੀਤੀ। ਇਸ ਮੌਕੇ ਸ੍ਰੀ ਕਟਾਰੀਆ ਨੇ ਆਪਣੇ ਭਾਸ਼ਣ ਦੌਰਾਨ ਖਾਲਸਾ ਯੂਨੀਵਰਸਿਟੀ ਪ੍ਰਬੰਧਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ਾਲਸਾ ਕਾਲਜ ਸੋਸਾਇਟੀ ਜੋ ਕਿ 1890 ਤੋਂ ਸਿੱਖਿਆ ਪ੍ਰਦਾਨ ਕਰਨ 'ਚ ਅਹਿਮ ਭੂਮਿਕਾ ਨਿਭਾਅ ਰਹੀ ਹੈ ਪ੍ਰੋਫੈਸ਼ਨਲ ਕਾਲਜਿਸ, ਯੂਨੀਵਰਸਿਟੀ ਅਤੇ ਸਕੂਲ ਚਲਾ ਕੇ ਸਮਾਜ ਸੇਵਾ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ-2020 ਅਨੁਸਾਰ ਸਿੱਖਿਆ ਨੀਤੀ 'ਚ ਰਾਸ਼ਟਰੀ ਪੱਧਰ 'ਤੇ ਵੱਡੇ ਬਦਲਾਅ ਹੋ ਰਹੇ ਹਨ, ਜਿਸ ਨੂੰ ਅਪਨਾ ਕੇ ਉਚ ਸਿੱਖਿਆ ਸੰਸਥਾਵਾਂ ਬਹੁ-ਅਨੁਸ਼ਾਸਨੀ ਅਤੇ ਸਰਲ ਸਿੱਖਿਆ ਦੇ ਮੌਕੇ ਪ੍ਰਦਾਨ ਕਰ ਸਕਦੀਆਂ ਹਨ। ਉਨ੍ਹਾਂ ਨੇ ਉੱਚ ਸਿੱਖਿਆ 'ਚ ਡਿਜੀਟਲ ਤਕਨਾਲੋਜੀ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਆਨਲਾਈਨ ਸਿਖਲਾਈ ਮੰਚਾਂ ਦੀ ਵੱਧ ਰਹੀ ਭੂਮਿਕਾ ਨੂੰ ਅਪਨਾਉਣ 'ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਸ: ਛੀਨਾ ਨੇ ਆਪਣੇ ਸਵਾਗਤੀ ਭਾਸ਼ਣ 'ਚ ਜਿੱਥੇ ਰਾਜਪਾਲ ਨੂੰ ਜੀ ਆਇਆ ਕਿਹਾ, ਉਥੇ ਉਨ੍ਹਾਂ ਨੇ ਉਚ ਸਿੱਖਿਆ 'ਚ ਉੱਭਰ ਰਹੀਆਂ ਚੁਣੌਤੀਆਂ ਤੇ ਉੱਚ ਸਿੱਖਿਆ ਦੇ ਡਿੱਗਦੇ ਮਿਆਰ 'ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਕੋਈ ਵਪਾਰ ਨਹੀਂ, ਸਗੋਂ ਨਿਰੋਇਆ ਸਮਾਜ ਸਿਰਜਣ ਦਾ ਜਰੀਆ ਹੈ। ਉਨ੍ਹਾਂ ਕਿਹਾ ਕਿ ਸੋਸਾਇਟੀਆਂ ਅਤੇ ਟਰੱਸਟਾਂ ਵੱਲੋਂ ਚਲਾਈਆਂ ਜਾ ਰਹੀਆਂ ਸੰਸਥਾਵਾਂ ਦਹਾਕਿਆਂ ਤੋਂ ਬਹੁਮੁੱਲੀ ਸਿੱਖਿਆ ਮੁਹੱਈਆ ਕਰਵਾ ਰਹੀਆਂ ਹਨ, ਜਿਸ ਦੀ ਜਿੰਨ੍ਹੀ ਸ਼ਲਾਘਾ ਕੀਤੀ ਜਾਵੇ, ਉਹ ਘੱਟ ਹੈ।

ਇਸ ਮੌਕੇ ਡਾ. ਮਹਿਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਨੇ ਉਕਤ ਵਿਸ਼ੇ 'ਤੇ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਹੋਣ ਤੋਂ ਪਹਿਲਾਂ ਆਪਣੀ ਇਸ ਪਲੇਠੀ ਦੀ ਕਾਨਫਰੰਸ ਆਯੋਜਿਤ ਕਰਕੇ ਇਕ ਪਹਿਲਕਦਮੀ ਕੀਤੀ ਹੈ, ਜਿਸ ਦਾ ਮੰਤਵ ਅਕਾਦਮਿਕ ਐਕਸੀਲੈਂਸ, ਨਵੀਨਤਾ ਅਤੇ ਪ੍ਰੋਫੈਸ਼ਨਲ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਡਾ. ਅੰਧਾਰੇ ਨੇ ਕਿਹਾ ਕਿ ਸਾਨੂੰ ਅਜਿਹੀਆਂ ਸੰਸਥਾਵਾਂ ਦਾ ਪਾਲਣ-ਪੋਸ਼ਣ ਕਰਨਾ ਚਾਹੀਦਾ ਹੈ ਜੋ ਸਮਾਜ ਅਤੇ ਰਾਸ਼ਟਰ ਦੀਆਂ ਬਦਲਦੀਆਂ ਜ਼ਰੂਰਤਾਂ ਪ੍ਰਤੀ ਸਰਗਰਮ ਹੋ ਕੇ ਇਨ੍ਹਾਂ ਦੇ ਹੱਲ ਤਲਾਸ਼ਣ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਹ ਕਾਨਫਰੰਸ ਖਾਲਸਾ ਯੂਨੀਵਰਸਿਟੀ ਦੇ ਸਿੱਖਿਆ ਦੇ ਮਿਆਰ ਨੂੰ ਵਧਾਉਣ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਣਾ ਹੈ।

ਇਸ ਮੌਕੇ ਖ਼ਾਲਸਾ 'ਵਰਸਿਟੀ ਦੇ ਰਜਿਸਟਰਾਰ ਅਤੇ ਡੀਨ ਫੈਕਲਟੀ ਆਫ਼ ਐਜੂਕੇਸ਼ਨ ਡਾ. ਖੁਸ਼ਵਿੰਦਰ ਕੁਮਾਰ, ਜਿਨ੍ਹਾਂ ਨੇ ਇਸ ਕਾਨਫਰੰਸ ਨੂੰ ਉਲੀਕਣ 'ਚ ਆਪਣੀ ਅਹਿਮ ਭੂਮਿਕਾ ਨਿਭਾਈ, ਨੇ ਇਸ ਪ੍ਰੋਗਰਾਮ ਦੀ ਟੀਚਿਆਂ ਨੂੰ ਉਜਾਗਰ ਕਰਦਿਆਂ ਕਿਹਾ ਕਿ ਕਾਨਫਰੰਸ 'ਚ ਵਿੱਦਿਅਕ ਮਾਹਿਰਾਂ ਵੱਲੋਂ ਨਵੀਂ ਵਿੱਦਿਅਕ ਨੀਤੀ ਨੂੰ ਅਪਨਾਉਣ ਬਾਰੇ ਜਾਣਕਾਰੀਆਂ ਸਾਂਝੀਆਂ ਕਰਨਾ ਸੀ।

ਉਨ੍ਹਾਂ ਕਿਹਾ ਕਿ ਉਚ ਸਿੱਖਿਆ ਨੂੰ ਮੌਜੂਦਾ ਚੁਣੌਤੀਆਂ ਲਈ ਰਣਨੀਤੀਆਂ ਤਿਆਰ ਕਰਨ ਲਈ ਉਕਤ ਕਾਨਫਰੰਸ ਸਾਂਝਾ ਪਲੇਟਫਾਰਮ ਪ੍ਰਦਾਨ ਕਰਨ ਲਈ ਰਾਹ ਪੱਧਰਾ ਕਰੇਗੀ।

# ਐਡੂਮੌਂਟ ਵਰਲਡ ਸਕੂਲ ਦੇ ਦਸਵੀਂ ਦੇ ਵਿਦਿਆਰਥੀਆਂ ਵੱਲੋਂ ਸੁਪਰੀਮ ਸਟੀਲ ਇੰਡਸਟਰੀ ਦਾ ਵਿਦਿਅਕ ਦੌਰਾ



ਨਾਭਾ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਨਾਭਾ ਦੇ ਪ੍ਰਸਿੱਧ ਐਡੂਮੌਂਟ ਵਰਲਡ ਸਕੂਲ ਦੇ ਜਮਾਤ ਦਸਵੀਂ ਦੇ ਵਿਦਿਆਰਥੀਆਂ ਵੱਲੋਂ ਦੋ ਰੋਜਾ ਆਪਣੇ ਅਧਿਆਪਕਾਂ ਦੀ ਅਗਵਾਈ ਹੇਠ ਸੁਪਰੀਮ ਸਟੀਲ ਇੰਡਸਟਰੀ ਗੋਬਿੰਦਗੜ੍ਹ ਦਾ ਇੱਕ ਮਹੱਤਵਪੂਰਨ ਉਦਯੋਗਿਕ ਦੌਰਾ ਕਰਵਾਇਆ ਗਿਆ।

ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਪ੍ਰੈਕਟੀਕਲ ਜਾਣਕਾਰੀ ਪ੍ਰਦਾਨ ਕਰਨਾ ਸੀ, ਤਾਂ ਜੋ ਉਹ ਉਦਯੋਗਿਕ ਪ੍ਰਕਿਰਿਆਵਾਂ ਨੂੰ ਨਜ਼ਦੀਕ ਤੋਂ ਸਮਝ ਸਕਣ।

ਸਵੇਰੇ ਸਕੂਲ ਤੋਂ ਰਵਾਨਗੀ ਤੋਂ ਪਹਿਲਾਂ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸੁਰੱਖਿਆ ਅਤੇ ਅਨੁਸ਼ਾਸਨ ਸੰਬੰਧੀ ਹਦਾਇਤਾਂ ਦਿੱਤੀਆਂ ਗਈਆਂ। ਇਸ ਤੋਂ ਬਾਅਦ ਵਿਦਿਆਰਥੀ ਬੜੇ ਉਤਸ਼ਾਹ ਨਾਲ ਫੈਕਟਰੀ ਵੱਲ ਰਵਾਨਾ ਹੋਏ। ਫੈਕਟਰੀ ਪਹੁੰਚਣ 'ਤੇ ਪ੍ਰਬੰਧਕ ਟੀਮ ਵੱਲੋਂ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਉਦਯੋਗ ਦੇ ਮੁੱਖ ਭਾਗਾਂ ਨਾਲ ਜਾਣੂ ਕਰਵਾਇਆ ਗਿਆ।

ਫੈਕਟਰੀ ਵਿੱਚ ਮੌਜੂਦ ਤਜ਼ਰਬੇਕਾਰ ਇੰਜੀਨੀਅਰਾਂ ਨੇ ਵਿਦਿਆਰਥੀਆਂ ਨੂੰ ਸਟੀਲ ਬਣਾਉਣ ਦੀ ਪੂਰੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਦੱਸਿਆ।

ਉਨ੍ਹਾਂ ਨੇ ਸਮਝਾਇਆ ਤੇ ਦਿਖਾਇਆ ਕਿ ਕਿਵੇਂ ਕੱਚੇ ਲੋਹੇ ਨੂੰ ਭੱਠੀਆਂ ਵਿੱਚ ਉੱਚ ਤਾਪਮਾਨ 'ਤੇ ਪਿਘਲਾ ਕੇ ਸਟੀਲ ਤਿਆਰ ਕੀਤਾ ਜਾਂਦਾ ਹੈ। ਵਿਦਿਆਰਥੀਆਂ ਨੇ ਰੋਲਿੰਗ ਮਿੱਲ ਅਤੇ ਕਟਾਈ ਮਸ਼ੀਨਾਂ ਨੂੰ ਆਪਣੀਆਂ ਅੱਖਾਂ ਨਾਲ ਦੇਖਿਆ ਅਤੇ ਉਨ੍ਹਾਂ ਦੇ ਕੰਮ ਕਰਨ ਦੇ ਢੰਗ ਨੂੰ ਧਿਆਨ ਨਾਲ ਸਮਝਿਆ।

ਇਸ ਦੌਰਾਨ ਵਿਦਿਆਰਥੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਸਟੀਲ ਦੀ ਕੁਆਲਟੀ ਨੂੰ ਕਿਵੇਂ ਜਾਂਚਿਆ ਜਾਂਦਾ ਹੈ ਅਤੇ ਕਿਹੜੀਆਂ ਤਕਨੀਕਾਂ ਵਰਤੀਆਂ ਜਾਂਦੀਆਂ ਹਨ। ਉਨ੍ਹਾਂ ਨੇ ਇਹ ਵੀ ਸਿੱਖਿਆ ਕਿ ਉਦਯੋਗ ਵਿੱਚ ਸਮਾਂ ਪ੍ਰਬੰਧਨ, ਟੀਮ ਵਰਕ ਅਤੇ ਨਿਯਮਾਂ ਦੀ ਪਾਲਣਾ ਕਿੰਨੀ ਮਹੱਤਵਪੂਰਨ ਹੁੰਦੀ ਹੈ।

ਸੁਰੱਖਿਆ ਮਾਪਦੰਡਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਹੈਲਮੈਟ, ਦਸਤਾਨੇ ਅਤੇ ਹੋਰ ਸੁਰੱਖਿਆ ਉਪਕਰਣਾਂ ਦੀ ਲੋੜ ਬਾਰੇ ਸਮਝਾਇਆ ਗਿਆ ਅਤੇ ਦੱਸਿਆ ਗਿਆ ਕਿ ਉਦਯੋਗ ਵਿੱਚ ਕੰਮ ਕਰਦੇ ਸਮੇਂ ਸੁਰੱਖਿਆ ਸਭ ਤੋਂ ਪਹਿਲੀ ਤਰਜ਼ੀਹ ਹੁੰਦੀ ਹੈ।ਵਿਦਿਆਰਥੀਆਂ ਨੇ ਇਸ ਦੌਰੇ ਦੌਰਾਨ ਬੜੀ ਰੁਚੀ ਦਿਖਾਈ ਅਤੇ ਕਈ ਪ੍ਰਸ਼ਨ ਪੁੱਛੇ, ਜਿਨ੍ਹਾਂ ਦੇ ਉੱਤਰ ਇੰਜੀਨੀਅਰਾਂ ਨੇ ਬੜੀ ਸਹਿਜਤਾ ਨਾਲ ਦਿੱਤੇ। ਇਹ ਤਜ਼ਰਬਾ ਵਿਦਿਆਰਥੀਆਂ ਲਈ ਬਹੁਤ ਹੀ ਪ੍ਰੇਰਨਾਦਾਇਕ ਸਾਬਤ ਹੋਇਆ ਅਤੇ ਉਨ੍ਹਾਂ ਨੂੰ ਨਵੇਂ ਤਕਨੀਕੀ ਗਿਆਨ ਨਾਲ ਰੂਬਰੂ ਕਰਵਾਇਆ। ਦੌਰੇ ਦੇ ਅੰਤ 'ਤੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਇੰਡਸਟਰੀ ਪ੍ਰਬੰਧਨ ਦਾ ਧੰਨਵਾਦ ਕੀਤਾ ਗਿਆ। ਵਾਪਸੀ ਦੌਰਾਨ ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਇਸ ਦੌਰੇ ਨੂੰ ਬਹੁਤ ਹੀ ਯਾਦਗਾਰ ਅਤੇ ਲਾਭਕਾਰੀ ਕਰਾਰ ਦਿੱਤਾ। ਸਕੂਲ ਦੇ ਡਾਇਰੈਕਟਰ ਮੈਡਮ ਸ਼੍ਰੀਮਤੀ ਕਾਜਲ ਨਾਗਪਾਲ ਜੀ ਨੇ ਕਿਹਾ ਇਸ ਤਰ੍ਹਾਂ ਦੇ ਉਦਯੋਗਿਕ ਦੌਰੇ ਵਿਦਿਆਰਥੀਆਂ ਦੇ ਵਿਦਿਅਕ ਅਤੇ ਵਿਅਕਤੀਗਤ ਵਿਕਾਸ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ, ਕਿਉਂਕਿ ਇਹ ਉਨ੍ਹਾਂ ਨੂੰ ਅਸਲੀ ਜੀਵਨ ਨਾਲ ਜੋੜਦੇ ਹਨ ਅਤੇ ਭਵਿੱਖ ਵਿੱਚ ਉਨ੍ਹਾਂ ਦੀ ਕਿੱਤਾ ਚੋਣ ਲਈ ਮਦਦਗਾਰ ਸਾਬਤ ਹੁੰਦੇ ਹਨ।

# ਵਪਾਰੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਇੰਡਸਟਰੀ ਏਰੀਏ ਵਿੱਚ ਬਣੇਗੀ ਪੁਲਿਸ ਚੌਂਕੀ

ਬਠਿੰਡਾ,30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਦੇ ਅਰਬਨ ਇੰਡਸਟਰੀ ਏਰੀਏ ਵਿਖੇ ਐਸ.ਐਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਦੀ ਅਗਵਾਈ ਹੇਠ ਵਪਾਰੀਆਂ ਨਾਲ ਵਿਸ਼ੇਸ਼ ਬੈਠਕ ਕੀਤੀ ਗਈ। ਵਪਾਰੀਆਂ ਦੀ ਪੁਲਿਸ ਚੌਂਕੀ ਸਬੰਧੀ ਮੰਗ ਨੂੰ ਮੁੱਖ ਰੱਖਦਿਆਂ ਐਸ.ਐਸ.ਪੀ ਡਾ. ਜਯੋਤੀ ਯਾਦਵ ਬੈਂਸ ਨੇ ਭਰੋਸਾ ਦਵਾਇਆ ਕਿ ਜਲਦ ਹੀ ਇੰਡਸਟਰੀ ਏਰੀਏ ਵਿੱਚ ਪੁਲਿਸ ਚੌਂਕੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ, ਤਾਂ ਜੋ ਵਪਾਰੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਚੇਅਰਮੈਨ ਐਕਸਾਈਜ਼ ਐਂਡ ਟੈਕਸੇਸ਼ਨ ਸ਼੍ਰੀ ਬਿਕਰਮ ਲਵਲੀ ਨੇ ਇਸ ਦੌਰਾਨ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ, ਜੋ ਇਮਾਨਦਾਰੀ ਨਾਲ ਟੈਕਸ ਅਦਾ ਕਰਦਾ ਹੈ। ਉਨ੍ਹਾਂ ਭਰੋਸਾ ਦਵਾਇਆ ਕਿ ਟ੍ਰੇਡ ਕਮਿਸ਼ਨ ਅਤੇ ਸਰਕਾਰ ਹਮੇਸ਼ਾ ਵਪਾਰੀਆਂ ਦੀ ਜਾਨ-ਮਾਲ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਵਚਨਬੱਧ ਹੈ।

ਇਸ ਮੌਕੇ ਇੰਡਸਟਰੀ ਐਸੋਸੀਏਸ਼ਨ ਦੇ ਪ੍ਰਧਾਨ ਸ਼੍ਰੀ ਪ੍ਰਕਾਸ਼ ਜਿੰਦਲ ਵੱਲੋਂ ਇਸ ਮੀਟਿੰਗ ਦਾ ਆਯੋਜਨ ਕਰਨ ਲਈ ਸਾਰੇ ਹਾਜ਼ਰੀਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਲਈ ਇਸ ਤਰ੍ਹਾਂ ਦੀਆਂ ਮੀਟਿੰਗਾਂ ਬਹੁਤ ਲਾਹੇਵੰਦ ਸਾਬਤ ਹੁੰਦੀਆਂ ਹਨ।

ਇਸ ਮੌਕੇ ਡੀ.ਐਸ.ਪੀ. ਬਠਿੰਡਾ (ਦਿਹਾਤੀ) ਹਰਵਿੰਦਰ ਸਿੰਘ ਸਰਾਂ, ਡਾ. ਤਰਸੇਮ (ਸਟੇਟ ਸੈਕਟਰੀ ਟ੍ਰੇਡ ਕਮਿਸ਼ਨ) ਅਤੇ ਸ਼੍ਰੀ ਰਾਕੇਸ਼ ਗੁਪਤਾ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਉਦਯੋਗਪਤੀ ਅਤੇ ਵਪਾਰੀ ਹਾਜ਼ਰ ਰਹੇ ਅਤੇ ਉਨ੍ਹਾਂ ਨੇ ਆਪਣੇ ਕਾਰੋਬਾਰ ਨਾਲ ਸੰਬੰਧਤ ਮੁੱਦੇ ਪ੍ਰਮੁੱਖ ਤੌਰ 'ਤੇ ਰੱਖੇ।

ਮੀਟਿੰਗ ਦੇ ਅੰਤ ਵਿੱਚ ਵਪਾਰੀਆਂ ਨੇ ਆਪਣੀਆਂ ਸਮੱਸਿਆਵਾਂ ਸੁਣਨ ਅਤੇ ਤੁਰੰਤ ਕਾਰਵਾਈ ਦਾ ਭਰੋਸਾ ਦੇਣ ਲਈ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਉਨ੍ਹਾਂ ਖੁਸ਼ੀ ਪ੍ਰਗਟਾਈ ਕਿ ਉਨ੍ਹਾਂ ਦੇ ਮੁੱਦੇ ਗੰਭੀਰਤਾ ਨਾਲ ਸੁਣੇ ਗਏ ਅਤੇ ਉਮੀਦ ਜਤਾਈ ਕਿ ਜਲਦ ਹੀ ਇਨ੍ਹਾਂ ਮੁੱਦਿਆਂ ਦਾ ਹੱਲ ਹੋਵੇਗਾ।

# ਪਿੰਡ ਭਲਵਾਨ ਦੇ ਵੱਡੀ ਗਿਣਤੀ ਲੋਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ

ਧੂਰੀ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਦੀ ਹਾਜ਼ਰੀ ਵਿੱਚ ਪਿੰਡ ਭਲਵਾਨ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਮੂਲੀਅਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਹਲਕੇ ਦੇ ਵੋਟਰਾਂ ਨੇ ਸ. ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਦੇ ਅਹੁਦੇ ਤੱਕ ਪਹੁੰਚਾਇਆ ਹੈ ਅਤੇ ਮੁੱਖ ਮੰਤਰੀ ਵੱਲੋਂ ਧੂਰੀ ਹਲਕੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਸਰਕਾਰ ਵੱਲੋਂ ਕੀਤੇ ਗਏ ਲੋਕ-ਪੱਖੀ ਫ਼ੈਸਲਿਆਂ ਅਤੇ ਯੋਜਨਾਵਾਂ ਨੇ ਸਮਾਜ ਦੇ ਹਰ ਵਰਗ ਨੂੰ ਵੱਡੀ ਰਾਹਤ ਦਿੱਤੀ ਹੈ, ਜਿਸ ਕਰਕੇ ਲੋਕਾਂ ਦਾ ਭਰੋਸਾ ਸਰਕਾਰ 'ਤੇ ਹੋਰ ਮਜ਼ਬੂਤ ਹੋਇਆ ਹੈ।

ਇਸ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਹਰ ਵਰਗ ਦੇ ਲੋਕਾਂ ਦੀ ਸ਼ਮੂਲੀਅਤ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ੀ ਮਿਲੇਗੀ।



ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਸੰਮਤੀ ਮੈਂਬਰ ਹਰਪ੍ਰੀਤ ਸਿੰਘ ਭਲਵਾਨ, ਸਰਪੰਚ ਭਗਵਾਨ ਸਿੰਘ, ਨਿਰਮਲ ਸਿੰਘ, ਆਮ ਆਦਮੀ ਪਾਰਟੀ ਦੇ ਸਕੱਤਰ ਬਲਾਲ ਖਾਨ ਸਮੇਤ ਵੱਡੀ ਗਿਣਤੀ ਵਿੱਚ ਵਲੰਟੀਅਰ ਅਤੇ ਪਾਰਟੀ ਵਰਕਰ ਮੌਜੂਦ ਸਨ।

# ਪੰਜਾਬ ਸਰਕਾਰ ਐਨ.ਆਰ.ਆਈ. ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਮਹੀਨੇ ਵਿੱਚ ਦੋ ਮਿਲਣੀਆਂ ਕਰੇਗੀ: ਡਾ. ਰਵਜੋਤ ਸਿੰਘ

ਚੰਡੀਗੜ੍ਹ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਨੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਲਈ ਮਹੱਤਵਪੂਰਨ ਕਦਮ ਚੁੱਕਦੇ ਹੋਏ ਮਹੀਨੇ ਵਿੱਚ ਦੋ ਐਨ.ਆਰ.ਆਈ. ਮਿਲਣੀਆਂ ਕਰਨ ਦਾ ਫ਼ੈਸਲਾ ਕੀਤਾ ਹੈ।ਜ ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਉਪਰੰਤ ਇਹ ਜਾਣਕਾਰੀ ਦਿੰਦਿਆਂ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਹਰ ਮਹੀਨੇ ਦੇ ਦੂਜੇ ਬੁੱਧਵਾਰ ਨੂੰ ਆਨਲਾਈਨ ਮਿਲਣੀ ਕਰਵਾਈ ਜਾਵੇਗੀ, ਜਦਕਿ ਮਹੀਨੇ ਵਿੱਚ ਇੱਕ ਵਾਰ ਡਵੀਜ਼ਨ ਅਨੁਸਾਰ ਭੌਤਿਕ/ਫਿਜ਼ੀਕਲ ਮਿਲਣੀ ਹੋਵੇਗੀ।



ਐਨ.ਆਰ.ਆਈ. ਮੰਤਰੀ ਨੇ ਦੱਸਿਆ ਕਿ ਇਹ ਮਿਲਣੀਆਂ ਮਾਲਵਾ-1, ਮਾਲਵਾ-2, ਮਾਝਾ ਅਤੇ ਦੁਆਬਾ ਡਵੀਜ਼ਨਾਂ ਅਨੁਸਾਰ ਆਯੋਜਿਤ ਕੀਤੀਆਂ ਜਾਣਗੀਆਂ, ਤਾਂ ਜੋ ਹਰ ਖੇਤਰ ਦੇ ਐਨ.ਆਰ.ਆਈ. ਪੰਜਾਬੀਆਂ ਨੂੰ ਆਪਣੀਆਂ ਸਮੱਸਿਆਵਾਂ ਦਰਜ ਕਰਵਾਉਣ ਅਤੇ ਉਨ੍ਹਾਂ ਦਾ ਹੱਲ ਕਰਨ ਦੀ ਲਈ ਸੁਵਿਧਾ ਪ੍ਰਾਪਤ ਹੋ ਸਕੇ।ਉਨ੍ਹਾਂ ਦੱਸਿਆ ਕਿ ਆਨਲਾਈਨ ਮਿਲਣੀ ਲਈ ਦਰਖਾਸਤਾਂ ਹਰ ਮਹੀਨੇ ਨਿਰਧਾਰਤ ਮਿਤੀ ਤੋਂ ਤਿੰਨ ਦਿਨ ਪਹਿਲਾਂ ਤੱਕ ਸਵੀਕਾਰ ਕੀਤੀਆਂ ਜਾਣਗੀਆਂ ਅਤੇ ਮਿਲਣੀ ਵਾਲੇ ਦਿਨ ਉਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਉਪਰਾਲੇ ਦਾ ਮੁੱਖ ਉਦੇਸ਼ ਐਨ.ਆਰ.ਆਈ. ਪੰਜਾਬੀਆਂ ਨਾਲ ਸਿੱਧਾ ਸੰਪਰਕ ਕਾਇਮ ਕਰਨਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨਾ ਹੈ।ਇਸ ਮੌਕੇ ਐਨ.ਆਰ.ਆਈ. ਮਾਮਲਿਆਂ ਦੇ ਸਕੱਤਰ ਵੀ.ਐਨ. ਜਾਡੇ, ਜਲੰਧਰ ਦੇ ਡਵੀਜ਼ਨਲ ਕਮਿਸ਼ਨਰ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਸਕੱਤਰ ਸ਼੍ਰੀ ਰਾਮਵੀਰ, ਸਪੈਸ਼ਲ ਸਕੱਤਰ ਐਨ.ਆਰ.ਆਈ. ਮਾਮਲੇ ਮਿਸਿਜ਼ ਅਮਨਦੀਪ ਕੌਰ, ਏਡੀਜੀਪੀ ਐਨ.ਆਰ.ਆਈ. ਮਾਮਲੇ ਸ਼੍ਰੀ ਆਰ.ਕੇ. ਜੈਸਵਾਲ ਅਤੇ ਏਆਈਜੀ ਸ਼੍ਰੀ ਅਜਿੰਦਰ ਸਿੰਘ ਵੀ ਹਾਜ਼ਰ ਸਨ।

# ਜਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਨਰਸਿੰਗ ਵਿਦਿਆਰਥੀਆਂ ਦੇ ਸਹਿਯੋਗ ਨਾਲ ਚਲਾਇਆ ਡੇਂਗੂ ਵਿਰੋਧੀ ਡਰਾਈ-ਡੇ ਅਭਿਆਨ

ਪਟਿਆਲਾ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਵਿਸ਼ੇਸ ਤੌਰ ਤੇ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ ਚਲਾਇਆ ਗਿਆ ਜਿਸ ਦੀ ਅਗਵਾਈ ਸਿਵਲ ਸਰਜਨ ਡਾ.ਸ਼ੈਲੀ ਜੇਤਲੀ ਨੇ ਕੀਤੀ। ਜਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ/ਕਾਲਜ਼ਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰ ਦੇ ਸਹਿਯੋਗ ਨਾਲ ਡੇਂਗੂ ਲਾਰਵੇ ਦੀ ਜਾਂਚ ਲਈ ਲਾਰਵੇ ਦੇ ਹਾਟ-ਸਪਾਟ ਇਲਾਕਿਆਂ ਦੀ ਚੈਕਿੰਗ ਲਈ ਜਿਲ੍ਹੇ ਭਰ ਵਿੱਚ ਸਪੈਸ਼ਲ ਕੰਪੇਨ ਚਲਾਈ ਗਈ। ਜਿਸ ਤਹਿਤ ਪਟਿਆਲਾ ਸ਼ਹਿਰ ਵਿੱਚ ਲਾਹੋਰੀ ਗੇਟ, ਗੁਰੂ ਨਾਨਕ ਨਗਰ, ਸੁਖਰਾਮ ਕਲੋਨੀ, ਬਡੂੰਗਰ ਆਦਿ ਵਿੱਚ ਜਾ ਕੇ ਚੈਕਿੰਗ ਕੀਤੀ ਗਈ। ਇਸ ਮੌਕੇ ਘਰ-ਘਰ ਜਾ ਕੇ ਆਮ ਜਨਤਾ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਮੁੱਹਈਆ ਕਰਵਾਈ ਗਈ ਅਤੇ ਪਾਣੀ ਦੇ ਖੜੇ ਸਰੋਤਾਂ ਦੀ ਚੈਕਿੰਗ ਕੀਤੀ ਗਈ। ਜਿਨ੍ਹਾਂ ਘਰਾਂ ਅਤੇ ਥਾਵਾਂ ਵਿੱਚ ਡੇਂਗੂ ਦਾ ਲਾਰਵਾ ਮਿਲਿਆ, ਉਸ ਨੂੰ ਮੌਕੇ ਤੇ ਹੀ ਨਸ਼ਟ ਕੀਤਾ ਗਿਆ ਅਤੇ ਚੇਤਾਵਨੀ ਨੋਟਿਸ ਵੀ ਦਿੱਤੇ ਗਏ। ਲੋਕਾਂ ਨੂੰ ਦੱਸਿਆ ਗਿਆ ਕਿ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਆਪਣੇ ਘਰਾਂ ਦੀਆਂ ਛੱਤਾਂ ਜਾਂ ਵਿਹੜੇ ਵਿੱਚ ਪਏ ਕਬਾੜ ਆਦਿ ਸਮਾਨ ਵਿੱਚ ਪਾਣੀ ਜਮਾਂ ਨਾ ਹੋਣ ਦਿੱਤਾ ਜਾਵੇ, ਆਲੇ ਦੁਆਲੇ ਦੀ ਸਾਫ-ਸਫਾਈ ਵੱਲ ਖਾਸ ਧਿਆਨ ਦਿੱਤਾ ਜਾਵੇ।



# ਪਟਿਆਲਾ ਦੇ ਡੀਐਮ ਡਬਲਯੂ ਵਿਖੇ ਹੋਈ ਨਾਗਰਿਕ ਸੁਰੱਖਿਆ ਮੌਕ ਡਰਿਲ

## ➢ ਸਾਇਰਨ ਵਜਾ ਕੇ , ਅੱਗ ਲੱਗਣ ਤੇ ਗੈਸ ਚੜ੍ਹਨ ਕਰਕੇ ਫੱਟੜਾਂ ਦੀ ਸੰਭਾਲ ਤੇ ਪ੍ਰਸ਼ਾਸਨ ਮਸ਼ੀਨਰੀ ਦੇ ਤਾਲਮੇਲ ਦੀ ਰਿਹਰਸਲ ➢ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਨਾ ਹੀ ਫੈਲਾਈ ਜਾਵੇ ਤੇ ਨਾ ਹੀ ਸੋਸ਼ਲ ਮੀਡੀਆ ਜਾਂ ਕਿਸੇ ਹੋਰ ਤਰ੍ਹਾਂ ਦੀਆਂ ਅਫ਼ਵਾਹਾਂ 'ਤੇ ਯਕੀਨ ਕੀਤਾ ਜਾਵੇ : ਐਸ ਡੀ ਐਮ

ਪਟਿਆਲਾ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ 'ਚ ਬਚਾਅ ਏਜੰਸੀਆਂ ਅਤੇ ਸਿਵਲ ਪ੍ਰਸ਼ਾਸਨ ਵਿਚਕਾਰ ਤਾਲਮੇਲ ਦਾ ਮੁਲਾਂਕਣ ਕਰਨ ਲਈ ਰਾਤ 8 ਵਜੇ ਇਕ ਨਾਗਰਿਕ ਸੁਰੱਖਿਆ ਮੌਕ ਡਰਿੱਲ ਕੀਤੀ ਗਈ। ਪਟਿਆਲਾ ਦੇ ਡੀ ਐਮ ਡਬਲਯੂ ਵਿਖੇ ਐਸ ਡੀ ਐਮ ਗੁਰਦੇਵ ਸਿੰਘ ਧਮ ਦੀ ਨਿਗਰਾਨੀ ਹੇਠ ਅੱਧਾ ਘੰਟਾ ਚੱਲੇ ਅਭਿਆਸ ਦੌਰਾਨ ਸਾਇਰਨ ਵਜਾ ਕੇ ਅੱਗ ਲੱਗਣ ਤੇ ਗੈਸ ਚੜਨ ਕਰਕੇ ਫੱਟੜਾਂ ਦੀ ਸੰਭਾਲ ਤੇ ਪ੍ਰਸ਼ਾਸਨ ਦੀ ਮਸ਼ੀਨਰੀ ਦੇ ਤਾਲਮੇਲ ਦੀ ਇੱਕ ਜਨਤਕ ਖੇਤਰ ਵਿੱਚ ਐਮਰਜੈਂਸੀ ਸਥਿਤੀਆਂ ਦੀ ਨਕਲ ਕਰਕੇ ਬਚਾਅ ਕਾਰਜਾਂ ਦਾ ਅਭਿਆਸ ਕੀਤਾ ਗਿਆ।

ਬਟਾਲੀਅਨ ਕਮਾਂਡਰ ਗਗਨ ਪ੍ਰੀਤ ਸਿੰਘ ਢਿੱਲੋਂ ਨੇ ਦੱਸਿਆ ਕਿ 360 ਵਲੰਟੀਅਰਜ਼ ਨੂੰ ਇਸ ਮੌਕ ਡਰਿੱਲ ਲਈ ਟ੍ਰੇਨਿੰਗ ਦਿੱਤੀ ਗਈ ਹੈ ਜਿਹਨਾਂ ਵਿਚ ਕਈ ਵਿਦਿਆਰਥੀ ਅਤੇ ਅਧਿਆਪਕ ਮੌਜੂਦ ਹਨ।



ਇਸ ਦੌਰਾਨ ਪੁਲਿਸ, ਫੌਜ, ਆਈ.ਟੀ.ਬੀ.ਪੀ, ਐਨ.ਸੀ.ਸੀ., ਐਨ.ਐਸ.ਐਸ, ਰੈਡ ਕਰਾਸ ਦੇ ਨੁਮਾਇੰਦੇ ਤੇ ਸਕੂਲ ਵਿਦਿਆਰਥੀਆਂ ਵੱਲੋਂ ਅਭਿਆਸ ਕੀਤਾ ਗਿਆ ਕਿ ਜੇਕਰ ਹਵਾਈ ਹਮਲਾ ਤੇ ਕੋਈ ਹੰਗਾਮੀ ਸਥਿਤੀ ਹੋ ਜਾਵੇ ਤਾਂ ਕਿਸ ਤਰ੍ਹਾਂ ਬਚਾਅ ਕਰਨਾ ਹੈ।

ਇਸ ਮੌਕੇ ਤੇ ਅੱਗ ਲੱਗਣ ਦਾ ਸੀਨ ਬਣਾਇਆ ਗਿਆ ਤੇ ਬਚਾਅ ਸਬੰਧੀ ਕੀਤੀ ਕਾਰਵਾਈ ਨੂੰ ਦਰਸਾਇਆ ਗਿਆ। ਇਸ ਦੌਰਾਨ ਮਾਹਰਾਂ ਵੱਲੋਂ ਦੱਸਿਆ ਕਿ ਜੇਕਰ ਹਮਲੇ ਸਮੇਂ ਤੁਸੀਂ ਖੁੱਲ੍ਹੇ ਵਿੱਚ ਹੋ ਤਾਂ ਜਲਦੀ ਤੋਂ ਜਲਦੀ ਧਰਤੀ 'ਤੇ ਪੈ ਕੇ ਬਚਾਅ ਕਰਨਾ ਹੈ। ਜੇਕਰ ਬਹੁ ਮੰਜ਼ਲਾਂ ਇਮਾਰਤ ਵਿਚ ਹੋ ਤੇ ਹੇਠਲੇ ਤਲ ਤੇ ਆ ਜਾਓ। ਹਰ ਪ੍ਰਕਾਰ ਦੀਆਂ ਲਾਈਟਾਂ ਬੰਦ ਕਰ ਦਿਓ ਅਤੇ ਕੋਈ ਵੀ ਰੌਸ਼ਨੀ ਨਾ ਕਰੋ। ਜੇਕਰ ਤੁਹਾਡੇ ਨੇੜੇ ਇਮਾਰਤ ਨਹੀਂ ਹੈ ਤਾਂ ਕਿਸੇ ਦਰੱਖਤ ਦੇ ਥੱਲੇ ਓਟ ਲਵੋ। ਜੇਕਰ ਤੁਸੀਂ ਵਾਹਨ ਚਲਾ ਰਹੇ ਹੋ ਤਾਂ ਵਾਹਣ ਛੱਡ ਕੇ ਥੱਲੇ ਆ ਜਾਓ। ਜੇਕਰ ਤੁਹਾਡੇ ਕੋਲ ਓਟ ਲੈਣ ਲਈ ਕੋਈ ਥਾਂ ਨਹੀਂ ਹੈ ਤਾਂ ਧਰਤੀ ਤੇ ਛਾਤੀ ਦੇ ਭਾਰ ਲੇਟ ਜਾਓ ਅਤੇ ਆਪਣੀਆਂ ਉਂਗਲਾਂ ਨਾਲ ਕੰਨ ਬੰਦ ਕਰ ਲਓ। ਇਸ ਸਮੇਂ ਦੌਰਾਨ ਕਿਸੇ ਵੀ ਪ੍ਰਕਾਰ ਦਾ ਰੌਸ਼ਨੀ ਨਾ ਕਰੋ।

ਇਸ ਮੌਕੇ ਹਮਲੇ ਦੌਰਾਨ ਜਖਮੀਆਂ ਦੀ ਕਿਸ ਤਰ੍ਹਾਂ ਸੰਭਾਲ ਕਰਨ ਹੈ ਤੇ ਆਰਜੀ ਹਸਪਤਾਲ ਕਿਸੇ ਤਰ੍ਹਾਂ ਬਣਾਉਣੇ ਹਨ ਤੇ ਅੱਗ ਲੱਗਣ ਦੀ ਸੂਰਤ ਵਿੱਚ ਅੱਗ ਤੋਂ ਆਪਣਾ ਬਚਾਅ ਕਿਸ ਤਰ੍ਹਾਂ ਕਰਨਾ ਹੈ ਤੇ ਅੱਗ ਕਿਸ ਤਰ੍ਹਾਂ ਬੁਝਾਉਣੀ ਹੈ। ਇਸ ਦੇ ਨਾਲ ਹੀ ਗੈਸ ਚੜਨ ਤੋਂ ਬਚਾਅ ਲਈ ਕੀਤੇ ਜਾਣ ਵਾਲੇ ਉਪਾਅ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਪ੍ਰਸ਼ਾਸਨ ਦੀ ਮਸ਼ੀਨਰੀ ਦੀ ਵਰਤੋਂ ਸਬੰਧੀ ਅਭਿਆਸ ਕੀਤਾ ਗਿਆ।

ਇਮਾਰਤ ਦੇ ਅੰਦਰ ਕਮਰੇ ਦੇ ਕੋਨੇ ਵਿੱਚ ਸ਼ਰਨ ਲਵੋ ਜਾਂ ਕੋਈ ਕੱਪ ਬੋਰਡ ਜਾਂ ਭਾਰੀ ਚੀਜ਼ ਹੈ ਤਾਂ ਉਸ ਦੇ ਹੇਠਾਂ ਵੀ ਸ਼ਰਨ ਲਈ ਜਾ ਸਕਦੀ ਹੈ ਖਿੜਕੀਆਂ ਵਿੱਚ ਖੜੇ ਨਾ ਹੋਵੋ। ਗੈਸ ਪਾਣੀ ਅਤੇ ਬਿਜਲੀ ਦੀਆਂ ਸਵਿੱਚਾਂ ਬੰਦ ਕਰ ਦਿਓ।

ਇਸ ਮੌਕੇ ਐਸ ਡੀ ਐਮ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਇਹਨਾਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਉਹਨਾਂ ਨੇ ਕਿਹਾ ਕਿ ਕਿਸੇ ਵੀ ਖ਼ਤਰੇ ਮੌਕੇ ਇਹਨਾਂ ਹਦਾਇਤਾਂ ਦਾ ਪਾਲਣ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕ ਕਿਸੇ ਤਰ੍ਹਾਂ ਦੀ ਘਬਰਾਹਟ 'ਚ ਨਾ ਆਉਣ। ਐਸ ਡੀ ਐਮ ਨੇ ਦੱਸਿਆ ਕਿ ਗ੍ਰਹਿ ਮੰਤਰਾਲੇ ਤੇ ਡਾਇਰੈਕੋਰੇਟ ਜਨਰਲ ਆਫ਼ ਫਾਇਰ ਸਰਵਿਸ, ਨਾਗਰਿਕ ਸੁਰੱਖਿਆ ਤੇ ਹੋਮ ਗਾਰਡਜ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਇਹ ਅਭਿਆਸ ਪਹਿਲਾਂ ਤੋਂ ਯੋਜਨਾਬੱਧ ਸੀ, ਇਸ ਲਈ ਡਰਨ ਦੀ ਕੋਈ ਲੋੜ ਨਹੀਂ ਹੈ।

ਉਨ੍ਹਾਂ ਦੱਸਿਆ ਕਿ ਇਸ ਮੌਕ ਡਰਿਲ ਦਾ ਉਦੇਸ਼ ਐਮਰਜੈਂਸੀ ਸਥਿਤੀਆਂ ਨੂੰ ਨਿਯੰਤਰਿਤ ਅਤੇ ਅਜਿਹੀਆਂ ਸਥਿਤੀਆਂ ਦੀ ਸੁਰੱਖਿਅਤ ਢੰਗ ਨਾਲ ਨਕਲ ਕਰਨਾ ਹੈ ਤਾਂ ਜੋ ਨਾਗਰਿਕ ਅਤੇ ਪ੍ਰਸ਼ਾਸਨ ਦੋਵੇਂ ਅਸਲ ਸੰਕਟ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਬਿਹਤਰ ਢੰਗ ਨਾਲ ਤਿਆਰ ਹੋਣ। ਇਸ ਲਈ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਨਾ ਹੀ ਫੈਲਾਈ ਜਾਵੇ ਤੇ ਨਾ ਹੀ ਸੋਸ਼ਲ ਮੀਡੀਆ ਜਾਂ ਕਿਸੇ ਹੋਰ ਤਰ੍ਹਾਂ ਦੀਆਂ ਅਫ਼ਵਾਹਾਂ 'ਤੇ ਯਕੀਨ ਕੀਤਾ ਜਾਵੇ।

ਇਸ ਮੌਕੇ ਐਸ ਡੀ ਐਮ , ਸਿਵਿਲ ਡਿਫੈਂਸ ਦੇ ਨੋਡਲ ਅਫ਼ਸਰ ਮੋਹਨਦੀਪ ਸਿੰਘ ਕਰਮਜੀਤ ਸਿੰਘ ਸੇਖੋਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਲੰਟੀਅਰਜ਼ ਮੌਜੂਦ ਸਨ।

# ਕਾਲੀ ਮਾਤਾ ਮੰਦਰ ਨੇੜੇ ਪੈਂਡਿੰਗ 'ਰਜਿੰਦਰਾ ਲੇਕ' ਪ੍ਰੋਜੈਕਟ ਨੂੰ ਮਿਲੀ ਰਫ਼ਤਾਰ; ਮੇਅਰ ਕੁੰਦਨ ਗੋਗੀਆ ਨੇ ਮੌਕੇ 'ਤੇ ਜਾ ਕੇ ਲਿਆ ਜਾਇਜ਼ਾ

ਪਟਿਆਲਾ, 30 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਾਹੀ ਸ਼ਹਿਰ ਪਟਿਆਲਾ ਦੇ ਇਤਿਹਾਸਕ ਅਤੇ ਪ੍ਰਸਿੱਧ ਸ਼੍ਰੀ ਕਾਲੀ ਮਾਤਾ ਮੰਦਰ ਦੇ ਬਿਲਕੁਲ ਨਜ਼ਦੀਕ ਸਥਿਤ ਰਜਿੰਦਰਾ ਲੇਕ ਦੀ ਨੁਹਾਰ ਬਦਲਣ ਲਈ ਲੰਬੇ ਸਮੇਂ ਤੋਂ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਮੇਅਰ ਕੁੰਦਨ ਗੋਗੀਆ ਦੀ ਪਹਿਲ ਸਦਕਾ ਮੁੜ ਰਫ਼ਤਾਰ ਮਿਲੀ ਹੈ। ਮੇਅਰ ਨੇ ਅੱਜ ਖ਼ੁਦ ਲੇਕ ਦਾ ਦੌਰਾ ਕੀਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਦੇ ਸਖ਼ਤ ਨਿਰਦੇਸ਼ ਦਿੱਤੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਰਜਿੰਦਰਾ ਲੇਕ ਸ਼ਹਿਰ ਦੀ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਦਾ ਪ੍ਰਤੀਕ ਹੈ। ਇਸ ਪ੍ਰੋਜੈਕਟ ਦੇ ਤਹਿਤ ਲੇਕ ਦੀ ਮੁਕੰਮਲ ਸਫ਼ਾਈ ਕੀਤੀ ਜਾਵੇਗੀ ਅਤੇ ਪਾਣੀ ਦੀ ਗੁਣਵੱਤਾ ਨੂੰ ਬਰਕਰਾਰ ਰੱਖਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ। ਇਸ ਤੋਂ ਇਲਾਵਾ, ਲੇਕ ਦੇ ਆਲੇ-ਦੁਆਲੇ ਹਰਿਆਲੀ ਵਧਾਉਣ ਲਈ ਨਵੀਂ ਪਲਾਨਿੰਗ ਕੀਤੀ ਗਈ ਹੈ ਅਤੇ ਲੋਕਾਂ ਦੇ ਟਹਿਲਣ ਲਈ ਵਾਕਿੰਗ ਟਰੈਕ ਅਤੇ ਬੈਠਣ ਲਈ ਆਧੁਨਿਕ ਬੈਂਚ ਲਗਾਏ ਜਾਣਗੇ। ਮੇਅਰ ਨੇ ਸਪੱਸ਼ਟ ਕੀਤਾ ਕਿ ਲੇਕ 'ਤੇ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰੇ ਅਤੇ ਰਾਤ ਦੇ ਸਮੇਂ ਲਈ ਖ਼ੂਬਸੂਰਤ ਲਾਈਟਿੰਗ ਦਾ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਹਦਾਇਤ ਕੀਤੀ ਕਿ ਕੰਮ ਦੀ ਗੁਣਵੱਤਾ ਵਿੱਚ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਸਾਰਾ ਪ੍ਰੋਜੈਕਟ ਤੈਅ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾਵੇ ਤਾਂ ਜੋ ਲੋਕ ਇਸ ਦਾ ਆਨੰਦ ਮਾਣ ਸਕਣ। ਪਿਛਲੇ ਕਈ ਸਾਲਾਂ ਤੋਂ ਇਸ ਪ੍ਰੋਜੈਕਟ ਦੇ ਲਟਕਣ ਕਾਰਨ ਸ਼ਹਿਰ ਵਾਸੀਆਂ ਵਿੱਚ ਨਿਰਾਸ਼ਾ ਸੀ, ਪਰ ਮੇਅਰ ਕੁੰਦਨ ਗੋਗੀਆ ਵੱਲੋਂ ਕੀਤੀ ਗਈ ਇਸ ਨਿੱਜੀ ਪਹਿਲ ਨੇ ਲੋਕਾਂ ਵਿੱਚ ਮੁੜ ਉਮੀਦ ਜਗਾਈ ਹੈ। ਸ਼ਹਿਰ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਮੀਦ ਜਤਾਈ ਕਿ ਜਲਦ ਹੀ ਰਜਿੰਦਰਾ ਲੇਕ ਪਟਿਆਲਾ ਦੇ ਮੁੱਖ ਸੈਰ-ਸਪਾਟਾ ਕੇਂਦਰ ਵਜੋਂ ਉਭਰੇਗੀ। ਇਸ ਮੌਕੇ ਨਗਰ ਨਿਗਮ ਦੇ ਇੰਜੀਨੀਅਰਿੰਗ ਵਿਭਾਗ ਦੇ ਉੱਚ ਅਧਿਕਾਰੀ ਅਤੇ ਹੋਰ ਸਟਾਫ਼ ਮੈਂਬਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।



# ਮਹਾਨ ਸਿੱਖ ਜਰਨੈਲ ਜੱਸਾ ਸਿੰਘ ਰਾਮਗੜ੍ਹੀਆ

ਗਿਆਨ ਸਿੰਘ



296 ਸਾਲ ਪਹਿਲਾਂ 5 ਮਈ 1723 ਈਸਵੀ ਨੂੰ ਜੱਸਾ ਸਿੰਘ ਰਾਮਗੜ੍ਹੀਆ ਨੇ ਮਾਤਾ ਗੰਗੋ ਜੀ ਅਤੇ ਪਿਤਾ ਸਰਦਾਰ ਭਗਵਾਨ ਸਿੰਘ ਦੇ ਘਰ ਪਿੰਡ ਈਚੋਗਿਲ ਜ਼ਿਲ੍ਹਾ ਲਾਹੌਰ ਵਿਖੇ ਜਨਮ ਲਿਆ। ਜੱਸਾ ਸਿੰਘ ਰਾਮਗੜ੍ਹੀਆ ਦਾ ਸਿੱਖ ਧਰਮ ਵਿਚ ਅਟੁੱਟ ਵਿਸ਼ਵਾਸ ਤੇ ਸ਼ਰਧਾ ਸੀ। ਉਹ ਬਹੁਤ ਸੂਝਵਾਨ ਤੇ ਦੂਰਦਰਸ਼ੀ ਸਨ। ਉਨ੍ਹਾਂ ਦਾ ਵਡੱਪਣ ਇਹ ਸੀ ਕਿ ਉਹ ਆਮ ਲੋਕਾਂ ਤੋਂ ਲੈ ਕੇ ਆਪਣੇ ਵਿਰੋਧੀਆਂ ਤਕ ਨਿਮਰਤਾ ਨਾਲ ਪੇਸ਼ ਆਉਂਦੇ ਸਨ।

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਏ ਦੇ ਵੱਡੇ ਵਡੇਰਿਆਂ ਨੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤਕ ਸੇਵਾ ਕੀਤੀ, ਜਿਸ ਕਰਕੇ ਜੱਸਾ ਸਿੰਘ ਰਾਮਗੜ੍ਹੀਆ ਨੂੰ ਗੁਰੂ ਘਰ ਦੀ ਸੇਵਾ ਅਤੇ ਜ਼ਬਰ-ਜ਼ੁਲਮ ਦੇ ਵਿਰੁਧ ਆਵਾਜ਼, ਮਜ਼ਲੂਮਾਂ ਦੀ ਰੱਖਿਆ ਦੀ ਗੁੜ੍ਹਤੀ ਮਿਲੀ। ਉਨ੍ਹਾਂ ਆਪਣੇ ਪਿਤਾ ਗਿਆਨੀ ਭਗਵਾਨ ਸਿੰਘ ਪਾਸੋਂ ਧਾਰਮਿਕ ਸਿੱਖਿਆ ਪ੍ਰਾਪਤ ਕੀਤੀ। ਗਿਆਨੀ ਭਗਵਾਨ ਸਿੰਘ ਉੱਚੇ ਆਚਰਣ ਵਾਲੇ ਕਿਰਤੀ ਤੇ ਸਿਦਕਵਾਨ ਸਿੱਖ ਸਨ। ਗਿਆਨੀ ਭਗਵਾਨ ਸਿੰਘ ਨੇ ਜੱਸਾ ਸਿੰਘ ਨੂੰ ਤਰਖਾਣਾ ਕੰਮ ਵਿਚ ਹੱਥ ਵਟਾਉਣ ਲਈ ਲਾਉਣਾ ਚਾਹਿਆ ਪ੍ਰੰਤੂ ਉਸ ਨੇ ਇਸ ਕੰਮ ਵਿਚ ਦਿਲਚਸਪੀ ਨਾ ਲਈ। ਨਾਦਰ ਸ਼ਾਹ ਦੇ ਹਮਲੇ ਕਾਰਨ ਉਨ੍ਹਾਂ ਦੇ ਪਰਿਵਾਰ ਨੂੰ ਪਿੰਡ ਛੱਡਣਾ ਪਿਆ।

1738 ਵਿਚ ਜਦੋਂ ਜ਼ਕਰੀਆ ਖ਼ਾਨ ਨੂੰ ਪਤਾ ਲਗਾ ਕਿ ਨਾਦਰ ਸ਼ਾਹ ਪੰਜਾਬ ਵਲ ਵੱਧ ਰਿਹਾ ਹੈ ਤਾਂ ਉਸ ਨੇ ਬਹਾਦਰ ਸਿੰਘਾਂ ਨਾਲ ਸੁਲਾਹ-ਸਫ਼ਾਈ ਕਰ ਕੇ ਨਾਦਰ ਸ਼ਾਹ ਦਾ ਟਾਕਰਾ ਕਰਨ ਲਈ ਮਦੱਦ ਲੈਣ ਲਈ ਸਿੱਖਾਂ ਨੂੰ ਜਾਗੀਰ ਤੇ ਖਿਲਅਤ ਪੇਸ਼ ਕੀਤੀ, ਜੋ ਸਿੱਖਾਂ ਨੇ ਸਰਬਸੰਮਤੀ ਨਾਲ ਪਰਵਾਨ ਕਰ ਕੇ ਨਵਾਬ ਕਪੂਰ ਸਿੰਘ ਨੂੰ ਦੇ ਦਿੱਤੀ। ਮਿੱਤਰਤਾ ਦੇ ਫ਼ੈਸਲੇ ਨੂੰ ਸਾਰੇ ਸਿੰਘਾਂ ਨੇ ਪ੍ਰਵਾਨ ਕਰ ਕੇ ਨਾਦਰ ਸ਼ਾਹ ਦੇ ਖ਼ਿਲਾਫ਼ ਜ਼ਕਰੀਆ ਖ਼ਾਨ ਦਾ ਸਾਥ ਦੇਣ ਦਾ ਪ੍ਰਣ ਲਿਆ। ਬਹੁਤ ਸਾਰੇ ਸਿੰਘ ਨਾਦਰ ਸ਼ਾਹ ਦੇ ਖ਼ਿਲਾਫ਼ ਫ਼ੌਜ ਵਿਚ ਭਰਤੀ ਹੋ ਗਏ, ਜਿਨ੍ਹਾਂ ਵਿਚ ਗਿਆਨੀ ਭਗਵਾਨ ਸਿੰਘ ਤੇ ਜੱਸਾ ਸਿੰਘ ਵੀ ਸ਼ਾਮਲ ਸਨ। ਨਾਦਰ ਸ਼ਾਹ ਤੇ ਜ਼ਕਰੀਆ ਖ਼ਾਨ ਦੀਆਂ ਫ਼ੌਜਾਂ ਵਿਚਕਾਰ 1738 ਈਸਵੀ ਵਿਚ ਵਜ਼ੀਰਾਬਾਦ ਜ਼ਿਲ੍ਹਾ ਗੁਜਰਾਂਵਾਲਾ (ਪਾਕਿਸਤਾਨ) ਨੇੜੇ ਟਾਕਰਾ ਹੋਇਆ। ਇਸ ਜੰਗ ਵਿਚ ਬਹਾਦਰੀ ਵਿਖਾਉਂਦਿਆਂ ਗਿਆਨੀ ਭਗਵਾਨ ਸਿੰਘ ਸ਼ਹੀਦ ਹੋ ਗਏ। ਜੱਸਾ ਸਿੰਘ ਦੀ ਉਸ ਵੇਲੇ ਉਮਰ 15 ਕੁ ਸਾਲ ਸੀ। ਜੱਸਾ ਸਿੰਘ ਇੰਨੀ ਦਲੇਰੀ, ਨਿਡਰਤਾ, ਸੂਰਬੀਰਤਾ ਤੇ ਹਿੰਮਤ ਨਾਲ ਲੜਿਆ ਕਿ ਜ਼ਕਰੀਆ ਖ਼ਾਨ ਵੀ ਪ੍ਰਭਾਵਿਤ ਹੋਣੋਂ ਨਾ ਰਹਿ ਸਕਿਆ। ਜ਼ਕਰੀਆ ਖ਼ਾਨ ਨੇ ਗਿਆਨੀ ਭਗਵਾਨ ਸਿੰਘ ਦੇ ਪਰਿਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਪੰਜ ਪਿੰਡ ਵੱਲਾ, ਵੇਰਕਾ, ਸੁਲਤਾਨਵਿੰਡ, ਤੁੰਗ ਤੇ ਚੱਬਾ ਜਗੀਰ ਵਜੋਂ ਦੇ ਦਿੱਤੇ ਤੇ ਜੱਸਾ ਸਿੰਘ ਨੂੰ ਰਸਾਲਦਾਰ ਦੀ ਪਦਵੀ। ਇਨ੍ਹਾਂ ਵਿੱਚੋਂ ਪਿੰਡ ਵੱਲ੍ਹਾ ਜੱਸਾ ਸਿੰਘ ਦੇ ਹਿੱਸੇ ਆਇਆ, ਜਿੱਥੋਂ ਉਨ੍ਹਾਂ ਦਾ ਰਾਜਨੀਤਿਕ ਜੀਵਨ ਆਰੰਭ ਹੋਇਆ। ਇਸ ਪਿੰਡ ਵਿਚ ਰਹਿੰਦਿਆਂ ਜਲੰਧਰ ਦੁਆਬੇ ਦੇ ਫ਼ੌਜਦਾਰ ਅਦੀਨਾ ਬੇਗ਼ ਨਾਲ ਹੱਦਾਂ ਦੀ ਵੰਡ ਨੂੰ ਲੈ ਕੇ ਨੌਰੰਗਾਬਾਦ ਦੇ ਆਸ-ਪਾਸ ਲੜਾਈ ਲੜੀ ਗਈ ਜੋ, ਵੱਲ੍ਹੇ ਦੀ ਲੜਾਈ ਕਰਕੇ ਮਸ਼ਹੂਰ ਹੈ। ਸਿੱਖਾਂ ਨੇ ਆਪਣੀ ਫ਼ੌਜ ਜੱਥੇਬੰਦ ਕਰ ਲਈ। ਅਦੀਨਾ ਬੇਗ਼ ਬਹੁਤ ਚਲਾਕ ਹਾਕਮ ਸੀ। ਉਹ ਸਰਦਾਰ ਜੱਸਾ ਸਿੰਘ ਦੀ ਸੂਰਮਤਾਈ ਤੇ ਸਿਆਣਪ ਜਾਣ ਚੁੱਕਾ ਸੀ, ਇਸ ਲਈ ਵੈਰ ਵਧਾਉਣ ਦੀ ਬਜਾਏ ਉਸ ਦੀ ਤਾਕਤ ਦਾ ਫ਼ਾਇਦਾ ਲੈਣ ਦੀ ਰਣਨੀਤੀ ਅਪਣਾਈ। ਜੱਸਾ ਸਿੰਘ ਨੂੰ ਆਪਣੀ ਫ਼ੌਜ ਵਿੱਚ ਭਰਤੀ ਕਰ ਕੇ 500 ਘੋੜ ਸਵਾਰਾਂ ਦਾ ਆਗੂ ਨਿਯੁਕਤ ਕਰ ਦਿੱਤਾ। ਇਧਰ, ਸਿੱਖ ਸਰਦਾਰ ਵੀ ਸਰਦਾਰ ਜੱਸਾ ਸਿੰਘ ਨੂੰ ਅਦੀਨਾ ਬੇਗ਼ ਨਾਲ ਗੱਲਬਾਤ ਕਰਨ ਲਈ ਆਪਣੇ ਸਫ਼ੀਰ ਦੇ ਤੌਰ 'ਤੇ ਰੱਖਣਾ ਚਾਹੁੰਦੇ ਸਨ, ਸਿਰਫ਼ ਸਰਦਾਰ ਜੱਸਾ ਸਿਘ ਆਹਲੂਵਾਲੀਆ ਹੀ ਅਦੀਨਾਬੇਗ ਨਾਲ ਸੁਲਾਹ ਦੇ ਖ਼ਿਲਾਫ਼ ਸੀ।

1747 ਈਸਵੀ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਤੋਂ ਪਿੱਛੋਂ ਵਿਸਾਖੀ 'ਤੇ ਭਾਰੀ ਇਕੱਠ ਹੋਇਆ। ਇਸ ਵਿਚ ਉੱਘੇ ਸਿੱਖ ਆਗੂਆਂ ਨੇ ਫ਼ੈਸਲਾ ਕੀਤਾ ਕਿ ਅੰਮ੍ਰਿਤਸਰ ਸ਼ਹਿਰ ਤੇ ਸ੍ਰੀ ਹਰਿਮੰਦਰ ਸ਼ਾਹਿਬ ਦੀ ਰਾਖੀ ਲਈ ਕਿਲ੍ਹੇ ਉਸਾਰਨੇ ਚਾਹੀਦੇ ਹਨ। ਇਸ ਫ਼ੈਸਲੇ ਪਿੱਛੋਂ ਪਹਿਲਾ ਕਿਲ੍ਹਾ ਅੰਮ੍ਰਿਤਸਰ ਦੀ ਧਰਤੀ 'ਤੇ ਉਸਾਰਨ ਲਈ 1748 ਈਸਵੀ ਨੂੰ ਸ਼ਹਿਰ ਦੇ ਪੂਰਬ ਵਾਲੇ ਪਾਸੇ ਕੰਮ ਸ਼ੁਰੂ ਕਰ ਕੇ 500 ਯੋਧਿਆਂ ਦੇ ਰਹਿਣ ਲਈ ਗੜ੍ਹੀ ਤਿਆਰ ਕਰ ਦਿੱਤੀ ਗਈ। ਇਸ ਦਾ ਨਾਂ 'ਰਾਮਰੌਣੀ' ਰੱਖਿਆ ਗਿਆ। 1748 ਨੂੰ ਅਹਿਮਦ ਸ਼ਾਹ ਅਬਦਾਲੀ ਨੇ ਪੰਜਾਬ ਉਤੇ ਪਹਿਲੀ ਵਾਰ ਹਮਲਾ ਕੀਤਾ ਤੇ ਇਸ ਨੂੰ ਮੁਈਨ-ਉਲ-ਮੁਲਕ ਨੇ ਮਨੂੰਪੁਰ ਦੇ ਅਸਥਾਨ ਤੇ ਭਾਰੀ ਹਾਰ ਦਿੱਤੀ, ਜਿਸ ਤੋਂ ਬਾਦਸ਼ਾਹ ਨੇ ਖ਼ੁਸ਼ ਹੋ ਕੇ ਉਸ ਨੂੰ ਮੀਰ-ਮਨੂੰ ਦਾ ਖ਼ਿਤਾਬ ਦੇ ਕੇ ਪੰਜਾਬ ਦਾ ਗਵਰਨਰ ਥਾਪ ਦਿੱਤਾ। ਮੀਰ ਮਨੂੰ ਸਿੱਖਾਂ ਦੀ ਵਧਦੀ ਤਾਕਤ ਤੇ ਰਾਮ ਰੌਣੀ ਨੂੰ ਦੇਖ ਕੇ ਘਬਰਾ ਗਿਆ ਤੇ ਆਪਣੀ ਗੱਦੀ ਕਾਇਮ ਰੱਖਣ ਲਈ ਸਿੱਖਾਂ ਨੂੰ ਖਤਮ ਕਰਨ ਦੀ ਨੀਤੀ ਅਪਣਾਈ। ਅਮਨ ਕਾਇਮ ਕਰਨ ਦੇ ਬਹਾਨੇ ਉਸ ਨੇ ਇਲਾਕੇ 'ਚ ਗਸ਼ਤੀ ਦਲ ਭੇਜ ਕੇ ਸਿੰਘਾਂ ਦੇ ਕਤਲੇਆਮ ਦਾ ਹੁਕਮ ਚਾੜ੍ਹ ਦਿੱਤਾ।

**ਸਰਦਾਰ ਜੱਸਾ ਸਿੰਘ ਨੇ ਰਾਮ ਰੌਣੀ ਨੂੰ ਪੱਕੇ ਕਿਲ੍ਹੇ ਦੀ ਸ਼ਕਲ ਦਿੱਤੀ ਤੇ ਇਸ ਦਾ ਨਾਂ 'ਰਾਮਗੜ੍ਹ' ਰੱਖਿਆ, ਜਿਸ ਤੋਂ ਉਨ੍ਹਾਂ ਨੂੰ ਜੱਸਾ ਸਿੰਘ ਰਾਮਗੜ੍ਹੀਆ ਦੇ ਨਾਂ ਨਾਲ ਜਾਣਿਆ ਜਾਣ ਲੱਗਾ। ਉਨ੍ਹਾਂ ਨੇ ਕਰੀਬ 360 ਕਿਲ੍ਹੇ ਅਤੇ ਹਰਿਮੰਦਰ ਸਾਹਿਬ ਦੀ ਰਾਖੀ ਲਈ ਰਾਮਗੜ੍ਹੀਆ ਬੁੰਗਾ ਤੇ ਦੋ ਮਿਨਾਰ ਬਣਵਾਏ...**

ਸਿੰਘ ਜੰਗਲਾਂ 'ਚ ਰੂਪੋਸ਼ ਹੋ ਗਏ। ਕੁਝ ਚੋਣਵੇਂ ਸਿੰਘ ਹਰਿਮੰਦਰ ਸਾਹਿਬ ਦੀ ਰਾਖੀ ਹਿਤ ਰਾਮ ਰੌਣੀ ਵਿਚ ਜਮਾਂ ਹੋ ਗਏ। ਮੀਰ ਮਨੂੰ ਨੂੰ ਜਦ ਇਸ ਗੱਲ ਦੀ ਖ਼ਬਰ ਮਿਲੀ ਤਾਂ ਉਸ ਨੇ ਆਪਣੀਆਂ ਫ਼ੌਜਾਂ ਨੂੰ ਰਾਮ ਰੌਣੀ ਨੂੰ ਘੇਰਨ ਦਾ ਹੁਕਮ ਦੇ ਦਿੱਤਾ ਤੇ ਨਾਲ ਹੀ ਅਦੀਨਾ ਬੇਗ਼ ਨੂੰ ਵੀ ਫ਼ੌਜ ਸਮੇਤ ਅੰਮ੍ਰਿਤਸਰ ਪਹੁੰਚਣ ਲਈ ਕਿਹਾ। ਹੁਣ ਮਜਬੂਰ ਹੋ ਕੇ ਅਦੀਨਾ ਬੇਗ਼ ਨੂੰ ਜੱਸਾ ਸਿੰਘ ਨੂੰ ਨਾਲ ਲੈ ਕੇ ਰਾਮ ਰੌਣੀ ਦੇ ਘੇਰੇ ਵਿਚ ਸ਼ਾਮਲ ਹੋਣਾ ਪਿਆ। ਕਰੀਬ ਛੇ ਮਹੀਨੇ ਘੇਰਾ ਪਿਆ ਰਿਹਾ, ਰਾਮ ਰੌਣੀ ਅੰਦਰ ਰਾਸ਼ਨ ਮੁੱਕਣ ਨਾਲ ਸਿੰਘਾਂ ਦੀ ਹਾਲਤ ਮਾੜੀ ਹੋ ਗਈ। ਇਸ ਦੌਰਾਨ ਸਿੰਘਾਂ ਨੂੰ ਪਤਾ ਲਗਾ ਕਿ ਮੁਗ਼ਲ ਫ਼ੌਜ਼ ਵਿਚ ਸਰਦਾਰ ਜੱਸਾ ਸਿੰਘ ਵੀ ਆਪਣੇ ਸਾਥੀਆਂ ਨਾਲ ਸ਼ਾਮਲ ਹੈ ਤਾਂ ਉਨ੍ਹਾਂ ਨੇ ਉਸ ਨੂੰ ਸੁਨੇਹਾ ਘੱਲਿਆ ਕਿ ਇਸ ਵੇਲੇ ਅਸੀਂ ਮੁਸੀਬਤ ਵਿਚ ਹਾਂ ਤੇ ਸਾਡੀ ਮਦਦ ਕਰੋ। ਇਹ ਜਾਣਕੇ ਸਰਦਾਰ ਜੱਸਾ ਸਿੰਘ ਮੁਗ਼ਲ ਫ਼ੌਜ ਦਾ ਸਾਥ ਛੱਡ ਕੇ ਆਪਣੇ ਸਾਰੇ ਸਾਥੀਆਂ ਸਮੇਤ ਰਾਮ ਰੌਣੀ ਵਿਚ ਆ ਗਿਆ। ਇਸ ਤਰ੍ਹਾਂ ਕਰਨ ਨਾਲ ਸਿੱਖ ਫ਼ੌਜ ਦੇ ਹੌਸਲੇ ਦੁਗਣੇ ਹੋ ਗਏ ਤੇ ਮੁਗ਼ਲ ਫ਼ੌਜ ਦੇ ਹੌਸਲੇ ਪਸਤ ਹੋ ਗਏ। ਉਧਰੋਂ ਅਹਿਮਦ ਸ਼ਾਹ ਅਬਦਾਲੀ ਦੇ ਮੁੜ ਹਮਲੇ ਦੀ ਖ਼ਬਰ ਨੇ ਮੀਰ ਮਨੂੰ ਨੂੰ ਸਿੱਖਾਂ ਨਾਲ ਸਮਝੌਤਾ ਕਰਨ ਲਈ ਮਜਬੂਰ ਕਰ ਦਿੱਤਾ। ਉਸ ਨੇ ਦਿਵਾਨ ਕੌੜਾ ਮੱਲ ਰਾਹੀਂ ਸਿੱਖਾਂ ਨਾਲ ਸੁਲਹ ਕਰ ਕੇ ਰਾਮ ਰੌਣੀ ਦਾ ਘੇਰਾ ਚੁੱਕ ਲਿਆ। ਇਸ ਤੋਂ ਬਾਅਦ ਸਿੱਖ ਸਰਦਾਰਾਂ ਨੇ ਇਸ ਜਿੱਤ ਦੀ ਖ਼ੁਸ਼ੀ ਮਨਾਈ ਤੇ ਸਰਦਾਰ ਜੱਸਾ ਸਿੰਘ ਦੀ ਇਸ ਔਖੇ ਸਮੇਂ ਕੌਮ ਦੀ ਮਦਦ ਕਰਨ ਲਈ ਬਹੁਤ ਪ੍ਰਸ਼ੰਸਾ ਕੀਤੀ ਤੇ ਉਸ ਨੂੰ ਰਾਮ ਰੌਣੀ ਦੀ ਜਥੇਦਾਰੀ ਸੌਂਪ ਦਿੱਤੀ।

ਸਰਦਾਰ ਜੱਸਾ ਸਿੰਘ ਨੇ ਜਥੇਦਾਰੀ ਮਿਲਣ ਤੋਂ ਬਾਅਦ ਰਾਮ ਰੌਣੀ ਨੂੰ ਪੱਕੇ ਕਿਲ੍ਹੇ ਦੀ ਸ਼ਕਲ ਦਿੱਤੀ ਤੇ ਇਸ ਦਾ ਨਾਂ 'ਰਾਮਗੜ੍ਹ' ਰੱਖਿਆ। ਹੁਣ ਕਿਲ੍ਹਾ 'ਰਾਮਗੜ੍ਹ' ਮੁਗ਼ਲਾਂ ਦੀਆਂ ਅੱਖਾਂ 'ਚ ਰੜਕਣ ਲਗਾ। ਰਾਮਗੜ੍ਹ ਕਿਲ੍ਹੇ ਨੂੰ ਢਾਹੁਣ ਤੇ ਵਾਰ-ਵਾਰ ਉਸਾਰਨ ਤੇ ਇਸ ਦੀ ਰਾਖੀ ਲਈ ਲੜਦਿਆਂ ਸਰਦਾਰ ਜੱਸਾ ਸਿੰਘ ਤੇ ਬਾਕੀ ਸਿੰਘਾਂ ਨੂੰ ਰਾਮਗੜ੍ਹ ਕਿਲ੍ਹੇ ਵਾਲੇ ਕਹਿ ਕੇ ਮਾਣ ਦਿੱਤਾ ਜਾਣ ਲੱਗਾ। ਸਰਦਾਰ ਜੱਸਾ ਸਿੰਘ ਨੂੰ ਹੁਣ 'ਰਾਮਗੜ੍ਹੀਆ' ਆਖਿਆ ਜਾਣ ਲਗਾ। ਜਦੋਂ ਸਿੱਖ ਬਾਰਾਂ ਮਿਸਲਾਂ 'ਚ ਵੰਡੇ ਗਏ ਤਾਂ ਜੱਸਾ ਸਿੰਘ ਉਸ ਵੇਲੇ ਸਰਦਾਰ ਨੰਦ ਸਿੰਘ ਸੰਘਾਣੀਆ ਦੀ ਮਿਸਲ 'ਚ ਸੀ ਤੇ ਸੰਘਾਣੀਆ ਦੀ ਮੌਤ ਦੇ ਬਾਅਦ ਜੱਸਾ ਸਿੰਘ ਨੂੰ ਮਿਸਲ ਦਾ ਮੁਖੀ ਥਾਪਿਆ ਗਿਆ ਜੋ ਬਾਅਦ ਵਿਚ 'ਰਾਮਗੜ੍ਹੀਆ ਮਿਸਲ' ਵਜੋਂ ਮਸ਼ਹੂਰ ਹੋਈ। ਜੱਸਾ ਸਿੰਘ ਰਾਮਗੜ੍ਹੀਆ ਨੇ ਬਹਾਦਰੀ, ਸਿਆਣਪ, ਦੂਰਅੰਦੇਸ਼ੀ ਨਾਲ ਇਸ ਮਿਸਲ ਨੂੰ ਸਾਰੀਆਂ ਮਿਸਲਾਂ ਨਾਲੋਂ ਤਾਕਤਵਰ ਬਣਾਇਆ ਤੇ ਇਲਾਕਿਆਂ ਦਾ ਵਿਸਤਾਰ ਕਰ ਕੇ ਮਹਾਰਾਜੇ ਦਾ ਦਰਜਾ ਪ੍ਰਾਪਤ ਕੀਤਾ।

ਆਪਣੇ ਰਾਜ ਵਿਚ ਜੱਸਾ ਸਿੰਘ ਰਾਮਗੜ੍ਹੀਆ ਨੇ ਕਰੀਬ 360 ਕਿਲ੍ਹੇ ਤੇ ਹਰਿਮੰਦਰ ਸਾਹਿਬ ਦੀ ਰਾਖੀ ਲਈ ਰਾਮਗੜ੍ਹੀਆ ਬੁੰਗਾ ਤੇ ਦੋ ਮਿਨਾਰ ਬਣਵਾਏ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਏ ਦੀਆਂ ਜਿੱਤਾਂ ਨਾਲ ਫ਼ੌਜੀ ਤਾਕਤ 'ਚ ਵਾਧੇ ਕਾਰਨ ਦੂਜੀਆਂ ਮਿਸਲਾਂ ਉਨ੍ਹਾਂ ਨਾਲ ਈਰਖਾ ਕਰਨ ਲਗੀਆਂ। ਸਰਦਾਰ ਜੱਸਾ ਸਿੰਘ ਆਹਲੂਵਾਲੀਏ ਦੀ ਰਾਮਗੜ੍ਹੀਆਂ ਹੱਥੋਂ ਗ੍ਰਿਫ਼ਤਾਰੀ ਤੇ ਸਰਦਾਰ ਚੜ੍ਹਤ ਸਿੰਘ ਸ਼ੁਕਰਚੱਕੀਏ ਦੀ ਹਾਰ ਨੇ ਬਾਕੀ ਮਿਸਲਾਂ ਦੇ ਗਠਜੋੜ ਦਾ ਮੁੱਢ ਬੰਨ੍ਹਿਆ। ਇਨ੍ਹਾਂ ਨੇ ਰਾਮਗੜ੍ਹੀਆਂ ਦੇ ਸਾਰੇ ਇਲਾਕਿਆਂ ਉੱਪਰ 1776 ਈਸਵੀ ਨੂੰ ਕਬਜਾ ਕਰ ਲਿਆ। ਰਾਮਗੜ੍ਹੀਆ ਸਰਦਾਰ ਆਪਣਾ ਇਲਾਕਾ ਛੱਡ ਕੇ ਆਪਣੇ ਚੋਣਵੇ ਯੋਧਿਆਂ ਨਾਲ ਸਤਲੁਜ ਤੋਂ ਪਾਰ ਚਲਾ ਗਿਆ, ਜਿੱਥੇ ਪਟਿਆਲਾ ਰਿਆਸਤ ਦੇ ਰਾਜੇ ਸਰਦਾਰ ਅਮਰ ਸਿੰਘ ਨੇ ਉਸ ਨਾਲ ਦੋਸਤੀ ਦਾ ਹੱਥ ਵਧਾਇਆ ਕਿਉਂਕਿ ਉਹ ਜੱਸਾ ਸਿੰਘ ਦੀ ਬਹਾਦਰੀ, ਤਾਕਤ, ਸਿਆਣਪ ਤੇ ਯੁੱਧ ਕੁਸ਼ਲਤਾ ਨੂੰ ਜਾਣਦਾ ਸੀ। ਰਾਜਾ ਉਸ ਨੂੰ ਆਪਣੇ ਵਿਰੋਧੀਆਂ ਖ਼ਿਲਾਫ਼ ਮਦਦ ਲਈ ਵਰਤਣਾ ਚਾਹੁੰਦਾ ਸੀ। ਇਸ ਲਈ ਉਨ੍ਹਾਂ ਹਾਂਸੀ ਤੇ ਹਿਸਾਰ ਦਾ ਇਲਾਕਾ ਜਗੀਰ ਵਜੋਂ ਦੇ ਦਿੱਤਾ।

ਸਿੱਖ ਫ਼ੌਜ ਨੇ ਦਿੱਲੀ 'ਤੇ ਹਮਲਾ ਕੀਤਾ ਤਾਂ ਇਕ ਪਾਸਿਓਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਆਪਣੀਆਂ ਫ਼ੌਜਾਂ ਨਾਲ ਤੇ ਦੂਸਰੇ ਪਾਸਿਓਂ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਤੇ ਸਰਦਾਰ ਬਘੇਲ ਸਿੰਘ ਵੀ ਆਪਣੀਆਂ ਫ਼ੌਜਾਂ ਸਮੇਤ ਪਹੁੰਚੇ। ਸਿੱਖ ਫ਼ੌਜਾਂ ਨੇ 11 ਮਾਰਚ 1783 ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿਚ ਦਾਖ਼ਲ ਹੋ ਕੇ ਕਿਲ੍ਹੇ ਉੱਪਰ ਕਬਜਾ ਕਰ ਕੇ ਕੇਸਰੀ ਨਿਸ਼ਾਨ ਲਹਿਰਾਇਆ। ਮੁਗ਼ਲਾਂ ਦੇ ਰਾਜ ਨੂੰ ਜੜ੍ਹੋਂ ਪੁੱਟਣ ਲਈ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੇ ਮੁਗ਼ਲਾਂ ਦੀ ਤਾਜਪੋਸ਼ੀ ਵਾਲੀ ਪੱਥਰ ਦੀ ਸਿਲ ਅਤੇ ਬਾਰਾਂਦਰੀ ਦੇ 44 ਥੰਮ ਪੁੱਟ ਕੇ ਆਪਣੇ ਨਾਲ ਲੈ ਆਂਦੇ, ਜੋ ਅੱਜ ਵੀ ਰਾਮਗੜ੍ਹੀਆ ਬੁੰਗਾ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਚ ਲਗੇ ਹੋਏ ਹਨ। ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਨੇ ਪੰਜਾਬ ਵਾਪਸ ਆਕੇ ਦੁਬਾਰਾ ਰਾਮਗੜ੍ਹੀਆ ਮਿਸਲ ਦੀ ਸ਼ਾਨ ਬਹਾਲ ਕਰ ਲਈ।

ਅਖ਼ੀਰ 8 ਅਗਸਤ 1803 ਨੂੰ ਜੱਸਾ ਸਿੰਘ ਰਾਮਗੜ੍ਹੀਆ ਆਪਣੀ ਰਾਜਧਾਨੀ ਸ੍ਰੀ ਹਰਗੋਬਿੰਦਪੁਰ ਵਿਖੇ ਕੁਝ ਸਮਾਂ ਬਿਮਾਰ ਰਹਿਣ ਮਗਰੋਂ 80 ਸਾਲ ਦੀ ਉਮਰ 'ਚ ਸਵਰਗਵਾਸ ਹੋ ਗਏ। •

98157-84100

# ਖਿਦਰਾਣੇ ਕੋ ਮੁਕਤਸਰ ਕੀਨਾ

ਕਰਨੈਲ ਸਿੰਘ ਐੱਮਏ

ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ ਮੁਕਤਸਰ ਦੇ ਪਿੱਛੇ ਲਹਿੰਦੇ ਪਾਸੇ ਵੱਲ ਹੈ। ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਹੱਥੀਂ ਅੰਗੀਠਾ ਤਿਆਰ ਕਰ ਕੇ 40 ਮੁਕਤਿਆਂ ਤੇ ਹੋਰ ਸ਼ਹੀਦ ਸਿੰਘਾਂ ਦਾ ਸਸਕਾਰ ਕੀਤਾ ਸੀ। ਇਨ੍ਹਾਂ ਮੁਕਤਿਆਂ ਦੀ ਯਾਦ ਵਿਚ ਹਰ ਸਾਲ 1, 2 ਅਤੇ 3 ਮਈ ਨੂੰ ਸ਼ਹੀਦੀ ਦਿਹਾੜਾ ਮਨਾਇਆ ਜਾਂਦਾ ਹੈ।

ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਸੰਨ 1704 ਵਿਚ ਅਨੰਦਪੁਰ ਸਾਹਿਬ ਵਿਚ ਕਿਲ੍ਹਾ ਅਨੰਦਗੜ੍ਹ ਵਿਖੇ ਮੁਗ਼ਲ ਫ਼ੌਜਾਂ ਨਾਲ ਯੁੱਧ ਲੜ ਰਹੇ ਸਨ। ਦੁਸ਼ਮਣ ਫ਼ੌਜ ਨੇ ਚਾਰੇ ਪਾਸਿਓਂ ਘੇਰਾ ਪਾ ਲਿਆ ਅਤੇ ਬਾਹਰੋਂ ਰਸਦ-ਪਾਣੀ ਕਿਲ੍ਹੇ ਦੇ ਅੰਦਰ ਨਾ ਜਾਣ ਦਿੱਤਾ ਕਿਉਂਕਿ ਉਨ੍ਹਾਂ ਨੂੰ ਉਮੀਦ ਸੀ ਕਿ ਭੁੱਖ ਨਾਲ ਮਰਦੇ ਸਿੰਘ ਲੜਾਈ ਨਹੀਂ ਲੜ ਸਕਣਗੇ ਅਤੇ ਬਾਹਰ ਆ ਜਾਣਗੇ। ਜਦੋਂ ਲੰਮਾ ਸਮਾਂ ਕਿਲ੍ਹੇ ਨੂੰ ਘੇਰਾ ਪਿਆ ਤਾਂ ਭੁੱਖ ਤੋਂ ਤੰਗ ਆਏ ਸਿੰਘਾਂ ਨੇ ਗੁਰੂ ਜੀ ਨੂੰ ਬੇਨਤੀ ਕੀਤੀ ਕਿ ਉਹ ਜੰਗ ਨਹੀਂ ਲੜ ਸਕਦੇ ਅਤੇ ਉਹ ਘਰਾਂ ਨੂੰ ਜਾਣਾ ਚਾਹੁੰਦੇ ਹਨ। ਗੁਰੂ ਸਾਹਿਬ ਨੇ ਸਿੰਘਾਂ ਨੂੰ ਹੌਸਲਾ ਦਿੰਦੇ ਹੋਏ ਕਿਹਾ ਕਿ ਕੁਝ ਦਿਨਾਂ ਦੀ ਗੱਲ ਹੈ, ਪਰ ਸਿੰਘਾਂ ਨੇ ਉੱਤਰ ਦਿੱਤਾ, 'ਅਸੀਂ ਲੜਦੇ ਹੋਏ ਸ਼ਹੀਦ ਹੋ ਸਕਦੇ ਹਾਂ ਪਰ ਭੁੱਖ ਨਾਲ ਮਰਨ ਲਈ ਤਿਆਰ ਨਹੀਂ।' ਸਿੰਘ ਜਦ ਆਪਣੀ ਜ਼ਿਦ 'ਤੇ ਅੜੇ ਰਹੇ ਤਾਂ ਗੁਰੂ ਜੀ ਨੇ ਕਿਹਾ ਕਿ ਜੇ ਤੁਸੀਂ ਜਾਣਾ ਹੈ ਤਾਂ ਜਾਉ ਪਰ ਇਹ ਲਿਖ ਕੇ ਦੇ ਜਾਉ ਕਿ 'ਗੁਰੂ ਗੋਬਿੰਦ ਸਿੰਘ ਸਾਡਾ ਗੁਰੂ ਨਹੀਂ ਅਤੇ ਅਸੀਂ ਉਸ ਦੇ ਸਿੱਖ ਨਹੀਂ।' ਭਾਈ ਮਹਾਂ ਸਿੰਘ ਦੀ ਅਗਵਾਈ ਵਿਚ 40 ਸਿੰਘ ਗੁਰੂ ਜੀ ਇਹ ਬੇਦਾਵਾ ਲਿਖ ਕੇ ਦੇਣ ਉਪਰੰਤ ਘਰਾਂ ਨੂੰ ਵਾਪਸ ਆ ਗਏ।

ਗੁਰੂ ਜੀ ਨੇ ਮੁਗ਼ਲਾਂ ਦੇ ਵਿਸ਼ਵਾਸ ਦੇਣ 'ਤੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਦਿੱਤਾ ਕਿ ਸਾਡੀ ਫ਼ੌਜ ਵਾਪਸ ਚਲੀ ਜਾਵੇਗੀ ਪਰ ਇਹ ਉਨ੍ਹਾਂ ਦੀ ਇਕ ਚਾਲ ਸੀ। ਗੁਰੂ ਜੀ ਸਰਸਾ ਨਦੀਂ ਪਾਰ ਕਰ ਕੇ ਚਮਕੌਰ ਸਾਹਿਬ ਪੁੱਜੇ। ਇਸ ਸਮੇਂ ਦੌਰਾਨ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ, ਜੋ ਗੰਗੂ ਰਸੋਈਏ ਨਾਲ ਸਨ, ਗੁਰੂ ਸਾਹਿਬ ਤੋਂ ਵਿੱਛੜ ਗਏ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਗੁਰੂ ਸਾਹਿਬ ਨਾਲ ਸਨ। ਮੁਗ਼ਲ ਫ਼ੌਜ ਪਿੱਛਾ ਕਰਦੀ ਆ ਰਹੀ ਸੀ। ਚਮਕੌਰ ਸਾਹਿਬ ਵਿਖੇ ਭਾਰੀ ਯੁੱਧ ਹੋਇਆ, ਜਿੱਥੇ ਦੋਵੇਂ ਵੱਡੇ ਸਾਹਿਬਜ਼ਾਦੇ ਜੰਗ ਵਿਚ ਸ਼ਹੀਦ ਹੋ ਗਏ।

ਗੁਰੂ ਜੀ ਪੰਜ ਪਿਆਰਿਆਂ ਦਾ ਹੁਕਮ ਮੰਨ ਕੇ ਚਮਕੌਰ ਦੀ ਗੜ੍ਹੀ ਵਿੱਚੋਂ ਨਿਕਲ ਕੇ ਮਾਛੀਵਾੜਾ, ਰਾਏਕੋਟ, ਦੀਨਾ ਕਾਂਗੜਾ, ਵਾਂਦਰ, ਬਰਗਾੜੀ ਸਰਾਵਾਂ, ਜੈਤੋ, ਮਲੂਕਾ ਆਦਿ ਪਿੰਡਾਂ ਵਿੱਚੋਂ ਦੀ ਹੁੰਦੇ ਹੋਏ ਕੋਟਕਪੂਰਾ ਪੁੱਜੇ। ਕੋਟਕਪੂਰੇ ਦੇ ਚੌਧਰੀ ਕਪੂਰ ਸਿੰਘ ਤੋਂ ਗੁਰੂ ਜੀ ਨੇ ਕਿਲ੍ਹਾ ਮੰਗਿਆ। ਚੌਧਰੀ ਨੇ ਗੁਰੂ ਜੀ ਦੀ ਬਹੁਤ ਸੇਵਾ ਅਤੇ ਸਤਿਕਾਰ ਕੀਤਾ ਪਰ ਕਿਲ੍ਹਾ ਦੇਣ ਤੋਂ ਨਾਂਹ ਕਰ ਦਿੱਤੀ। ਗੁਰੂ ਜੀ ਸਿੱਖ ਯੋਧਿਆਂ ਸਮੇਤ ਖਿਦਰਾਣੇ ਦੀ ਢਾਬ ਵੱਲ ਚੱਲ ਪਏ। ਦੂਜੇ ਪਾਸੇ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇਣ ਵਾਲੇ 40 ਸਿੰਘ ਜਦ ਘਰਾਂ ਨੂੰ ਚਲੇ ਗਏ ਅਤੇ ਘਰ ਜਾ ਕੇ ਸਾਰਾ ਹਾਲ ਸੁਣਾਇਆ ਤਾਂ ਉਨ੍ਹਾਂ ਦੀਆਂ ਪਤਨੀਆਂ, ਭੈਣਾਂ, ਮਾਵਾਂ ਅਤੇ ਰਿਸ਼ਤੇਦਾਰਾਂ ਨੇ ਉਨ੍ਹਾਂ ਨੂੰ ਬਹੁਤ ਤਾਹਨੇ-ਮਿਹਣੇ ਮਾਰ ਕੇ ਕਿਹਾ ਕਿ ਤੁਸੀਂ ਗੁਰੂ ਜੀ ਤੋਂ ਬੇਮੁੱਖ ਹੋ ਕੇ ਆਏ ਹੋ ਤੁਸੀਂ ਘਰਾਂ ਵਿਚ ਘੱਗਰੇ ਤੇ ਚੂੜੀਆਂ ਪਾ ਕੇ ਬੈਠੋ ਅਸੀਂ ਜੰਗ ਲੜਨ ਜਾਂਦੀਆਂ ਹਾਂ।

ਮਾਈ ਭਾਗ ਕੌਰ, ਜੋ ਸੂਰਬੀਰ ਔਰਤ ਸੀ, ਉਸ ਦੀ ਪ੍ਰੇਰਨਾ ਨਾਲ ਹਿ ਚਾਲੀ ਸਿੰਘ ਗੁਰੂ ਜੀ ਦੀ ਭਾਲ ਕਰਦੇ ਹੋਏ ਖਿਦਰਾਣੇ ਦੀ ਢਾਬ 'ਤੇ ਪਹੁੰਚੇ। ਉਨ੍ਹਾਂ ਆਪਣੀ ਗਿਣਤੀ ਜ਼ਿਆਦਾ ਦਿਖਾਉਣ ਲਈ ਝਾੜੀਆਂ ਦੇ ਉੱਪਰ ਆਪਣੇ ਚਾਦਰੇ, ਪਰਨੇ ਅਤੇ ਹੋਰ ਕੱਪੜੇ ਪਾ ਕੇ ਤੰਬੂਆਂ ਦੀ ਸ਼ਕਲ ਵਿਚ ਬਦਲ ਦਿੱਤਾ। 40 ਸਿੰਘ ਮੁਗ਼ਲ ਫ਼ੌਜ ਨਾਲ ਜੂਝ ਕੇ ਲੜੇ।

ਯੁੱਧ ਖ਼ਤਮ ਹੋਣ ਤੋਂ ਬਾਅਦ ਗੁਰੂ ਜੀ ਜਦੋਂ ਲੜਾਈ ਦੇ ਮੈਦਾਨ ਵਿਚ ਪਹੁੰਚੇ ਤਾਂ 39 ਸਿੰਘ ਸ਼ਹੀਦ ਹੋ ਚੁੱਕੇ ਸਨ। ਜਦੋਂ ਗੁਰੂ ਜੀ ਸਹਿਕ ਰਹੇ ਇਕ ਸਿੰਘ ਮਹਾਂ ਸਿੰਘ ਕੋਲ ਪੁੱਜੇ ਤਾਂ ਉਸ ਦਾ ਸਿਰ ਆਪਣੀ ਗੋਦੀ ਵਿਚ ਰੱਖਿਆ ਤੇ ਕੱਪੜੇ ਨਾਲ ਉਸ ਦਾ ਚਿਹਰਾ ਸਾਫ਼ ਕੀਤਾ। ਗੁਰੂ ਜੀ ਨੇ ਉਸ ਦੀ ਆਖ਼ਰੀ ਇੱਛਾ ਪੁੱਛੀ ਤੇ ਕਿਹਾ, 'ਭਾਈ ਮਹਾਂ ਸਿੰਘ! ਤੁਸੀਂ ਮਹਾਨ ਕੁਰਬਾਨੀ ਕੀਤੀ ਹੈ, ਮੰਗ ਲੈ ਜੋ ਮੰਗੇਂਗਾ, ਉਹ ਜ਼ਰੂਰ ਮਿਲੇਗਾ।'

ਗਿਆਨੀ ਗਿਆਨ ਸਿੰਘ ਇਸ ਸਮੇਂ ਦੇ ਦ੍ਰਿਸ਼ ਨੂੰ ਇਸ ਪ੍ਰਕਾਰ ਬਿਆਨ ਕਰਦੇ ਹਨ :

ਤਬ ਲੌ ਇਕ ਸਿੱਖ ਸਹਿਕਤ ਪਾਯੋ।
ਕਹਯੋ ਗੁਰੂ ਮਾਂਗੋ ਮਨ ਭਾਯੋ।

ਸਿਸਕੀਆਂ ਭਰਦਿਆਂ ਭਾਈ ਮਹਾਂ ਸਿੰਘ ਨੇ ਹੱਥ ਜੋੜ ਕੇ ਬੇਨਤੀ ਕੀਤੀ ਕਿ ਜੇ ਤੁੱਠੇ ਹੋ ਤਾਂ ਅਨੰਦਪੁਰ ਸਾਹਿਬ ਵਿਖੇ ਜੰਗ ਸਮੇਂ ਅਸੀਂ ਜੋ ਬੇਦਾਵਾ ਲਿਖ ਕੇ ਦੇ ਆਏ ਸੀ, ਉਹ ਪਾੜ ਦਿਓ ਅਤੇ ਸਾਡੀ ਟੁੱਟੀ ਗੰਢ ਦਿਉ। ਗੁਰੂ ਜੀ ਨੇ ਆਪਣੇ ਕਮਰਕੱਸੇ ਵਿੱਚੋਂ ਬੇਦਾਵਾ ਕੱਢ ਕੇ ਭਾਈ ਮਹਾਂ ਸਿੰਘ ਦੇ ਸਾਹਮਣੇ ਪਾੜ ਕੇ ਇਨ੍ਹਾਂ 40 ਸਿੰਘਾਂ ਨਾਲ ਟੁੱਟੀ ਸਾਂਝ ਮੁੜ ਗੰਢ ਦਿੱਤੀ।

ਇਸ ਸਬੰਧੀ 'ਪੰਥ ਪ੍ਰਕਾਸ਼' ਗ੍ਰੰਥ ਵਿਚ ਗਿਆਨੀ ਗਿਆਨ ਸਿੰਘ ਲਿਖਦੇ ਹਨ :

ਸਿੱਖੀ ਹਿਤ ਜਿਨ ਰਾਜਨ ਚਾਹਯੋ।
ਸਿਦਕ ਔਰ ਉਪਕਾਰ ਨਿਬਾਹਯੋ।
ਜੇਬ ਬੀਚ ਤੈਂ ਤਬੈ ਨਿਕਾਰਯੋ।
ਕਾਗ਼ਜ਼ ਸਨਮੁਖ ਤਾਂ ਕੇ ਫਾਰਯੋ।
ਗੁਰੂ ਤੇ ਵਲੀ ਗੁਰੂ ਕੇ ਸਿਖ ਹੈਂ।
ਯਹਿ ਗੁਰੂ ਕਹਯੋ ਲਏ ਹਮ ਪਿਖ ਹੈਂ।
ਤੂਟੀ ਸਿੱਖੀ ਫੇਰ ਮਿਲਾਈ
ਪਰਉਪਕਾਰ ਕਰਯੋ ਬਹੁਤਾਈ।

ਬੇਦਾਵਾ ਪਾੜਨ ਦੇ ਨਾਲ ਹੀ ਗੁਰੂ ਸਾਹਿਬ ਨੇ ਫ਼ਰਮਾਇਆ ਕਿ ਇਹ ਥਾਂ ਹੁਣ ਖਿਦਰਾਣਾ ਨਹੀਂ ਸਗੋਂ ਮੁਕਤੀ ਦਾ ਅਸਥਾਨ ਹੈ। ਗੁਰੂ ਸਾਹਿਬ ਦੇ ਇਸ ਫ਼ਰਮਾਨ ਨੂੰ ਗਿਆਨੀ ਗਿਆਨ ਸਿੰਘ ਨੇ ਆਪਣੀ ਰਚਨਾ 'ਪੰਥ ਪ੍ਰਕਾਸ਼' ਵਿਚ ਇਹ ਸ਼ਬਦ ਦਿੱਤੇ ਹਨ :

ਮੁਕਤਯੋਂ ਕਾ ਪਦ ਉਨ ਕੋ ਦੀਨਾ।
ਖਿਦਰਾਣੇ ਕੋ ਮੁਕਤਸਰ ਕੀਨਾ।

ਗੁਰੂ ਜੀ ਨੇ ਸ਼ਹੀਦ ਹੋਏ ਸਿੰਘਾਂ ਨੂੰ 'ਪੰਜ ਹਜ਼ਾਰੀ', 'ਦਸ ਹਜ਼ਾਰੀ' ਅਤੇ ਹੋਰ ਵੱਡੇ-ਵੱਡੇ ਖ਼ਿਤਾਬ ਬਖ਼ਸ਼ੇ। ਇਨ੍ਹਾਂ 40 ਮੁਕਤਿਆਂ ਨੂੰ ਅਸੀ ਰੋਜ਼ਾਨਾ ਸਵੇਰੇ-ਸ਼ਾਮ ਅਰਦਾਸ ਕਰਨ ਸਮੇਂ ਯਾਦ ਕਰਦੇ ਹਾਂ।

### 40 ਮੁਕਤਿਆਂ ਨੂੰ ਸਮਰਪਿਤ ਸਮਾਗਮ

*ਗੁਰਦੁਆਰਾ ਸ਼ਹੀਦਗੰਜ ਸਾਹਿਬ ਮੁਕਤਸਰ ਵਿਖੇ 40 ਮੁਕਤਿਆਂ ਦੀ ਯਾਦ ਵਿਚ 13 ਫਰਵਰੀ ਤੋਂ ਅਖੰਡ ਪਾਠ ਲੜੀ ਆਰੰਭ ਹੈ। ਪਹਿਲੀ ਮਈ ਨੂੰ ਗੁਰਦੁਆ ਟਿੱਬੀ ਸਾਹਿਬ ਤੋਂ ਸਵੇਰੇ 8 ਵਜੇ ਨਗਰ ਕੀਰਤਨ ਆਰੰਭ ਹੋਵੇਗਾ, ਜੋ ਵੱਖ-ਵੱਖ ਮਾਰਗਾਂ ਤੋਂ ਹੁੰਦਾ ਹੋਇਆ 10 ਵਜੇ ਗੁਰਦੁਆਰਾ ਸ਼ਹੀਦਗੰਜ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਵੇਗਾ। ਇਸੇ ਦਿਹਾੜੇ ਲੜੀ ਦਾ 40ਵਾਂ ਅਖੰਡ ਪਾਠ ਆਰੰਭ ਹੋਵੇਗਾ, 2 ਮਈ ਰਾਤ ਨੂੰ ਕੀਰਤਨ ਦਰਬਾਰ ਹੋਵੇਗਾ ਅਤੇ 3 ਮਈ ਨੂੰ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਏ ਜਾਣਗੇ। ਇਸ ਉਪਰੰਤ ਵਿਸ਼ੇਸ਼ ਦੀਵਾਨ ਵਿਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ, ਪ੍ਰਚਾਰਕ, ਕਵੀ ਗੁਰੂ ਜਸ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।*

### 40 ਮੁਕਤੇ

- ਸਮੀਰ ਸਿੰਘ
- ਸਰਜਾ ਸਿੰਘ
- ਸੁਹੇਲ ਸਿੰਘ
- ਸੁਲਤਾਨ ਸਿੰਘ
- ਸੋਭਾ ਸਿੰਘ
- ਸੰਤ ਸਿੰਘ
- ਹਰਸਾ ਸਿੰਘ
- ਗੰਗਾ ਸਿੰਘ
- ਹਰੀ ਸਿੰਘ
- ਕਰਨ ਸਿੰਘ
- ਕਰਮ ਸਿੰਘ
- ਕਾਲਾ ਸਿੰਘ
- ਕੀਰਤੀ ਸਿੰਘ
- ਕ੍ਰਿਪਾਲ ਸਿੰਘ
- ਖੁਸ਼ਾਲ ਸਿੰਘ
- ਗੁਲਾਬ ਸਿੰਘ
- ਗੰਗਾ ਸਿੰਘ
- ਗੰਡਾ ਸਿੰਘ
- ਘਰਬਾਰਾ ਸਿੰਘ
- ਚੰਬਾ ਸਿੰਘ
- ਜਾਦੋ ਸਿੰਘ
- ਜੋਗਾ ਸਿੰਘ
- ਜੰਗ ਸਿੰਘ
- ਦਿਆਲ ਸਿੰਘ
- ਦਰਬਾਰਾ ਸਿੰਘ
- ਦਿਲਬਾਗ ਸਿੰਘ
- ਧਰਮ ਸਿੰਘ
- ਧੰਨਾ ਸਿੰਘ
- ਨਿਹਾਲ ਸਿੰਘ
- ਨਿਧਾਨ ਸਿੰਘ
- ਬੂੜ ਸਿੰਘ
- ਭਾਗ ਸਿੰਘ
- ਭੋਲਾ ਸਿੰਘ
- ਭੰਗਾ ਸਿੰਘ
- ਮਹਾਂ ਸਿੰਘ
- ਮੱਜਾ ਸਿੰਘ
- ਮਾਨ ਸਿੰਘ
- ਮੈਯਾ ਸਿੰਘ
- ਰਾਇ ਸਿੰਘ
- ਲਛਮਣ ਸਿੰਘ



# ਡੇਰਾ ਬਾਬਾ ਬੰਦਾ ਬਹਾਦਰ

ਕਟੜਾ, ਜੰਮੂ ਤੋਂ ਸ਼ੁਰੂ ਹੋਣ ਵਾਲੀ ਮਾਂ ਵੈਸ਼ਨੂੰ ਦੀ ਤੀਰਥ ਯਾਤਰਾ ਦੀ ਮਹੱਤਤਾ ਤਾਂ ਸ਼ਰਧਾਲੂਆਂ ਦਾ ਹਿਰਦੈ ਹੀ ਜਾਣਦਾ ਹੈ, ਚਾਹੇ ਉਹ ਵੱਖ-ਵੱਖ ਧਰਮਾਂ ਤੇ ਸੱਭਿਆਚਾਰ ਦੇ ਕਿਉਂ ਨਾ ਹੋਣ। ਅਨੇਕਾਂ ਦੇਵੀ ਦੇਵਤਿਆਂ ਨੇ ਰਮਣੀਕ ਪਹਾੜੀ ਲੜੀਆਂ 'ਤੇ ਆਪਣਾ ਨਿਵਾਸ ਸਥਾਨ ਨਿਰਧਾਰਤ ਕੀਤਾ, ਜੋ ਵਰਤਮਾਨ ਯੁੱਗ ਦੇ ਤੀਰਥ ਸਥਾਨ ਦੇ ਰੂਪ 'ਚ ਪ੍ਰਸਿੱਧ ਹੋਏ। ਪਰਮਾਤਮਾ ਨੇ ਇਨ੍ਹਾਂ ਪਵਿੱਤਰ ਸਥਾਨਾਂ ਦੇ ਆਸ-ਪਾਸ ਉਨ੍ਹਾਂ ਦੁਆਰਾ ਧਰਤੀ 'ਤੇ ਭੇਜੇ ਗਈ ਸੰਦੇਸ਼-ਵਾਹਕਾਂ ਲਈ ਵੀ ਅਜਿਹੇ ਹੀ ਸਥਾਨ ਚੁਣੇ ਜੋ ਉਨ੍ਹਾਂ ਸੰਤਾਂ ਮਹਾਤਮਾਵਾਂ ਨਾਲ ਜੁੜ ਗਏ।

ਇਕ ਵਿਲੱਖਣ ਤੇ ਚਮਤਾਕਰੀ ਵਿਅਕਤੀ ਸਨ ਲਛਮਣ ਦਾਸ, ਜਿਨ੍ਹਾਂ ਦਾ ਜਨਮ 1670 ਵਿਚ ਜੰਮੂ ਦੇ ਰਾਜੌਰੀ ਇਲਾਕੇ ਦੇ ਰਾਜਪੂਤ ਮਾਤਾ-ਪਿਤਾ ਦੇ ਘਰ ਹੋਇਆ। ਕੁਝ ਸਾਲਾਂ ਬਾਅਦ ਸਾਧਾਰਣ ਜੀਵਨ ਦਾ ਤਿਆਗ ਕਰ ਕੇ ਉਹ ਬੈਰਾਗੀ ਸਾਧੂ ਮਾਧੋ ਦਾਸ ਬਣ ਕੇ ਦੱਖਣ ਭਾਰਤ ਦੀ ਗੋਦਾਵਰੀ ਨਦੀ ਦੇ ਇਕਾਂਤ, ਬੇਆਬਾਦ ਸਥਾਨ 'ਤੇ ਵਿਰਕਤ ਹੋ ਕੇ ਰਹਿਣ ਲੱਗੇ। ਕਿਸਮਤ ਨੇ ਉਨ੍ਹਾਂ ਲਈ ਕੁਝ ਹੋਰ ਹੀ ਤੈਅ ਕੀਤਾ ਹੋਇਆ ਸੀ। ਜਦੋਂ ਉਨ੍ਹਾਂ ਦੀ ਮੁਲਾਕਾਤ ਗੁਰੂ ਗੋਬਿੰਦ ਸਿੰਘ ਜੀ ਨਾਲ ਹੋਈ ਤਾਂ ਉਹ ਸੰਤ ਤੋਂ ਯੋਧਾ ਬਣ ਗਏ। ਗੁਰੂ ਜੀ ਨੂੰ 'ਤੁਹਾਡਾ ਹੀ ਬੰਦਾ ਹਾਂ' ਆਖਦਿਆਂ ਹੀ ਬੈਰਾਗੀ ਮਾਧੋ ਦਾਸ ਦਾ ਪੁਨਰ ਜਨਮ ਬਾਬਾ ਬੰਦਾ ਬਹਾਦਰ ਦੇ ਰੂਪ 'ਚ ਹੋਇਆ। ਉਨ੍ਹਾਂ ਨੇ ਬਹਾਦਰੀ ਨਾਲ ਮੁਗ਼ਲਾਂ ਦੇ ਜ਼ਾਲਿਮਾਨਾਂ ਅਤਿਆਚਾਰਾਂ ਦਾ ਵਿਰੋਧ ਕੀਤਾ ਤੇ ਜੰਗ ਦਾ ਐਲਾਨ ਕੀਤਾ। ਉਨ੍ਹਾਂ ਦੇ ਸਿਪਾਹੀ ਆਮ ਲੋਕਾਂ 'ਚੋਂ ਚੁਣੇ ਹੋਏ ਤੇ ਜੰਗੀ ਸਿਖਲਾਈ 'ਚ ਭਾਵੇਂ ਘੱਟ ਮੁਹਾਰਤ ਰੱਖਦੇ ਸਨ ਪਰ ਬਾਬਾ ਜੀ ਦੀ ਅਗਵਾਈ 'ਚ ਉਨ੍ਹਾਂ ਨੇ ਹਿੰਮਤ ਅਤੇ ਦਲੇਰੀ ਨਾਲ ਅੱਤਿਆਚਾਰੀ ਮੁਗ਼ਲਾਂ ਦੇ ਸਾਮਰਾਜ ਦੀ ਨੀਂਹ ਹਿਲਾ ਦਿੱਤੀ। ਅੰਤ ਮੁਗ਼ਲਾਂ ਦੁਆਰਾ ਦਿੱਤੇ ਕਠੋਰ ਤਸੀਹਿਆਂ ਦਾ ਵੀਰਤਾ ਨਾਲ ਸਾਹਮਣਾ ਕਰਦੇ ਹੋਏ ਬਾਬਾ ਜੀ ਨੇ ਜੂਨ 1716 'ਚ ਸ਼ਹਾਦਤ ਪ੍ਰਾਪਤ ਕੀਤੀ। ਬਾਬਾ ਬੰਦਾ ਬਹਾਦਰ ਦੀਆਂ ਬਲਿਦਾਨ-ਗਾਥਾਵਾਂ ਤੁਸੀ ਪੜ੍ਹੀਆਂ ਤੇ ਸੁਣੀਆਂ ਹੋਣਗੀਆਂ। ਇਹ ਗਾਥਾਵਾਂ ਅੱਜ ਵੀ ਪ੍ਰੇਰਨਾਮਈ ਹਨ।





ਸਾਡੇ ਵਿੱਚੋਂ ਬਹੁਤ ਘੱਟ ਲੋਕਾਂ ਨੂੰ ਡੇਰਾ ਬਾਬਾ ਬੰਦਾ ਬਹਾਦਰ ਦੀ ਸੁੰਦਰ ਤਪੋਭੂਮੀ ਬਾਰੇ ਜਾਣਕਾਰੀ ਹੈ। ਇਹ ਸਥਾਨ ਜੰਮੂ ਤੋਂ 28 ਕਿਲੋਮੀਟਰ ਦੀ ਦੂਰੀ 'ਤੇ ਹਾ। ਸਿੱਖ ਗੁਰੂਆਂ ਅਤੇ ਸੰਤਾਂ-ਮਹਾਂਪੁਰਸ਼ਾਂ ਨਾਲ ਸਬੰਧਤ ਵੱਖ-ਵੱਖ ਡੇਰਿਆਂ ਦੀ ਸੂਚੀ ਵਿਚ ਡੇਰਾ ਬਾਬਾ ਬੰਦਾ ਬਹਾਦਰ ਦਾ ਆਪਣਾ ਵਿਲੱਖਣ ਸਥਾਨ ਹੈ। ਮੁੱਖ ਮਾਰਗ ਤੋਂ ਪਹਿਲਾ ਮੋੜ ਨਚੇ ਵੱਲ ਨੂੰ ਮੁੜਦਿਆਂ ਹੀ ਤੁਸੀਂ ਰਿਆਸੀ ਤਹਿਸੀਲ ਦੇ ਊਧਮਪੁਰ ਜ਼ਿਲ੍ਹੇ ਦੇ ਡੇਰੇ 'ਚ ਪਹੁੰਚ ਸਕਦੇ ਹੋ। ਇਹ ਇਤਿਹਾਸਕ ਅਤੇ ਕੁਦਰਤੀ ਸੁੰਦਰਤਾ ਵਾਲਾ ਹਿੰਦੂ-ਸਿੱਖ ਤੀਰਥ ਸਥਾਨ ਚੰਦਰਭਾਗਾ ਨਦੀ (ਚਨਾਬ) ਦੇ ਕਿਨਾਰੇ ਸਥਿਤ ਹੈ। 1712 ਵਿਚ ਮੁਗ਼ਲ ਬਾਦਸ਼ਾਹ ਬਹਾਦੁਰ ਸ਼ਾਹ ਦੀ ਮੌਤ ਤੋਂ ਬਾਅਦ ਫਾਰੁਖਸੀਆਰ ਦੀ ਮੁਗ਼ਲ ਫ਼ੌਜ ਨਾਲ ਭਿੜਨ ਦੀ ਤਿਆਰੀ ਲਈ ਬਾਬਾ ਬੰਦਾ ਬਹਾਦਰ ਨੇ ਆਪਣੀ ਸ਼ਕਤੀ ਦੇ ਮੁੜ ਸੰਚਾਰ ਲਈ ਇਕਾਂਤ ਦਾ ਜੀਵਨ ਚੁਣਿਆ ਅਤੇ ਪਹਾੜੀ ਵਾਤਾਵਰਨ ਵਿਚ ਜੰਗਲਾਂ ਨਾਲ ਘਿਰੇ ਇਸ ਸਥਾਨ 'ਤੇ ਰਹਿਣ ਲੱਗੇ।

ਚੰਦਰਭਾਗਾ (ਚਨਾਬ) ਦਰਿਆ ਦੇ ਮੋੜ 'ਤੇ ਦੂਰ ਸ਼ਾਂਤ ਜੰਮੂ ਦੀਆਂ ਪਹਾੜੀਆਂ 'ਚ ਬਾਬਾ ਜੀ ਅਤੇ ਉਨ੍ਹਾਂ ਦੀ ਫ਼ੌਜ ਨੇ ਵਿਸ਼ਰਾਮ ਕੀਤਾ। ਇਥੇ ਰਹਿ ਕੇ ਬਾਬਾ ਜੀ ਨੇ ਆਪਣੀ ਫ਼ੌਜ ਨੂੰ ਮੁੜ ਸ਼ਕਤੀਸ਼ਾਲੀ ਬਣਾਇਆ-ਘੋੜਿਆਂ ਅਤੇ ਅਸਤਰਾਂ-ਸ਼ਸਤਰਾਂ ਦਾ ਪ੍ਰਬੰਧ ਕੀਤਾ। ਇਸ ਤੋਂ ਬਾਅਦ ਸਿੱਖ ਫ਼ੌਜ ਪਹਾੜਾਂ ਤੋਂ ਮੈਦਾਨੀ ਇਲਾਕਿਆਂ ਵੱਲ ਇਤਿਹਾਸਕ ਕਲਾਨੌਰ ਦੇ ਰਸਤੇ 'ਤੇ ਅੱਗੇ ਵਧੀ।

ਡੇਰੇ ਵਿਚ ਬਾਬਾ ਬੰਦਾ ਬਹਾਦਰ ਜੀ ਨੇ ਇਕ ਬੇਰੀ ਦੇ ਹੇਠਾਂ ਕਠਿਨ ਤਪੱਸਿਆ ਕੀਤੀ ਸੀ। ਇਹ ਬੇਰੀ ਅੱਜ ਵੀ ਇਸ ਸਥਾਨ 'ਤੇ ਮੌਜੂਦ ਹੈ। ਅੱਜ ਵੀ ਤੁਸੀਂ ਇਸ ਦੇ ਫਲ ਖਾ ਸਕਦੇ ਹੋ। ਇਹ 'ਦੁੱਖ ਹਰਨੀ ਬੇਰੀ' ਦੁੱਖਾਂ ਦਾ ਨਾਸ਼ ਕਰਨ ਵਾਲੀ ਮੰਨੀ ਜਾਂਦੀ ਹੈ।

ਇਸ ਤੋਂ ਇਲਾਵਾ ਇਥੇ ਬਾਬਾ ਜੀ ਨੇ ਆਪਣੇ ਹੱਥੀਂ ਨਿਸ਼ਾਨ ਸਾਹਿਬ ਵੀ ਸਥਾਪਿਤ ਕੀਤਾ ਸੀ। ਤਿੰਨ ਸੌ ਸਾਲ ਪੁਰਾਣੇ ਇਸ ਡੇਰੇ ਵਿਚ ਇਤਿਹਾਸਕ ਗੁਰਦੁਆਰਾ ਸਾਹਿਬ ਦੇ ਅਜਾਇਬ ਘਰ ਵਿਚ ਬਾਬਾ ਜੀ ਨੂੰ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਿੱਤੀ ਗਈ ਕਿਰਪਾਨ, ਤੀਰ, ਕਵਚ ਦੇ ਵੀ ਦਰਸ਼ਨ ਕੀਤੇ ਜਾ ਸਕਦੇ ਹਨ। ਨਾਲ ਹੀ ਉਨ੍ਹਾਂ ਦੇ ਹੋਰ ਅਸਤਰ-ਸ਼ਸਤਰ ਅਤੇ ਵਸਤਰ ਵੀ ਰੱਖੇ ਗਏ ਹਨ। ਇਥੇ ਸਥਾਪਿਤ ਕੀਤੇ ਗਏ ਚਿੱਤਰਾਂ ਵਿਚ ਵੱਖ-ਵੱਖ ਦਿਸ਼ਾਂ ਦੇ ਇਤਿਹਾਸਕ ਛਣਾਂ ਨੂੰ ਦ੍ਰਿਸ਼ਟੀਮਾਨ ਕੀਤਾ ਗਿਆ ਹੈ।

### ਡੇਰੇ ਦੀ ਉਸਾਰੀ

ਬਾਬਾ ਜੀ ਚਾਹੁੰਦੇ ਸਨ ਕਿ ਡੇਰਾ ਸਦਾ ਅਣਛੋਹਿਆ ਰਹੇ ਤੇ ਉਥੇ ਕੋਈ ਪੱਕਾ ਭਵਨ ਨਾ ਬਣਾਇਆ ਜਾਵੇ। ਉਨ੍ਹਾਂ ਕਿਹਾ ਸੀ ਕਿ ਜੋ ਇਸ ਆਗਿਆ ਦੀ ਉਲੰਘਣਾ ਕਰੇਗਾ, ਉਸ ਦਾ ਵੰਸ਼ ਸਮਾਪਤ ਹੋ ਜਾਵੇਗਾ ਪਰ ਉਨ੍ਹਾਂ ਦੇ ਚੌਥੇ ਵੰਸ਼ਜ ਫ਼ਤਹਿ ਸਿੰਘ ਨੇ ਇਥੇ ਭਵਨ ਦੇ ਨਿਰਮਾਣ ਦਾ ਫ਼ੈਸਲਾ ਲਿਆ। ਡੇਰੇ ਦੀ ਉਸਾਰੀ ਦਾ ਇਹ ਫ਼ੈਸਲਾ ਹੀ ਉਨ੍ਹਾਂ ਦੇ ਬਲਿਦਾਨ ਦਾ ਕਾਰਨ ਬਣਿਆ। ਫਿਰ ਉਨ੍ਹਾਂ ਦੇ ਦੂਜੇ ਭਰਾ ਦੀ ਸੰਤਾਨ ਤੋਂ ਵੰਸ਼ ਅੱਗੇ ਤੁਰਿਆ ਅਤੇ ਹੁਣ ਬਾਬਾ ਜਤਿੰਦਰ ਸਿੰਘ ਇਸ ਡੇਰੇ ਦੀ ਸੇਵਾ ਸੰਭਾਲ ਕਰਦੇ ਤੇ ਇਸ ਦਾ ਪ੍ਰਬੰਧ ਚਲਾਉਂਦੇ ਹਨ।

*ਉੱਤਰੀ ਭਾਰਤ ਵਿਚ ਵਿਸਾਖੀ ਦੇ ਤਿਉਹਾਰ ਦੀ ਆਪਣੀ ਵਿਲੱਖਣ ਥਾਂ ਹੈ ਅਤੇ ਵੱਖ-ਵੱਖ ਥਾਵਾਂ 'ਤੇ ਮੇਲੇ ਲੱਗਦੇ ਹਨ। ਰਿਆਸੀ ਤਹਿਸੀਲ ਦੇ ਡੇਰਾ ਬਾਬਾ ਬੰਦਾ ਬਹਾਦਰ ਵਿਖੇ ਵੀ ਹਰ ਸਾਲ ਵਿਸਾਖੀ ਦਾ ਤਿਉਹਾਰ ਮਨਾਇਆ ਜਾਂਦਾ ਹੈ, ਜਿਸ ਵਿਚ ਹਜ਼ਾਰਾਂ ਦੀ ਗਿਣਤੀ 'ਚ ਸ਼ਰਧਾਲੂ ਸ਼ਾਮਲ ਹੁੰਦੇ ਹਨ। ਇਸ ਮੌਕੇ ਧਾਰਮਿਕ ਦੀਵਾਨ ਸਜਾਏ ਜਾਂਦੇ ਹਨ ਅਤੇ ਸੰਤ-ਸਿਪਾਹੀ ਬਾਬਾ ਬੰਦਾ ਬਹਾਦਰ ਜੀ ਦੀ ਘਾਲਣਾ ਤੇ ਬਲਿਦਾਨ ਨੂੰ ਖ਼ਾਸ ਤੌਰ 'ਤੇ ਯਾਦ ਕੀਤਾ ਜਾਂਦਾ ਹੈ।*

*ਭਾਰਤ ਅਤੇ ਵਿਦੇਸ਼ਾਂ ਤੋਂ 25 ਹਜ਼ਾਰ ਤੋਂ ਜ਼ਿਆਦਾ ਸ਼ਰਧਾਲੂ ਅਤੇ ਸੈਲਾਨੀ ਇਸ ਸਥਾਨ 'ਤੇ ਪਹੁੰਚਦੇ ਹਨ ਅਤੇ ਦੁੱਖ ਹਰਨੀ ਬੇਰੀ ਤੇ ਨਿਸ਼ਾਨ ਸਾਹਿਬ ਦੇ ਦਰਸ਼ਨ ਕਰਨ ਤੋਂ ਇਲਾਵਾ ਅਜਾਇਬ ਘਰ 'ਚ ਸੁਸ਼ੋਭਿਤ ਬਾਬਾ ਦੀਆਂ ਪਵਿੱਤਰ ਵਸਤਾਂ ਦੇ ਵੀ ਦਰਸ਼ਨ ਕਰਦੇ ਹਨ।*

*ਵਿਸਾਖੀ ਮੇਲੇ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੀਣਯੋਗ ਪਾਣੀ, ਸਾਫ਼-ਸਫ਼ਾਈ, ਆਵਾਜਾਈ, ਇਲਾਜ ਪ੍ਰਬੰਧਾਂ, ਲੰਗਰ ਅਤੇ ਸ਼ਰਧਾਲੂਆਂ ਦੇ ਰਹਿਣ ਲਈ ਖ਼ਾਸ ਪ੍ਰਬੰਧ ਕੀਤੇ ਜਾਂਦੇ ਹਨ। ਇਸ ਤੀਰਥ ਸਥਾਨ ਨੂੰ ਸੈਲਾਨੀ ਸਥਾਨ ਦੇ ਤੌਰ 'ਤੇ ਵਿਕਸਿਤ ਕਰਨ ਲਈ ਜੰਮੂ ਸੈਰ-ਸਪਾਟਾ ਦਫ਼ਤਰ ਵੱਲੋਂ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ, ਜਿਸ ਵਿਚ ਵਿਜੈ ਸਹਿਗਲ ਦਾ ਖ਼ਾਸ ਯੋਗਦਾਨ ਹੈ।*



ਸੀਮਾ ਆਨੰਦ ਚੋਪੜਾ

### ਸੈਲਾਨੀਆਂ ਲਈ ਆਕਰਸ਼ਣ

ਚਨਾਬ ਦਰਿਆ 'ਚ ਕਿਸ਼ਤੀ ਦੀ ਸਵਾਰੀ ਤੋਂ ਇਲਾਵਾ ਜਲ ਖੇਡਾਂ ਦਾ ਵੀ ਇਥੇ ਪ੍ਰਬੰਧ ਹੈ। ਇਹ ਸਰਗਰਮੀਆਂ ਸੈਲਾਨੀਆਂ ਨੂੰ ਇਸ ਸਥਾਨ ਵੱਲ ਆਕਰਸ਼ਿਤ ਕਰਦੀਆਂ ਹਨ। ਸਥਾਨਕ ਸਰਕਾਰ ਵੱਲੋਂ ਰਿਆਸੀ ਤਹਿਸੀਲ 'ਚ ਆਧੁਨਿਕ ਪਾਰਕ ਦਾ ਨਿਰਮਾਣ ਕਰਵਾਏ ਜਾਣ ਦੀ ਵੀ ਯੋਜਨਾ ਹੈ। ਇਨ੍ਹਾਂ ਯਤਨਾਂ ਦੇ ਨਾਲ-ਨਾਲ ਡੇਰਾ ਬਾਬਾ ਬੰਦਾ ਬਹਾਦਰ ਦੀ ਪਵਿੱਤਰਤਾ ਅਤੇ ਇਤਿਹਾਸਕਤਾ ਨੂੰ ਕਾਇਮ ਰੱਖਣ ਦਾ ਵੀ ਖ਼ਾਸ ਖ਼ਿਆਲ ਰੱਖਿਆ ਜਾ ਰਿਹਾ ਹੈ ਕਿਉਂਕਿ ਇਹ ਸਥਾਨ ਅਧਿਆਤਮਿਕਤਾ ਤੇ ਕੁਦਰਤੀ ਸੁੰਦਰਤਾ ਦਾ ਵਡਮੁੱਲਾ ਖ਼ਜ਼ਾਨਾ ਹੈ, ਜਿਸ ਦੀ ਯਾਤਰਾ ਨੂੰ ਤੁਸੀਂ ਸਦਾ ਯਾਦ ਰੱਖੋਗੇ। •

# ਭਗਵੰਤ ਮਾਨ ਰਾਸ਼ਟਰਪਤੀ ਨਾਲ 5 ਨੂੰ ਕਰਨਗੇ ਮੁਲਾਕਾਤ

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਮਾਨ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਦੇ ਭਾਜਪਾ 'ਚ ਰਲੇਵੇਂ ਦੇ ਸੰਦਰਭ ਵਿੱਚ 5 ਮਈ ਨੂੰ ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਮਿਲਣਗੇ। ਇਨ੍ਹਾਂ ਬਾਗੀ ਸੰਸਦ ਮੈਂਬਰਾਂ ਦੇ ਆਮ ਆਦਮੀ ਪਾਰਟੀ ਨੂੰ ਛੱਡਣ ਦੇ ਐਲਾਨ ਮਗਰੋਂ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ ਰਾਸ਼ਟਰਪਤੀ ਭਵਨ ਤੋਂ ਮਿਲਣ ਲਈ ਸਮਾਂ ਮੰਗਿਆ ਸੀ। ਮੁੱਖ ਮੰਤਰੀ 'ਆਪ' ਵਿਧਾਇਕਾਂ ਦਾ ਵਫ਼ਦ ਲਿਜਾ ਕੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਨਾ ਚਾਹੁੰਦੇ ਹਨ।

ਮੁੱਖ ਮੰਤਰੀ ਨੇ ਦੱਸਿਆ ਕਿ ਰਾਸ਼ਟਰਪਤੀ ਨੇ ਮਿਲਣ ਲਈ 5 ਮਈ ਨੂੰ ਦੁਪਹਿਰ 12 ਵਜੇ ਦਾ ਸਮਾਂ ਦਿੱਤਾ ਹੈ ਅਤੇ ਉਹ ਉਸ ਦਿਨ ਜਾਣਗੇ। ਮੁੱਖ ਮੰਤਰੀ ਨੇ ਹਾਲਾਂਕਿ ਇਹ ਸਾਫ਼ ਨਹੀਂ ਕੀਤਾ ਕਿ ਕੀ ਉਹ ਇਕੱਲੇ ਮਿਲ ਰਹੇ ਹਨ ਜਾਂ 'ਆਪ' ਵਿਧਾਇਕਾਂ ਦੇ ਵਫ਼ਦ ਨਾਲ ਰਾਸ਼ਟਰਪਤੀ ਭਵਨ ਜਾਣਗੇ। ਮੁੱਖ ਮੰਤਰੀ ਰਾਸ਼ਟਰਪਤੀ ਤੋਂ ਭਾਜਪਾ 'ਚ ਸ਼ਾਮਲ ਹੋਏ ਸੱਤ ਸੰਸਦ ਮੈਂਬਰਾਂ ਨੂੰ 'ਵਾਪਸ ਬੁਲਾਏ' ਜਾਣ ਦੀ ਮੰਗ ਕਰਨਗੇ।

ਚੇਤੇ ਰਹੇ ਕਿ ਕਈ ਮੁਲਕਾਂ 'ਚ ਚੁਣੇ ਪ੍ਰਤੀਨਿਧਾਂ ਨੂੰ 'ਵਾਪਸ ਬੁਲਾਏ' ਜਾਣ ਦੀ ਸੰਵਿਧਾਨਕ ਵਿਵਸਥਾ ਹੈ ਪਰ ਭਾਰਤੀ ਸੰਵਿਧਾਨ 'ਚ ਅਜਿਹਾ ਕੋਈ ਉਪਬੰਧ ਨਹੀਂ ਹੈ।

ਰਾਜ ਸਭਾ ਵਿੱਚ 'ਆਪ' ਦੇ ਦਸ ਸੰਸਦ ਮੈਂਬਰ ਸਨ, ਜਿਨ੍ਹਾਂ 'ਚੋਂ ਰਾਘਵ ਚੱਢਾ, ਸੰਦੀਪ ਪਾਠਕ, ਅਸ਼ੋਕ ਮਿੱਤਲ, ਰਜਿੰਦਰ ਗੁਪਤਾ, ਹਰਭਜਨ ਸਿੰਘ, ਵਿਕਰਮਜੀਤ ਸਾਹਨੀ ਅਤੇ ਸਵਾਤੀ ਮਾਲੀਵਾਲ ਨੇ 24 ਅਪਰੈਲ ਨੂੰ 'ਆਪ' ਤੋਂ ਅਲਿਹਦਾ ਹੋ ਕੇ ਭਾਜਪਾ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਸੀ। ਰਾਜ ਸਭਾ ਸਕੱਤਰੇਤ ਨੇ 'ਆਪ' ਦੇ ਰਾਜ ਸਭਾ ਵਿਚਲੇ ਦੋ-ਤਿਹਾਈ ਮੈਂਬਰਾਂ ਨੂੰ ਬਤੌਰ ਭਾਜਪਾਈ ਮੈਂਬਰ ਅਧਿਕਾਰਤ ਮਾਨਤਾ ਵੀ ਦੇ ਦਿੱਤੀ ਹੈ।

ਆਮ ਆਦਮੀ ਪਾਰਟੀ ਨੇ ਪਾਰਟੀ ਨੂੰ ਅਲਵਿਦਾ ਕਹਿਣ ਵਾਲੇ ਸੰਸਦ ਮੈਂਬਰਾਂ ਨੂੰ ਸਮਾਜਿਕ ਤੌਰ 'ਤੇ ਠਿੱਬੀ ਲਾਉਣ ਲਈ 'ਗੱਦਾਰ' ਕਰਾਰ ਹੀ ਨਹੀਂ ਦਿੱਤਾ ਬਲਕਿ ਇਨ੍ਹਾਂ ਸੰਸਦ ਮੈਂਬਰਾਂ ਦੇ ਘਰਾਂ ਦੀਆਂ ਕੰਧਾਂ 'ਤੇ 'ਗੱਦਾਰ' ਸ਼ਬਦ ਵੀ ਉੱਕਰੇ। 'ਆਪ' ਦੇ ਸੰਸਦ ਮੈਂਬਰ ਸੰਜੈ ਸਿੰਘ ਆਖ ਚੁੱਕੇ ਹਨ ਕਿ ਉਹ ਦੋ ਤਿਹਾਈ ਮੈਂਬਰਾਂ ਦੇ ਭਾਜਪਾ 'ਚ ਰਲੇਵੇਂ ਨੂੰ ਅਦਾਲਤ 'ਚ ਚੁਣੌਤੀ ਦੇਣਗੇ ਅਤੇ ਇਸ ਮਾਮਲੇ 'ਤੇ ਕਾਨੂੰਨੀ ਲੜਾਈ ਵੀ ਲੜੀ ਜਾਵੇਗੀ।

ਮੁੱਖ ਮੰਤਰੀ ਭਗਵੰਤ ਮਾਨ ਮਈ ਦੇ ਪਹਿਲੇ ਹਫ਼ਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਕਰਾਨਾ ਯਾਤਰਾ ਸ਼ੁਰੂ ਕਰਨਗੇ। ਜਾਗਤ ਜੋਤ ਸ੍ਰੀ ਗੁਰੂ ਗਰੰਥ ਸਾਹਿਬ ਸਤਿਕਾਰ ਐਕਟ-2026 ਦੇ ਸ਼ੁਕਰਾਨੇ ਵਜੋਂ ਮੁੱਖ ਮੰਤਰੀ ਨੇ 'ਸ਼ੁਕਰਾਨਾ ਯਾਤਰਾ' ਸ਼ੁਰੂ ਕਰਨ ਦਾ ਫ਼ੈਸਲਾ ਕੀਤਾ ਹੈ। ਇਸ ਯਾਤਰਾ ਤਹਿਤ ਉਹ ਤਖ਼ਤਾਂ 'ਤੇ ਨਤਮਸਤਕ ਹੋਣਗੇ। ਹਾਲੇ ਯਾਤਰਾ ਦਾ ਸ਼ਡਿਊਲ ਤਿਆਰ ਹੋ ਰਿਹਾ ਹੈ।

ਜਲੰਧਰ (ਅਪਰਨਾ ਬੈਨਰਜੀ/ਹਤਿੰਦਰ ਮਹਿਤਾ): ਇੱਥੇ ਅੱਜ ਹੋਈ ਆਮ ਆਦਮੀ ਪਾਰਟੀ ਦੀ ਹੌਸਲਾ ਵਧਾਊ ਮੀਟਿੰਗ ਦੌਰਾਨ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ। ਇਸ ਮੀਟਿੰਗ ਰਾਹੀਂ ਇਹ ਸੁਨੇਹਾ ਦੇਣ ਦੀ ਕੋਸ਼ਿਸ਼ ਕੀਤੀ ਗਈ ਕਿ ਪਾਰਟੀ ਵਿੱਚ ਸਭ ਠੀਕ ਹੈ ਅਤੇ ਇਸ ਦਾ ਕੁਨਬਾ ਇੱਕਜੁੱਟ ਹੈ। ਇੱਥੇ ਨਿੱਜੀ ਕਾਲਜ ਵਿੱਚ ਹੋਈ ਇਸ 'ਬਲਾਕ ਆਬਜ਼ਰਵਰ ਮਿਲਣੀ' ਦੌਰਾਨ 1,000 ਤੋਂ ਵੱਧ ਵਾਲੰਟੀਅਰਾਂ ਤੋਂ ਇਲਾਵਾ 'ਆਪ' ਦੇ ਕੁੱਲ 92 'ਚੋਂ 50 ਵਿਧਾਇਕ ਵੀ ਸ਼ਾਮਲ ਹੋਏ।

ਇਸ ਦੌਰਾਨ 'ਆਪ' ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੁੱਖ ਤੌਰ 'ਤੇ ਪਾਰਟੀ ਵਰਕਰਾਂ ਦਾ ਹੌਸਲਾ ਵਧਾਉਣ ਅਤੇ ਬੀਤੀਆਂ ਗੱਲਾਂ ਨੂੰ ਭੁੱਲ ਕੇ ਅੱਗੇ ਵਧਣ ਦਾ ਸੁਨੇਹਾ ਦਿੱਤਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿਸੋਦੀਆ ਵੀਡੀਓ ਕਾਨਫਰੰਸ ਰਾਹੀਂ ਮੀਟਿੰਗ ਨਾਲ ਜੁੜੇ ਸਨ। ਦੋਵੇਂ ਆਗੂਆਂ ਨੇ ਕਿਹਾ, "ਸਾਡਾ ਮੁਕਾਬਲਾ ਸਿਰਫ਼ ਆਪਣੇ ਆਪ ਨਾਲ ਹੈ। ਪਿਛਲੀ ਵਾਰ ਅਸੀਂ 92 ਸੀਟਾਂ ਦਾ ਅੰਕੜਾ ਛੂਹਿਆ ਸੀ। ਜੇ ਤੁਸੀਂ ਇੱਕ-ਦੂਜੇ ਦਾ ਹੱਥ ਫੜੀ ਰੱਖਿਆ, ਤਾਂ ਇਸ ਵਾਰ ਅਸੀਂ 100 ਦਾ ਅੰਕੜਾ ਪਾਰ ਕਰਾਂਗੇ।"

2027 ਦੀਆਂ ਚੋਣਾਂ ਦੇ ਮੱਦੇਨਜ਼ਰ, ਮੀਟਿੰਗ ਦੌਰਾਨ ਪਾਰਟੀ ਆਬਜ਼ਰਵਰਾਂ ਨੂੰ ਪਿੰਡਾਂ ਅਤੇ ਵਾਰਡਾਂ ਵਿੱਚ ਜ਼ਮੀਨੀ ਪੱਧਰ 'ਤੇ ਪਹੁੰਚ ਬਣਾਉਣ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ, ਜਿਨ੍ਹਾਂ ਤਹਿਤ ਹਰੇਕ ਪਿੰਡ ਅਤੇ ਵਾਰਡ ਵਿੱਚੋਂ 10 ਮੈਂਬਰਾਂ ਦੀ ਕਮੇਟੀ ਬਣਾਈ ਜਾਵੇਗੀ।

ਇਹ ਮੈਂਬਰ ਘਰ-ਘਰ ਜਾ ਕੇ ਲੋਕਾਂ ਨੂੰ ਸੂਬਾ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦੇਣਗੇ। ਚੋਣਾਂ ਤੋਂ ਪਹਿਲਾਂ ਲੋਕਾਂ ਦੀਆਂ ਮੁਸ਼ਕਲਾਂ ਅਤੇ ਸ਼ਿਕਾਇਤਾਂ ਨੂੰ ਸੁਣਿਆ ਅਤੇ ਹੱਲ ਕੀਤਾ ਜਾਵੇਗਾ।

ਮੀਟਿੰਗ ਵਿੱਚ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਡਿਪਟੀ ਸਪੀਕਰ ਜੈ ਕਿਸ਼ਨ ਸਿੰਘ ਰੋੜੀ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਮਹਿੰਦਰ ਭਗਤ, ਲਾਲ ਚੰਦ ਕਟਾਰੂਚੱਕ, ਬਰਿੰਦਰ ਕੁਮਾਰ ਗੋਇਲ, ਡਾ. ਰਵਜੋਤ ਸਿੰਘ ਅਤੇ ਬ੍ਰਮ ਸ਼ੰਕਰ ਜਿੰਪਾ ਸਣੇ ਕਈ ਹੋਰ ਆਗੂ ਸ਼ਾਮਲ ਹੋਏ। ਇਹ ਮੀਟਿੰਗ ਮੌਜ-ਮਸਤੀ ਅਤੇ ਖੇਡਾਂ ਭਰਿਆ ਦਿਨ ਰਹੀ, ਜਿਸ ਦੌਰਾਨ ਕੁਝ ਮਹੀਨੇ ਪਹਿਲਾਂ ਬਲਾਕ ਆਬਜ਼ਰਵਰਾਂ ਨੂੰ ਦਿੱਤੇ ਗਏ ਦਿਸ਼ਾ-ਨਿਰਦੇਸ਼ ਵੀ ਦੁਹਰਾਏ ਗਏ। ਮੀਟਿੰਗ ਦਾ ਮੁੱਖ ਉਦੇਸ਼ ਇਹ ਸੁਨੇਹਾ ਦੇਣਾ ਸੀ ਕਿ 'ਆਪ' ਦੇ ਵਰਕਰ ਖ਼ੁਸ਼ਗਵਾਰ ਮਾਹੌਲ ਵਿੱਚ ਹਨ।

ਹਰੇਕ ਆਬਜ਼ਰਵਰ ਨੂੰ 'ਆਪ ਦੀ ਪਿੰਡ ਤੇ ਵਾਰਡ ਮਿਲਣੀ' ਸਿਰਲੇਖ ਵਾਲਾ ਕਿਤਾਬਚਾ ਦਿੱਤਾ ਗਿਆ, ਜਿਸ ਵਿੱਚ ਚੁਣੇ ਗਏ ਪਿੰਡ/ਵਾਰਡ ਕਮੇਟੀ ਮੈਂਬਰਾਂ ਜਾਂ ਆਗੂਆਂ ਦੇ ਵੇਰਵੇ ਦਰਜ ਕੀਤੇ ਜਾਣੇ ਹਨ। ਆਬਜ਼ਰਵਰਾਂ ਲਈ ਜਾਰੀ ਕੀਤੇ ਗਏ ਨਵੇਂ ਦਿਸ਼ਾ-ਨਿਰਦੇਸ਼ ਅਨੁਸਾਰ ਹਰੇਕ ਪਿੰਡ ਜਾਂ ਵਾਰਡ ਵਿੱਚ ਇੱਕ ਮੁੱਖ ਆਗੂ ਅਤੇ ਚਾਰ ਤੋਂ ਪੰਜ ਸਰਗਰਮ ਆਗੂਆਂ ਦੀ ਪਛਾਣ ਕੀਤੀ ਜਾਵੇਗੀ, ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨਾ ਯਕੀਨੀ ਬਣਾਇਆ ਜਾਵੇਗਾ, ਵਾਲੰਟੀਅਰਾਂ ਨਾਲ ਗੱਲਬਾਤ ਤੇ ਤਜਵੀਜ਼ਤ ਕਮੇਟੀਆਂ ਨਾਲ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਇਨ੍ਹਾਂ ਕਮੇਟੀਆਂ ਦੀ ਮਾਨ ਸਰਕਾਰ ਦੀਆਂ ਸਕੀਮਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ।

# ਸਨਰਾਈਜ਼ਜ਼ ਹੈਦਰਾਬਾਦ ਨੇ ਮੁੰਬਈ ਇੰਡੀਅਨਜ਼ ਨੂੰ 6 ਵਿਕਟਾਂ ਨਾਲ ਹਰਾਇਆ



**ਮੁੰਬਈ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੰਬਈ ਇੰਡੀਅਨਜ਼ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਨਿਰਧਾਰਿਤ 20 ਓਵਰਾਂ ਵਿੱਚ 5 ਵਿਕਟਾਂ ਦੇ ਨੁਕਸਾਨ 'ਤੇ 243 ਦੌੜਾਂ ਦਾ ਵਿਸ਼ਾਲ ਸਕੋਰ ਖੜ੍ਹਾ ਕੀਤਾ। ਮੁੰਬਈ ਵੱਲੋਂ ਰਾਇਨ ਰਿਕਲਟਨ ਨੇ ਸ਼ਾਨਦਾਰ ਬੱਲੇਬਾਜ਼ੀ ਕਰਦੇ ਹੋਏ 123 ਦੌੜਾਂ ਬਣਾਈਆਂ ਅਤੇ ਉਹ ਨਾਬਾਦ ਰਹੇ। ਵਿਲ ਜੈਕਸ ਨੇ 46 ਅਤੇ ਹਾਰਦਿਕ ਪਾਂਡਿਆ ਨੇ 31 ਦੌੜਾਂ ਦਾ ਯੋਗਦਾਨ ਦਿੱਤਾ। ਹੈਦਰਾਬਾਦ ਵੱਲੋਂ ਗੇਂਦਬਾਜ਼ੀ ਕਰਦੇ ਹੋਏ ਪ੍ਰਫੁੱਲ ਹਿੰਗੇ ਨੇ 2 ਵਿਕਟਾਂ ਹਾਸਲ ਕੀਤੀਆਂ, ਜਦਕਿ ਨਿਤੀਸ਼ ਕੁਮਾਰ ਰੈੱਡੀ, ਇਸ਼ਾਨ ਮਲਿੰਗਾ ਅਤੇ ਸਾਕਿਬ ਹੁਸੈਨ ਨੂੰ 1-1 ਵਿਕਟਾਂ ਮਿਲੀਆਂ।

244 ਦੌੜਾਂ ਦੇ ਵੱਡੇ ਟੀਚੇ ਦਾ ਪਿੱਛਾ ਕਰਨ ਉਤਰੀ ਸਨਰਾਈਜ਼ਰਜ਼ ਹੈਦਰਾਬਾਦ ਦੀ ਟੀਮ ਨੇ ਵਧੀਆ ਸ਼ੁਰੂਆਤ ਕੀਤੀ ਅਤੇ 18.4 ਓਵਰਾਂ ਵਿੱਚ ਹੀ 4 ਵਿਕਟਾਂ ਗੁਆ ਕੇ 249 ਦੌੜਾਂ ਬਣਾ ਕੇ ਮੈਚ ਜਿੱਤ ਲਿਆ। ਹੈਦਰਾਬਾਦ ਵੱਲੋਂ ਟ੍ਰੈਵਿਸ ਹੈੱਡ ਨੇ ਸਭ ਤੋਂ ਵੱਧ 76 ਦੌੜਾਂ ਬਣਾਈਆਂ। ਹੇਨਰਿਕ ਕਲਾਸਨ ਨੇ 65 ਦੌੜਾਂ ਦੀ ਨਾਬਾਦ ਪਾਰੀ ਖੇਡੀ, ਜਦਕਿ ਅਭਿਸ਼ੇਕ ਸ਼ਰਮਾ ਨੇ 45 ਅਤੇ ਸਲਿਲ ਅਰੋੜਾ ਨੇ ਨਾਬਾਦ 30 ਦੌੜਾਂ ਬਣਾਈਆਂ। ਮੁੰਬਈ ਵੱਲੋਂ ਏ.ਐੱਮ. ਗਜ਼ਨਫ਼ਰ ਨੇ 2 ਵਿਕਟਾਂ ਹਾਸਲ ਕੀਤੀਆਂ, ਜਦਕਿ ਟ੍ਰੈਂਟ ਬੋਲਟ ਅਤੇ ਹਾਰਦਿਕ ਪਾਂਡਿਆ ਨੂੰ 1-1 ਵਿਕਟ ਮਿਲੀ।

# ਲੈਫਟੀਨੈਂਟ ਜਨਰਲ ਦੀਪਿੰਦਰ ਸਿੰਘ ਦਾ 96 ਸਾਲ ਦੀ ਉਮਰ 'ਚ ਦੇਹਾਂਤ

**ਚੰਡੀਗੜ੍ਹ,30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਦੱਖਣੀ ਕਮਾਂਡ ਦੇ ਸਾਬਕਾ ਜਨਰਲ ਆਫੀਸਰ ਕਮਾਂਡਿੰਗ-ਇਨ-ਚੀਫ ਅਤੇ ਸ੍ਰੀਲੰਕਾ ਵਿੱਚ 'ਅਪਰੇਸ਼ਨ ਪਵਨ' ਦੌਰਾਨ ਭਾਰਤੀ ਸ਼ਾਂਤੀ ਸੈਨਾ ਦੇ ਮੁੱਖ ਫੋਰਸ ਕਮਾਂਡਰ ਰਹੇ ਲੈਫਟੀਨੈਂਟ ਜਨਰਲ ਦੀਪਿੰਦਰ ਸਿੰਘ ਦਾ ਮੰਗਲਵਾਰ ਨੂੰ ਪੰਚਕੂਲਾ ਵਿੱਚ ਦੇਹਾਂਤ ਹੋ ਗਿਆ। ਉਹ 96 ਸਾਲਾਂ ਦੇ ਸਨ।

ਦਸੰਬਰ 1950 ਵਿੱਚ '8 ਗੋਰਖਾ ਰਾਈਫਲਜ਼' ਵਿੱਚ ਕਮਿਸ਼ਨ ਪ੍ਰਾਪਤ ਕਰਨ ਵਾਲੇ ਲੈਫਟੀਨੈਂਟ ਜਨਰਲ ਦੀਪਿੰਦਰ ਸਿੰਘ ਨੇ ਤਤਕਾਲੀ ਥਲ ਸੈਨਾ ਮੁਖੀ ਫੀਲਡ ਮਾਰਸ਼ਲ ਸੈਮ ਮਾਨਿਕਸ਼ਾਅ ਦੇ ਮਿਲਟਰੀ ਅਸਿਸਟੈਂਟ ਵਜੋਂ ਸੇਵਾ ਨਿਭਾਈ ਸੀ। ਇਸ ਅਹਿਮ ਅਹੁਦੇ 'ਤੇ ਰਹਿੰਦਿਆਂ ਉਹ ਉੱਚ-ਪੱਧਰੀ ਫ਼ੈਸਲੇ ਲੈਣ ਦੀ ਪ੍ਰਕਿਰਿਆ ਅਤੇ ਇਤਿਹਾਸ ਨੂੰ ਨਵਾਂ ਮੋੜ ਦੇਣ ਵਾਲੀਆਂ ਪ੍ਰਮੁੱਖ ਘਟਨਾਵਾਂ, ਖ਼ਾਸਕਰ 1971 ਦੀ ਬੰਗਲਾਦੇਸ਼ ਮੁਕਤੀ ਮੁਹਿੰਮ ਦੇ ਗਵਾਹ ਰਹੇ। ਉਹ 1969 ਤੋਂ 1973 ਤੱਕ ਫੀਲਡ ਮਾਰਸ਼ਲ ਮਾਨਿਕਸ਼ਾਅ ਦੇ ਦਫ਼ਤਰੀ ਸਟਾਫ਼ ਦਾ ਹਿੱਸਾ ਸਨ। ਉਨ੍ਹਾਂ 1965 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਹਿੱਸਾ ਲਿਆ, ਜਿੱਥੇ ਉਹ '41 ਮਾਊਂਟੇਨ ਬ੍ਰਿਗੇਡ' ਦੇ ਬ੍ਰਿਗੇਡ ਮੇਜਰ ਸਨ। ਇਸ ਬ੍ਰਿਗੇਡ ਨੇ ਅਖਨੂਰ ਵੱਲ ਵਧ ਰਹੀ ਪਾਕਿਸਤਾਨੀ ਫ਼ੌਜ ਨੂੰ ਰੋਕਿਆ ਸੀ। ਬਾਅਦ ਵਿੱਚ ਉਨ੍ਹਾਂ ਅਤਿਵਾਦ ਵਿਰੋਧੀ ਮਾਹੌਲ ਵਿੱਚ ਗੋਰਖਾ ਰਾਈਫਲਜ਼ ਦੀ ਇੱਕ ਬਟਾਲੀਅਨ ਦੀ ਕਮਾਨ ਸੰਭਾਲੀ। ਸਿੱਕਮ ਦੇ ਭਾਰਤ ਵਿੱਚ ਰਲੇਵੇਂ ਦੌਰਾਨ, ਉਹ ਉੱਥੋਂ ਦੇ ਤਤਕਾਲੀ ਹਾਕਮ (ਚੋਗਿਆਲ) ਦੇ ਨਿੱਜੀ ਅੰਗ ਰੱਖਿਅਕਾਂ 'ਸਿੱਕਮ ਗਾਰਡਜ਼' ਨੂੰ ਨਿਹੱਥੇ ਕਰਨ ਦੇ ਬੇਹੱਦ ਸੰਵੇਦਨਸ਼ੀਲ ਅਪਰੇਸ਼ਨ ਵਿੱਚ ਨੇੜਿਓਂ ਸ਼ਾਮਲ ਸਨ।

ਬ੍ਰਿਗੇਡੀਅਰ ਦੇ ਅਹੁਦੇ 'ਤੇ ਤਰੱਕੀ ਹੋਣ ਤੋਂ ਬਾਅਦ, ਉਨ੍ਹਾਂ ਨੇ ਸਿੱਕਮ ਵਿੱਚ ਇੱਕ ਬ੍ਰਿਗੇਡ ਦੀ ਕਮਾਨ ਸੰਭਾਲੀ। ਭੂਟਾਨ ਵਿੱਚ ਭਾਰਤੀ ਫ਼ੌਜੀ ਸਿਖਲਾਈ ਟੀਮ (ਆਈ ਐੱਮ ਟੀ ਆਰ ਏ ਟੀ) ਦੇ ਕਮਾਂਡਰ ਵਜੋਂ ਸੇਵਾ ਨਿਭਾਉਣ ਤੋਂ ਬਾਅਦ, ਉਨ੍ਹਾਂ ਨੇ ਮੇਜਰ ਜਨਰਲ ਵਜੋਂ 36ਵੀਂ ਇਨਫੈਂਟਰੀ ਡਿਵੀਜ਼ਨ ਦੀ ਕਮਾਨ ਸੰਭਾਲੀ। ਦੱਖਣੀ ਕਮਾਂਡ ਦੇ ਜੀ ਓ ਸੀ-ਇਨ-ਸੀ ਵਜੋਂ, ਉਨ੍ਹਾਂ ਨੂੰ ਉਸ ਸਮੇਂ ਭਾਰਤੀ ਸ਼ਾਂਤੀ ਸੈਨਾ (ਆਈ ਪੀ ਕੇ ਐੱਫ) ਦਾ ਮੁੱਖ ਫੋਰਸ ਕਮਾਂਡਰ ਨਿਯੁਕਤ ਕੀਤਾ ਗਿਆ ਸੀ, ਜਦੋਂ 1987 ਵਿੱਚ ਤਾਮਿਲ ਅਤਿਵਾਦੀ ਸਮੂਹਾਂ ਜਿਵੇਂ ਕਿ ਲਿੱਟੇ ਨੂੰ ਨਿਹੱਥੇ ਕਰਨ ਲਈ ਭਾਰਤ-ਸ੍ਰੀਲੰਕਾ ਸਮਝੌਤੇ 'ਤੇ ਦਸਤਖ਼ਤ ਕੀਤੇ ਗਏ ਸਨ।

# ਬੇਅਦਬੀ ਵਿਰੋਧੀ ਕਾਨੂੰਨ: ਪਟੀਸ਼ਨ ਦੀ ਵਾਜਬੀਅਤ ਪਰਖੇਗੀ ਪੰਜਾਬ ਹਰਿਆਣਾ ਹਾਈ ਕੋਰਟ




**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਨਵੇਂ ਸੋਧੇ ਗਏ ਬੇਅਦਬੀ ਵਿਰੋਧੀ ਕਾਨੂੰਨ ਨੂੰ ਰੱਦ ਕਰਨ ਲਈ ਦਾਖਲ ਪਟੀਸ਼ਨ ਤੋਂ ਕਰੀਬ ਇੱਕ ਹਫ਼ਤੇ ਬਾਅਦ, ਅਦਾਲਤ ਨੇ ਬੁੱਧਵਾਰ ਨੂੰ ਸਪਸ਼ਟ ਕੀਤਾ ਕਿ ਉਹ ਪਹਿਲਾਂ ਇਹ ਜਾਂਚੇਗੀ ਕਿ ਕੀ ਇਹ ਪਟੀਸ਼ਨ ਸੁਣਵਾਈ ਦੇ ਯੋਗ ਹੈ ਜਾਂ ਨਹੀਂ। ਇਹ ਫੈਸਲਾ ਸੂਬਾ ਸਰਕਾਰ ਵੱਲੋਂ ਪਟੀਸ਼ਨਕਰਤਾ ਦੇ ਪਿਛੋਕੜ ਅਤੇ ਇਸ ਮਾਮਲੇ ਨਾਲ ਉਸ ਦੇ ਸਬੰਧ @ਤੇ ਇਤਰਾਜ਼ ਉਠਾਉਣ ਤੋਂ ਬਾਅਦ ਲਿਆ ਗਿਆ ਹੈ।

ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੇ ਬੈਂਚ ਨੇ ਕਿਹਾ, ÷ਇਸ ਅਦਾਲਤ ਨੂੰ ਗੰਭੀਰਤਾ ਨਾਲ ਇਹ ਦੇਖਣਾ ਹੋਵੇਗਾ ਕਿ ਪਟੀਸ਼ਨ ਨੂੰ ਸਵੀਕਾਰ ਕੀਤਾ ਜਾ ਸਕਦਾ ਹੈ ਜਾਂ ਨਹੀਂ, ਜਾਂ ਇਸ ਨੂੰ ਸ਼ੁਰੂਆਤ ਵਿੱਚ ਹੀ ਖਾਰਜ ਕਰ ਦਿੱਤਾ ਜਾਵੇ।÷ ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 8 ਮਈ ਨੂੰ ਹੋਵੇਗੀ।

ਜਦੋਂ ਅਦਾਲਤ ਵਿੱਚ ਇਸ ਮਾਮਲੇ ਦੀ ਸ਼ੁਰੂਆਤੀ ਸੁਣਵਾਈ ਹੋਈ, ਤਾਂ ਪੰਜਾਬ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਨੇ ਦੱਸਿਆ ਕਿ ਪਟੀਸ਼ਨਕਰਤਾ ਦਾ ਬਾਰ ਲਾਇਸੈਂਸ ਮੁਅੱਤਲ ਹੈ, ਕਿਉਂਕਿ ਉਸ ਦੀ ਪੜ੍ਹਾਈ ਦੀ ਡਿਗਰੀ (ਅਕਾਦਮਿਕ ਡਿਗਰੀ) ਅਸਲੀ ਹੈ ਜਾਂ ਨਹੀਂ, ਇਸ ਦੀ ਜਾਂਚ ਚੱਲ ਰਹੀ ਹੈ।

ਪਟੀਸ਼ਨ ਨੂੰ ਰੱਦ ਕਰਨ ਦੀ ਮੰਗ ਕਰਦਿਆਂ ਐਡਵੋਕੇਟ ਜਨਰਲ ਬੇਦੀ ਨੇ ਕਿਹਾ ਕਿ ਪਟੀਸ਼ਨ ਪਾਉਣ ਵਾਲੇ ਵਿਅਕਤੀ ਨੂੰ @ਆਦਤਨ ਸ਼ਿਕਾਇਤਾਂ ਕਰਨ ਵਾਲਾ@ ਐਲਾਨਿਆ ਗਿਆ ਹੈ ਅਤੇ ਉਸ ਦਾ ਨਾਂ ਵਿਜੀਲੈਂਸ ਬਿਊਰੋ ਵੱਲੋਂ ਤਿਆਰ ਕੀਤੀ ਅਜਿਹੇ ਲੋਕਾਂ ਦੀ ਖਾਸ ਸੂਚੀ ਵਿੱਚ ਵੀ ਸ਼ਾਮਲ ਹੈ। ਬੇਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਪਟੀਸ਼ਨਕਰਤਾ ਦਾ ਪਿਛੋਕੜ ਅਤੇ ਉਸ ਦਾ ਅਸਲੀ ਕਿਰਦਾਰ ਹੈ।

ਦੂਜੇ ਪਾਸੇ, ਪਟੀਸ਼ਨਕਰਤਾ ਵੱਲੋਂ ਦਲੀਲ ਦਿੱਤੀ ਗਈ ਕਿ ਇਹ ਮਾਮਲਾ ਜਨਤਕ ਮਹੱਤਤਾ ਵਾਲਾ ਹੈ। ਅਦਾਲਤ ਨੂੰ ਇਹ ਵੀ ਦੱਸਿਆ ਗਿਆ ਕਿ ਪਟੀਸ਼ਨਕਰਤਾ ਨਾਲ ਜੁੜੀ ਸਾਰੀ ਜਾਣਕਾਰੀ ਹਲਫ਼ਨਾਮੇ ਰਾਹੀਂ ਪੇਸ਼ ਕਰ ਦਿੱਤੀ ਜਾਵੇਗੀ। ਇਸ ਤੋਂ ਇਲਾਵਾ, ਉਸ @ਤੇ ਕੋਈ ਵੀ ਪੁਲੀਸ ਕੇਸ ਦਰਜ ਨਹੀਂ ਹੈ ਅਤੇ ਨਾ ਹੀ ਉਸ ਦੀ ਡਿਗਰੀ ਨੂੰ ਹਾਲੇ ਤੱਕ ਗਲਤ ਕਰਾਰ ਦਿੱਤਾ ਗਿਆ ਹੈ।ਪਟੀਸ਼ਨ ਪਾਉਣ ਵਾਲਾ ਵਿਅਕਤੀ ÷ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026÷ ਨੂੰ ਰੱਦ ਕਰਵਾਉਣਾ ਚਾਹੁੰਦਾ ਹੈ, ਇਹ ਕਾਨੂੰਨ ਬੇਅਦਬੀ ਦੇ ਮਾਮਲਿਆਂ ਵਿੱਚ ਉਮਰ ਕੈਦ ਵਰਗੀਆਂ ਸਖ਼ਤ ਸਜ਼ਾਵਾਂ ਦਿੰਦਾ ਹੈ। ਇਸ ਕਾਨੂੰਨ ਦੀ ਸੰਵਿਧਾਨਕ ਵੈਧਤਾ ਨੂੰ ਚੁਣੌਤੀ ਦਿੰਦੇ ਹੋਏ ਜਲੰਧਰ ਦੇ ਰਹਿਣ ਵਾਲੇ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਇਹ ਕਾਨੂੰਨ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤਾ ਗਿਆ ਸੀ, ਜਿਸ ਨੂੰ 17 ਅਪਰੈਲ ਨੂੰ ਰਾਜਪਾਲ ਨੇ ਮਨਜ਼ੂਰੀ ਦਿੱਤੀ ਅਤੇ 20 ਅਪਰੈਲ ਨੂੰ ਸਰਕਾਰੀ ਤੌਰ @ਤੇ ਨੋਟੀਫਾਈ ਕੀਤਾ ਗਿਆ ਸੀ।

ਇਸ ਕਾਨੂੰਨ ਨੂੰ ਚੁਣੌਤੀ ਦੇਣ ਦੇ ਕਾਰਨ ਦੱਸਦਿਆਂ ਪਟੀਸ਼ਨਕਰਤਾ ਨੇ ਦਲੀਲ ਦਿੱਤੀ ਕਿ ਇਸ ਐਕਟ ਨੂੰ ਸੰਵਿਧਾਨ ਦੀ ਧਾਰਾ 254(2) ਅਨੁਸਾਰ ਰਾਸ਼ਟਰਪਤੀ ਦੀ ਲੋੜੀਂਦੀ ਮਨਜ਼ੂਰੀ ਹਾਸਲ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਕਾਨੂੰਨ ਦੀ ਧਾਰਾ 5(3) ਤਹਿਤ ਉਮਰ ਕੈਦ ਵਰਗੀਆਂ ਸਜ਼ਾਵਾਂ ਤੈਅ ਕੀਤੀਆਂ ਗਈਆਂ ਹਨ, ਜੋ ਕਿ ਕੇਂਦਰ ਅਤੇ ਸੂਬੇ ਦੀ ਸਾਂਝੀ ਸੂਚੀ (ਕੰਕਰੰਟ ਲਿਸਟ) ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਕਿਉਂਕਿ ਇਹ ਸਜ਼ਾਵਾਂ ਮੌਜੂਦਾ @ਭਾਰਤੀ ਨਿਆ ਸੰਹਿਤਾ@ (2©♥) ਨਾਲ ਮੇਲ ਨਹੀਂ ਖਾਂਦੀਆਂ, ਇਸ ਲਈ ਇਸ ਕਾਨੂੰਨ ਨੂੰ ਲਾਗੂ ਕਰਨ ਲਈ ਰਾਸ਼ਟਰਪਤੀ ਦੀ ਸਹਿਮਤੀ ਜ਼ਰੂਰੀ ਸੀ। ਸਰਕਾਰੀ ਗਜ਼ਟ ਮੁਤਾਬਕ ਸਿਰਫ਼ ਰਾਜਪਾਲ ਦੀ ਮਨਜ਼ੂਰੀ ਲਈ ਗਈ ਹੈ, ਜਿਸ ਕਾਰਨ ਇਹ ਪੂਰਾ ਕਾਨੂੰਨ ਪ੍ਰਕਿਰਿਆ ਦੇ ਪੱਖੋਂ ਗਲਤ ਅਤੇ ਗੈਰ-ਸੰਵਿਧਾਨਕ ਸਿੱਧ ਹੁੰਦਾ ਹੈ।

ਪਟੀਸ਼ਨ ਵਿੱਚ ਸੰਵਿਧਾਨ ਦੀ ਧਾਰਾ 14 ਦੀ ਉਲੰਘਣਾ ਅਤੇ ਧਰਮ ਨਿਰਪੱਖਤਾ ਦੇ ਸਿਧਾਂਤ ਦਾ ਮੁੱਦਾ ਵੀ ਚੁੱਕਿਆ ਗਿਆ ਹੈ। ਇਸ ਵਿੱਚ ਦਲੀਲ ਦਿੱਤੀ ਗਈ ਹੈ ਕਿ ਇਹ ਕਾਨੂੰਨ ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਬੇਅਦਬੀ ਲਈ ਹੀ ਬਹੁਤ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕਰਦਾ ਹੈ। ਦੂਜੇ ਧਰਮਾਂ ਦੇ ਪਵਿੱਤਰ ਗ੍ਰੰਥਾਂ ਨੂੰ ਇਸ ਵਿੱਚ ਸ਼ਾਮਲ ਨਾ ਕਰਕੇ, ਇਹ ਕਾਨੂੰਨ ਸਭ ਲਈ ਬਰਾਬਰ ਹੋਣ ਦੀ ਸ਼ਰਤ @ਤੇ ਪੂਰਾ ਨਹੀਂ ਉਤਰਦਾ।

# ਝੋਨੇ ਦੀ ਲਵਾਈ ਪਹਿਲੀ ਜੂਨ ਤੋਂ



**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਐਤਕੀਂ ਪਹਿਲੀ ਜੂਨ ਤੋਂ ਤਿੰਨ ਪੜਾਵਾਂ 'ਚ ਝੋਨੇ ਦੀ ਲਵਾਈ ਸ਼ੁਰੂ ਹੋਵੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਝੋਨੇ ਦੀ ਲਵਾਈ ਦਾ ਸ਼ਡਿਊਲ ਸਾਂਝਾ ਕਰਦਿਆਂ ਐਲਾਨ ਕੀਤਾ ਕਿ ਸੂਬੇ ਦੇ ਖੇਤੀ ਸੈਕਟਰ ਨੂੰ ਐਤਕੀਂ ਪਹਿਲੀ ਮਈ ਤੋਂ ਨਹਿਰੀ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ। ਨਹਿਰਾਂ 'ਚ 21 ਹਜ਼ਾਰ ਕਿਊਸਿਕ ਨਹਿਰੀ ਪਾਣੀ ਛੱਡਿਆ ਜਾ ਰਿਹਾ ਹੈ ਜੋ 2 ਮਈ ਤੱਕ ਟੇਲਾਂ 'ਤੇ ਪੈਂਦੇ ਅਬੋਹਰ ਫ਼ਾਜ਼ਿਲਕਾ ਦੇ ਖੇਤਾਂ ਤੱਕ ਪਹੁੰਚ ਜਾਵੇਗਾ। ਪਿਛਲੇ ਸਾਲਾਂ 'ਚ ਨਹਿਰੀ ਪਾਣੀ ਦੀ ਸਪਲਾਈ ਪਹਿਲੀ ਜੂਨ ਤੋਂ ਸ਼ੁਰੂ ਹੁੰਦੀ ਰਹੀ ਹੈ ਜਦੋਂ ਕਿ ਇਸ ਵਾਰ ਅਗੇਤੀ ਸਪਲਾਈ ਦਿੱਤੀ ਜਾਣੀ ਹੈ। ਝੋਨੇ ਦੀ ਲਵਾਈ ਦੌਰਾਨ ਕਿਸਾਨਾਂ ਨੂੰ 8 ਘੰਟੇ ਬਿਜਲੀ ਸਪਲਾਈ ਮਿਲੇਗੀ।

ਪੰਜਾਬ ਸਰਕਾਰ ਨੇ ਪਿਛਲੇ ਸਾਲ ਝੋਨੇ ਦੀ ਲਵਾਈ ਪਹਿਲੀ ਜੂਨ ਤੋਂ ਸ਼ੁਰੂ ਕੀਤੀ ਸੀ। ਕੌਮੀ ਗਰੀਨ ਟ੍ਰਿਬਿਊਨਲ ਨੇ ਵੀ ਪਿਛਲੇ ਸਾਲ ਝੋਨੇ ਦੀ ਅਗੇਤੀ ਲਵਾਈ ਦੇ ਮਾਮਲੇ 'ਚ ਦਖ਼ਲ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਝੋਨੇ ਦੀ ਲਵਾਈ ਤਿੰਨ ਪੜਾਵਾਂ 'ਚ ਹੋਵੇਗੀ। ਕਿਸਾਨ ਪਹਿਲੇ ਪੜਾਅ 'ਚ ਪਹਿਲੀ ਜੂਨ ਤੋਂ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ, ਪਠਾਨਕੋਟ, ਮੁਹਾਲੀ, ਫ਼ਤਿਹਗੜ੍ਹ ਸਾਹਿਬ, ਹੁਸ਼ਿਆਰਪੁਰ ਅਤੇ ਰੂਪਨਗਰ 'ਚ ਝੋਨਾ ਲਾ ਸਕਣਗੇ।

ਦੂਜੇ ਪੜਾਅ ਤਹਿਤ 5 ਜੂਨ ਤੋਂ ਜ਼ਿਲ੍ਹਾ ਫ਼ਰੀਦਕੋਟ, ਫ਼ਿਰੋਜ਼ਪੁਰ, ਮੁਕਤਸਰ, ਬਠਿੰਡਾ ਅਤੇ ਫ਼ਾਜ਼ਿਲਕਾ 'ਚ ਝੋਨੇ ਦੀ ਲਵਾਈ ਸ਼ੁਰੂ ਹੋਵੇਗੀ। ਇਸੇ ਤਰ੍ਹਾਂ ਆਖ਼ਰੀ ਪੜਾਅ 'ਚ ਲੁਧਿਆਣਾ, ਪਟਿਆਲਾ, ਮੋਗਾ, ਮਾਨਸਾ, ਮਾਲੇਰਕੋਟਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ, ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ 'ਚ 9 ਜੂਨ ਤੋਂ ਝੋਨੇ ਦੀ ਕਾਸ਼ਤ ਸ਼ੁਰੂ ਹੋ ਸਕੇਗੀ। ਝੋਨੇ ਦੀ ਸਿੱਧੀ ਬਿਜਾਈ ਦਾ ਸਮਾਂ 15 ਮਈ ਤੋਂ 31 ਮਈ ਤੱਕ ਦਾ ਰਹੇਗਾ। ਪਹਿਲਾਂ ਸਮੁੱਚੇ ਪੰਜਾਬ 'ਚ ਇੱਕੋ ਦਿਨ ਝੋਨੇ ਦੀ ਲਵਾਈ ਸ਼ੁਰੂ ਹੁੰਦੀ ਸੀ। 'ਆਪ' ਸਰਕਾਰ ਨੇ ਸਾਲ 2022 'ਚ ਪੁਰਾਣੇ ਪੈਟਰਨ ਨੂੰ ਤਬਦੀਲ ਕਰਦਿਆਂ ਪੰਜਾਬ ਨੂੰ ਚਾਰ ਜ਼ੋਨਾਂ 'ਚ ਵੰਡ ਕੇ ਤਿੰਨ ਪੜਾਵਾਂ 'ਚ ਲਵਾਈ ਕਰਨ ਦਾ ਫ਼ੈਸਲਾ ਕੀਤਾ ਸੀ।

'ਆਪ' ਸਰਕਾਰ ਬਣਨ ਤੋਂ ਪਹਿਲਾਂ ਝੋਨੇ ਦੀ ਲਵਾਈ 13 ਜੂਨ ਨੂੰ ਸ਼ੁਰੂ ਹੁੰਦੀ ਸੀ। ਮੌਜੂਦਾ ਸਰਕਾਰ ਨੇ ਸਾਲ 2022 'ਚ ਝੋਨੇ ਦੀ ਕਾਸ਼ਤ 18 ਜੂਨ ਤੋਂ ਸ਼ੁਰੂ ਕਰਾਈ ਸੀ। ਬਿਜਲੀ ਦੀ ਖ਼ਪਤ ਦੇ ਇਕਦਮ ਵਾਧੇ ਨਾਲ ਨਜਿੱਠਣ ਲਈ ਹੁਣ ਪੜਾਅਵਾਰ ਝੋਨੇ ਦੀ ਕਾਸ਼ਤ ਕਰਨ ਦਾ ਫ਼ੈਸਲਾ ਲਿਆ ਗਿਆ। ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ 'ਚ ਚਾਰ ਹਜ਼ਾਰ ਕਿਲੋਮੀਟਰ ਖਾਲ਼ਿਆਂ ਅਤੇ ਤਿੰਨ ਹਜ਼ਾਰ ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ ਜਿਨ੍ਹਾਂ ਦੀ ਅਗੇਤੀ ਨਹਿਰੀ ਪਾਣੀ ਸਪਲਾਈ ਨਾਲ ਟੈਸਟਿੰਗ ਵੀ ਹੋ ਜਾਣੀ ਹੈ ਅਤੇ ਫ਼ਸਲੀ ਤਿਆਰੀ ਵੀ ਹੋ ਜਾਵੇਗੀ। ਨਰਮਾ ਪੱਟੀ 'ਚ ਨਰਮੇ ਦੀ ਬਿਜਾਂਦ ਮਈ 'ਚ ਹੁੰਦੀ ਹੈ ਅਤੇ ਨਰਮਾ ਕਾਸ਼ਤਕਾਰਾਂ ਨੂੰ ਇਸ ਦਾ ਲਾਭ ਮਿਲੇਗਾ। ਮੁੱਖ ਮੰਤਰੀ ਨੇ ਦੱਸਿਆ ਕਿ ਵਾਟਰ ਰੀਚਾਰਜਿੰਗ ਸਦਕਾ ਜ਼ਮੀਨੀ ਪਾਣੀ ਦੋ ਤੋਂ ਚਾਰ ਮੀਟਰ ਉਪਰ ਆਇਆ ਹੈ। ਖੇਤੀ ਟਿਊਬਵੈੱਲਾਂ 'ਤੇ ਕਿਸਾਨਾਂ ਦੀ ਨਿਰਭਰਤਾ ਘਟਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।

# ਮੋਦੀ ਵੱਲੋਂ ਗੰਗਾ ਐਕਸਪ੍ਰੈਸਵੇਅ ਦਾ ਉਦਘਾਟਨ



**ਹਰਦੋਈ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉੱਤਰ ਪ੍ਰਦੇਸ਼ ਦੇ ਹਰਦੋਈ ਤੋਂ 594 ਕਿਲੋਮੀਟਰ ਲੰਮੇ ਗੰਗਾ ਐਕਸਪ੍ਰੈਸਵੇਅ ਦਾ ਅੱਜ ਉਦਘਾਟਨ ਕੀਤਾ। ਗੰਗਾ ਐਕਸਪ੍ਰੈਸਵੇਅ ਯੂ ਪੀ ਦੇ 12 ਜ਼ਿਲ੍ਹਿਆਂ ਨੂੰ ਜੋੜੇਗਾ ਅਤੇ ਇਸ ਨਾਲ ਸਫ਼ਰ ਦਾ ਸਮਾਂ 11 ਘੰਟੇ ਤੋਂ ਘਟ ਕੇ ਕਰੀਬ ਛੇ ਘੰਟੇ ਰਹਿ ਜਾਵੇਗਾ। ਐਕਸਪ੍ਰੈਸਵੇਅ ਪੱਛਮ 'ਚ ਮੇਰਠ ਤੋਂ ਪੂਰਬ 'ਚ ਪ੍ਰਯਾਗਰਾਜ ਨੂੰ ਜੋੜੇਗਾ। ਛੇ ਮਾਰਗੀ ਐਕਸਪ੍ਰੈਸਵੇਅ ਨੂੰ ਭਵਿੱਖ 'ਚ ਅੱਠ ਮਾਰਗੀ ਬਣਾਇਆ ਜਾ ਸਕਦਾ ਹੈ।

ਸਰਕਾਰ ਦਾ ਦਾਅਵਾ ਹੈ ਕਿ ਇਸ ਦਾ 8 ਕਰੋੜ ਤੋਂ ਵੱਧ ਲੋਕਾਂ ਨੂੰ ਲਾਹਾ ਮਿਲੇਗਾ। ਭਾਰਤੀ ਹਵਾਈ ਫ਼ੌਜ ਦੇ ਜਹਾਜ਼ਾਂ ਲਈ ਸ਼ਾਹਜਹਾਂਪੁਰ ਜ਼ਿਲ੍ਹੇ 'ਚ ਸਾਢੇ 3 ਕਿਲੋਮੀਟਰ ਦੀ ਐਮਰਜੈਂਸੀ ਲੈਂਡਿੰਗ ਦੀ ਸਹੂਲਤ ਤਿਆਰ ਕੀਤੀ ਗਈ ਹੈ। ਸਰਕਾਰ ਮੁਤਾਬਕ ਐਕਸਪ੍ਰੈਸਵੇਅ ਦਾ ਕਰੀਬ 464 ਕਿਲੋਮੀਟਰ ਹਿੱਸਾ ਅਡਾਨੀ ਐਂਟਰਪ੍ਰਾਇਜ਼ਿਜ਼ ਲਿਮਟਿਡ ਦੀ ਕੰਪਨੀ ਅਡਾਨੀ ਰੋਡ ਟਰਾਂਸਪੋਰਟ ਲਿਮਟਿਡ ਵੱਲੋਂ ਵਿਕਸਤ ਕੀਤਾ ਗਿਆ ਹੈ ਜਦਕਿ ਬਾਕੀ ਹਿੱਸੇ ਨੂੰ ਆਈ ਆਰ ਬੀ ਇਨਫਰਾਸਟ੍ਰੱਕਚਰ ਡਿਵੈਲਪਰਜ਼ ਲਿਮਟਿਡ ਵੱਲੋਂ ਉਸਾਰਿਆ ਗਿਆ ਹੈ। ਵੱਖ ਵੱਖ ਜ਼ਿਲ੍ਹਿਆਂ ਦੇ ਲੋਕਾਂ ਨੇ ਆਸ ਜਤਾਈ ਕਿ ਐਕਸਪ੍ਰੈਸਵੇਅ ਬਣਨ ਨਾਲ ਰੁਜ਼ਗਾਰ ਦੇ ਮੌਕੇ ਵਧਣਗੇ ਅਤੇ ਸਫ਼ਰ ਦੇ ਸਮੇਂ 'ਚ ਕਟੌਤੀ ਆਵੇਗੀ।

ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਗੰਗਾ ਐਕਸਪ੍ਰੈਸਵੇਅ ਦੀ ਉਸਾਰੀ 'ਚ ਅਹਿਮ ਯੋਗਦਾਨ ਦੇਣ ਲਈ ਕਿਸਾਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਕ ਲੱਖ ਕਿਸਾਨਾਂ ਨੇ ਆਪਣੀਆਂ ਜ਼ਮੀਨਾਂ ਐਕਸਪ੍ਰੈਸਵੇਅ ਲਈ ਦਿੱਤੀਆਂ। ਉਨ੍ਹਾਂ ਕਿਹਾ ਕਿ ਐਕਸਪ੍ਰੈਸਵੇਅ ਉੱਤਰ ਪ੍ਰਦੇਸ਼ ਦੇ ਅਰਥਚਾਰੇ ਦੀ ਰੀੜ੍ਹ ਦੀ ਹੱਡੀ ਬਣੇਗਾ।

ਵਾਰਾਣਸੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਸਵੇਰੇ ਆਪਣੇ ਲੋਕ ਸਭਾ ਹਲਕੇ ਵਾਰਾਣਸੀ 'ਚ ਰੋਡ ਸ਼ੋਅ ਕੀਤਾ। ਰੋਡ ਸ਼ੋਅ ਬਨਾਰਸ ਲੋਕੋਮੋਟਿਵ ਵਰਕਸ ਤੋਂ ਸ਼ੁਰੂ ਹੋਇਆ ਜੋ ਕਾਸ਼ੀ ਵਿਸ਼ਵਨਾਥ ਧਾਮ 'ਤੇ ਜਾ ਕੇ ਮੁਕੰਮਲ ਹੋਇਆ। ਇਸ ਮਗਰੋਂ ਪ੍ਰਧਾਨ ਮੰਤਰੀ ਨੇ ਕਾਸ਼ੀ ਵਿਸ਼ਵਨਾਥ ਮੰਦਰ 'ਚ ਪੂਜਾ ਕੀਤੀ। ਉਨ੍ਹਾਂ ਨੂੰ ਤ੍ਰਿਸ਼ੂਲ, ਡਮਰੂ ਅਤੇ ਰਵਾਇਤੀ ਵਸਤਰ ਦੇ ਕੇ ਸਨਮਾਨਿਤ ਕੀਤਾ ਗਿਆ।

ਪ੍ਰਧਾਨ ਮੰਤਰੀ ਨੇ 'ਐਕਸ' 'ਤੇ ਕਿਹਾ ਕਿ ਉਨ੍ਹਾਂ ਭਗਵਾਨ ਭੋਲੇਨਾਥ ਅੱਗੇ ਦੇਸ਼ ਦੇ ਸਾਰੇ ਨਾਗਰਿਕਾਂ ਦੀ ਖ਼ੁਸ਼ਹਾਲੀ ਅਤੇ ਸਿਹਤਮੰਦ ਜੀਵਨ ਦੀ ਕਾਮਨਾ ਕੀਤੀ ਹੈ।

# ਦਾ ਗ੍ਰੇਟ ਨਿਕੋਦਰ ਸਭ ਤੋਂ ਵੱਡਾ ਘੁਟਾਲਾ : ਰਾਹੁਲ ਗਾਂਧੀ



**ਨਵੀਂ ਦਿੱਲੀ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਦੋਸ਼ ਲਾਇਆ ਹੈ ਕਿ ਗ੍ਰੇਟ ਨਿਕੋਬਾਰ ਪ੍ਰਾਜੈਕਟ ਕਬਾਇਲੀ ਵਿਰਾਸਤ ਖ਼ਿਲਾਫ਼ ਗੰਭੀਰ ਅਪਰਾਧਾਂ ਅਤੇ ਸਭ ਤੋਂ ਵੱਡੇ ਘੁਟਾਲਿਆਂ ਵਿਚੋਂ ਇਕ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਤਹਿਤ 160 ਵਰਗ ਕਿਲੋਮੀਟਰ ਜੰਗਲੀ ਖੇਤਰ ਵਿੱਚ ਲੱਖਾਂ ਦਰੱਖ਼ਤਾਂ ਦੀ ਕਟਾਈ ਹੋਵੇਗੀ।

ਉਨ੍ਹਾਂ ਇਸ ਨੂੰ ਵਿਕਾਸ ਦੇ ਨਾਂ 'ਤੇ ਤਬਾਹੀ ਆਖਿਆ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਕਿਹਾ ਕਿ ਉਹ ਇਸ ਮਸਲੇ ਨੂੰ ਸੰਸਦ ਵਿੱਚ ਉਠਾਉਣਗੇ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਨੇ ਮੰਗਲਵਾਰ ਨੂੰ ਨਿਕੋਬਾਰ ਦਾ ਦੌਰਾ ਕੀਤਾ ਸੀ ਅਤੇ ਸਥਾਨਕ ਲੋਕਾਂ ਨਾਲ ਮੁਲਾਕਾਤ ਕੀਤੀ ਸੀ।

ਉਨ੍ਹਾਂ ਅੱਜ ਐਕਸ 'ਤੇ ਇਕ ਵੀਡੀਓ ਪੋਸਟ ਕੀਤੀ ਜਿਸ ਵਿੱਚ ਉਨ੍ਹਾਂ ਕਿਹਾ ਹੈ, "ਮੈਂ ਗ੍ਰੇਟ ਨਿਕੋਬਾਰ ਦੀ ਯਾਤਰਾ ਕੀਤੀ। ਮੈਂ ਆਪਣੇ ਜੀਵਨ ਵਿੱਚ ਅਜਿਹੇ ਲਾਸਾਨੀ ਜੰਗਲ ਨਹੀਂ ਦੇਖੇ। ਇਥੇ ਬਹੁਤ ਪੁਰਾਣੇ ਦਰੱਖ਼ਤ ਹਨ, ਇਥੇ ਜੰਗਲ ਵਿਕਸਿਤ ਹੋਣ ਵਿੱਚ ਪੀੜ੍ਹੀਆਂ ਲਗ ਗਈਆਂ।"

ਉਨ੍ਹਾਂ ਕਿਹਾ ਕਿ ਇਸ ਟਾਪੂ ਦੇ ਲੋਕ ਸ਼ਾਨਦਾਰ ਹਨ ਪਰ ਉਨ੍ਹਾਂ ਤੋਂ ਉਹ ਖੋਹਿਆ ਜਾ ਰਿਹਾ ਹੈ, ਜਿਸ 'ਤੇ ਅਸਲੀ ਹੱਕ ਉਨ੍ਹਾਂ ਦਾ ਹੈ। ਕਾਂਗਰਸ ਆਗੂ ਨੇ ਦਾਅਵਾ ਕੀਤਾ ਕਿ ਇਥੇ ਲੱਖਾਂ ਦਰੱਖ਼ਤਾਂ ਦੀ ਕਟਾਈ ਲਈ ਨਿਸ਼ਾਨਦੇਹੀ ਕੀਤੀ ਗਈ ਹੈ। ਸਥਾਨਕ ਭਾਈਚਾਰੇ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਘਰ ਖੋਹ ਲਏ ਗਏ ਹਨ। ਰਾਹੁਲ ਨੇ ਕਿਹਾ ਕਿ ਇਹ ਵਿਕਾਸ ਨਹੀਂ ਸਗੋਂ ਵਿਕਾਸ ਦੇ ਨਾਂ 'ਤੇ ਵਿਨਾਸ਼ ਹੈ।

ਦੂਜੇ ਪਾਸੇ ਕੇਂਦਰ ਦਾ ਕਹਿਣਾ ਹੈ ਕਿ 81000 ਕਰੋੜ ਰੁਪਏ ਦੀ ਇਹ ਯੋਜਨਾ ਸਮੁੰਦਰੀ ਵਪਾਰ, ਸੰਚਾਰ ਅਤੇ ਸੁਰੱਖਿਆ ਨੂੰ ਹੁਲਾਰਾ ਦੇਵੇਗੀ ਤੇ ਇਕ ਮੀਲਪੱਥਰ ਸਾਬਤ ਹੋਵੇਗੀ।

ਇਸ ਯੋਜਨਾ ਤਹਿਤ ਇਥੇ ਬੰਦਰਗਾਹ, ਟਾਊਨਸ਼ਿਪ, ਹਵਾਈ ਅੱਡਾ ਅਤੇ ਪਾਵਰ ਪਲਾਂਟ ਉਸਾਰਿਆ ਜਾਵੇਗਾ। ਸੋਸ਼ਲ ਮੀਡੀਆ 'ਤੇ ਵੀਡੀਓ ਸੁਨੇਹੇ ਵਿੱਚ ਰਾਹੁਲ ਨੇ ਕਿਹਾ, "ਇਸ ਟਾਪੂ 'ਤੇ ਰਹਿਣ ਵਾਲਾ ਹਰ ਵਿਅਕਤੀ ਇਸ ਯੋਜਨਾ ਦੇ ਖ਼ਿਲਾਫ਼ ਹੈ।"

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਅੱਜ ਅੰਡੇਮਾਨ ਅਤੇ ਨਿਕੋਬਾਰ ਟਾਪੂਆਂ ਦੀ ਆਪਣੀ ਫੇਰੀ ਦੌਰਾਨ ਸ੍ਰੀ ਸਿੰਘ ਸਭਾ ਗੁਰਦੁਆਰੇ ਵਿੱਚ ਮੱਥਾ ਟੇਕਿਆ।

ਰਾਹੁਲ ਨੇ ਕੈਂਪਬੈੱਲ ਬੇਅ ਵਿੱਚ ਧਾਰਮਿਕ ਸਥਾਨ ਦਾ ਦੌਰਾ ਕੀਤਾ ਅਤੇ ਪ੍ਰਾਰਥਨਾ ਕੀਤੀ। ਉਨ੍ਹਾਂ ਨੇ ਉੱਥੇ ਮੌਜੂਦ ਸਿੱਖ ਭਾਈਚਾਰੇ ਦੇ ਮੈਂਬਰਾਂ ਨਾਲ ਸੰਖੇਪ ਗੱਲਬਾਤ ਵੀ ਕੀਤੀ।

# ਪੈਟ੍ਰੋਲ 'ਤੇ 14 ਅਤੇ ਡੀਜ਼ਲ 'ਤੇ 18 ਰੁਪਏ ਦਾ ਨੁਕਸਾਨ



**ਨਵੀਂ ਦਿੱਲੀ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਏਸ਼ੀਆ ਸੰਕਟ ਦਰਮਿਆਨ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਆਉਣ ਦੇ ਬਾਵਜੂਦ ਪੈਟਰੋਲੀਅਮ ਉਤਪਾਦਾਂ ਦੀਆਂ ਪਰਚੂਨ ਕੀਮਤਾਂ ਸਥਿਰ ਰਹਿਣ ਕਾਰਨ ਤੇਲ ਮਾਰਕੀਟਿੰਗ ਕੰਪਨੀਆਂ ਨੂੰ ਪੈਟਰੋਲ ਅਤੇ ਡੀਜ਼ਲ ਦੀ ਵਿਕਰੀ 'ਤੇ ਕ੍ਰਮਵਾਰ 14 ਅਤੇ 18 ਰੁਪਏ ਪ੍ਰਤੀ ਲਿਟਰ ਦਾ ਨੁਕਸਾਨ ਝੱਲਣਾ ਪੈ ਰਿਹਾ ਹੈ। ਰਿਪੋਰਟ ਮੁਤਾਬਕ ਪੈਟਰੋਲ-ਡੀਜ਼ਲ ਤੋਂ ਇਲਾਵਾ ਰਸੋਈ ਗੈਸ 'ਤੇ ਵੀ ਭਾਰੀ ਨੁਕਸਾਨ ਹੋਣ ਦਾ ਖ਼ਦਸ਼ਾ ਹੈ, ਜੋ ਵਿੱਤੀ ਸਾਲ 2026-27 ਵਿੱਚ ਕਰੀਬ 80,000 ਕਰੋੜ ਰੁਪਏ ਤੱਕ ਪਹੁੰਚ ਸਕਦਾ ਹੈ। ਰੇਟਿੰਗ ਏਜੰਸੀ ਇਕਰਾ ਨੇ ਕਿਹਾ ਕਿ ਜੇ ਕੱਚੇ ਤੇਲ ਦੀ ਕੀਮਤ 120-125 ਡਾਲਰ ਪ੍ਰਤੀ ਬੈਰਲ ਦੇ ਪੱਧਰ 'ਤੇ ਰਹਿੰਦੀ ਹੈ, ਤਾਂ ਪੈਟਰੋਲੀਅਮ ਕੰਪਨੀਆਂ ਦਾ ਮਾਰਕੀਟਿੰਗ ਮਾਰਜਿਨ ਅੱਗੇ ਵੀ ਨਾਂਹ-ਪੱਖੀ ਬਣਿਆ ਰਹੇਗਾ, ਜਿਸ ਨਾਲ ਕੰਪਨੀਆਂ ਦੀ ਮੁਨਾਫ਼ਾ ਕਮਾਉਣ ਦੀ ਸਮਰੱਥਾ ਪ੍ਰਭਾਵਿਤ ਹੋ ਰਹੀ ਹੈ।

ਇਕਰਾ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਸ਼ਾਂਤ ਵਸ਼ਿਸ਼ਟ ਨੇ ਕਿਹਾ, "ਕੱਚੇ ਤੇਲ ਦੀਆਂ ਵੱਧ ਕੀਮਤਾਂ ਦੇ ਬਾਵਜੂਦ ਵਾਹਨਾਂ ਦੇ ਤੇਲ ਦੀਆਂ ਕੀਮਤਾਂ ਵਿੱਚ ਸਥਿਰਤਾ ਨਾਲ ਪੈਟਰੋਲੀਅਮ ਕੰਪਨੀਆਂ ਦੇ ਮੁਨਾਫ਼ੇ 'ਤੇ ਅਸਰ ਪੈ ਰਿਹਾ ਹੈ।"

# ਹੁਣ ਦੁਰਗੇਸ਼ ਪਾਠਕ ਨੇ ਜੱਜ ਅੱਗੇ ਪੇਸ਼ ਹੋਣ ਤੋਂ ਨਾਂਹ ਕੀਤੀ

**ਨਵੀਂ ਦਿੱਲੀ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**




'ਆਪ' ਆਗੂਆਂ ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਿਸੋਦੀਆ ਮਗਰੋਂ ਹੁਣ ਪਾਰਟੀ ਆਗੂ ਦੁਰਗੇਸ਼ ਪਾਠਕ ਨੇ ਦਿੱਲੀ ਹਾਈ ਕੋਰਟ ਵਿੱਚ ਚੱਲ ਰਹੇ ਆਬਕਾਰੀ ਨੀਤੀ ਕੇਸ ਵਿੱਚ ਜਸਟਿਸ ਸਵਰਨਾ ਕਾਂਤਾ ਸ਼ਰਮਾ ਅੱਗੇ ਪੇਸ਼ ਹੋਣ ਤੋਂ ਨਾਂਹ ਕਰ ਦਿੱਤੀ ਹੈ। ਪਾਠਕ ਨੇ ਮਹਿਲਾ ਜੱਜ ਨੂੰ ਲਿਖੇ ਪੱਤਰ ਵਿੱਚ ਕਿਹਾ ਕਿ ਉਹ ਕੇਜਰੀਵਾਲ ਤੇ ਸਿਸੋਦੀਆ ਵੱਲੋਂ ਜਤਾਏ ਖ਼ਦਸ਼ਿਆਂ ਨਾਲ ਇਤਫ਼ਾਕ ਰੱਖਦੇ ਹਨ, ਜਿਸ ਕਰ ਕੇ ਉਹ ਕੋਰਟ ਵਿੱਚ ਨਿੱਜੀ ਤੌਰ ਉੱਤੇ ਜਾਂ ਫਿਰ ਆਪਣੇ ਵਕੀਲ ਰਾਹੀਂ ਨਹੀਂ ਪੇਸ਼ ਹੋਣਗੇ। ਸੀ ਬੀ ਆਈ ਨੇ ਸ਼ਰਾਬ ਆਬਕਾਰੀ ਨੀਤੀ ਕੇਸ ਵਿੱਚ ਪਾਠਕ, ਸਿਸੋਦੀਆ ਤੇ ਕੇਜਰੀਵਾਲ ਨੂੰ ਬਰੀ ਕਰਨ ਦੇ ਟਰਾਇਲ ਕੋਰਟ ਦੇ ਫ਼ੈਸਲੇ ਨੂੰ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਹੈ। ਇਸ ਦੌਰਾਨ ਦਿੱਲੀ ਹਾਈ ਕੋਰਟ ਨੇ ਕਿਹਾ ਕਿ ਉਹ ਇਸ ਮਾਮਲੇ ਉੱਤੇ 4 ਮਈ ਨੂੰ ਸੁਣਵਾਈ ਕਰੇਗੀ। ਆਪ ਆਗੂ ਭਾਵੇਂ ਸੁਣਵਾਈ ਦਾ ਬਾਈਕਾਟ ਕਰ ਚੁੱਕੇ ਹਨ, ਪਰ ਜੱਜ ਨੇ ਉਨ੍ਹਾਂ ਨੂੰ ਆਪਣੇ ਜਵਾਬ ਦਾਅਵੇ ਦਾਖ਼ਲ ਕਰਨ ਦਾ ਇਕ ਆਖ਼ਰੀ ਮੌਕਾ ਦਿੱਤਾ ਹੈ। ਪਾਠਕ ਨੇ ਪੱਤਰ ਵਿੱਚ ਕਿਹਾ, "ਮੌਜੂਦਾ ਚਿੱਠੀ ਪੱਤਰ ਉਪਰੋਕਤ ਜ਼ਿਕਰ ਵਾਲੀ ਸੋਧ ਪਟੀਸ਼ਨ ਨਾਲ ਸਬੰਧਤ ਹੈ, ਜੋ ਇਸ ਸਮੇਂ ਅਦਾਲਤ ਦੇ ਵਿਚਾਰ ਅਧੀਨ ਹੈ।"

# ਖਾਲਿਸਤਾਨ ਐਲਾਨਨਾਮੇ ਦੀ 40ਵੀਂ ਵਰੇਗੰਢ ਮੌਕੇ ਵੱਖ-ਵੱਖ ਜਥੇਬੰਦਆਂ ਵੱਲੋਂ ਮਾਰਚ

**ਅੰਮ੍ਰਿਤਸਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਖਾਲਿਸਤਾਨ ਐਲਾਨਨਾਮੇ ਦੀ 40ਵੀਂ ਵਰੇਗੰਢ ਮੌਕੇ ਅੱਜ ਵੱਖ-ਵੱਖ ਸਿੱਖ ਜਥੇਬੰਦੀਆਂ ਵੱਲੋਂ ਇਸ ਸਬੰਧ ਵਿੱਚ ਮਾਰਚ ਕੀਤਾ ਗਿਆ ਅਤੇ ਇਸ ਮੁਹਿੰਮ ਨੂੰ ਜਾਰੀ ਰੱਖਣ ਦੀ ਸ੍ਰੀ ਅਕਾਲ ਤਖ਼ਤ 'ਤੇ ਅਰਦਾਸ ਕੀਤੀ ਗਈ ਹੈ। ਇਸ ਵਰੇਗੰਢ ਪ੍ਰੋਗਰਾਮ ਵਿੱਚ ਦਲ ਖਾਲਸਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਮਾਨ ਦਲ), ਹਵਾਰਾ ਕਮੇਟੀ ਅਤੇ ਪੰਚ ਪ੍ਰਧਾਨੀ ਜਥੇਬੰਦੀਆਂ ਸ਼ਾਮਿਲ ਸਨ।

ਇਸ ਸਬੰਧ ਵਿੱਚ ਮਾਰਚ ਦੀ ਸ਼ੁਰੂਆਤ ਗੁਰਦੁਆਰਾ ਬੁਰਜ ਅਕਾਲੀ ਫੂਲਾ ਸਿੰਘ ਤੋਂ ਕੀਤੀ ਗਈ ਅਤੇ ਸ੍ਰੀ ਅਕਾਲ ਤਖ਼ਤ ਤੱਕ ਮਾਰਚ ਕੀਤਾ ਗਿਆ।

ਉਪਰੰਤ ਸ੍ਰੀ ਅਕਾਲ ਤਖ਼ਤ ਵਿਖੇ ਅਰਦਾਸ ਕੀਤੀ ਗਈ ਅਤੇ ਸਕੱਤਰੇਤ ਦੇ ਬਾਹਰ ਖਾਲਿਸਤਾਨ ਐਲਾਨਨਾਮੇ ਸਬੰਧੀ ਨੀਤੀ ਦਸਤਾਵੇਜ਼ ਜਾਰੀ ਕੀਤਾ ਗਿਆ।




ਇਸ ਮੌਕੇ ਦਲ ਖਾਲਸਾ ਦੇ ਕੰਵਰਪਾਲ ਸਿੰਘ, ਪਰਮਜੀਤ ਸਿੰਘ ਮੰਡ, ਮਾਨ ਦਲ ਦੇ ਮੁਖੀ ਸਿਮਰਨਜੀਤ ਸਿੰਘ ਮਾਨ, ਹਵਾਰਾ ਕਮੇਟੀ ਤੋਂ ਪ੍ਰੋਫੈਸਰ ਬਲਜਿੰਦਰ ਸਿੰਘ ਅਤੇ ਪੰਚ ਪ੍ਰਧਾਨੀ ਜਥੇ ਤੋਂ ਭਾਈ ਦਲਜੀਤ ਸਿੰਘ ਬਿੱਟੂ ਸਮੇਤ ਹੋਰ ਆਗੂ ਸ਼ਾਮਿਲ ਸਨ।

ਮਾਰਚ ਵਿੱਚ ਸ਼ਾਮਿਲ ਕਾਰਕੁੰਨਾ ਨੇ ਖਾਲਿਸਤਾਨੀ ਝੰਡੇ ਚੁੱਕੇ ਹੋਏ ਸਨ । ਇਸ ਸਬੰਧ ਜਾਣਕਾਰੀ ਦਿੰਦਿਆਂ ਦਲ ਖਾਲਸਾ ਦੇ ਕੰਵਰਪਾਲ ਸਿੰਘ ਨੇ ਆਖਿਆ ਕਿ ਇਸ ਮੁਹਿੰਮ ਨੂੰ ਜਾਰੀ ਰੱਖਿਆ ਜਾਵੇਗਾ ।

# 'ਮੁੱਖ ਮੰਤਰੀ ਸਿਹਤ ਯੋਜਨਾ' ਹੇਠ ਨਕਦ-ਰਹਿਤ ਇਲਾਜ, ਨਿਊਰੋਲੋਜੀਕਲ ਐਮਰਜੈਂਸੀ ਦੌਰਾਨ ਤੁਰੰਤ ਸਿਹਤ ਸਹੂਲਤਾਂ ਬਣਾ ਰਿਹੈ ਯਕੀਨੀ; ਜਿੱਥੇ ਜੀਵਨ ਬਚਾਉਣ ਲਈ ਮਿੰਟ-ਮਿੰਟ ਹੁੰਦੇ ਸਹਾਈ

## ਸਰਕਾਰ ਨੇ ਜੀਵਨ-ਰੱਖਿਅਕ ਇਲਾਜ ਲਈ ਆਰਥਿਕ ਰੁਕਾਵਟਾਂ ਦੂਰ ਕੀਤੀਆਂ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਸਿਹਤ ਪ੍ਰਣਾਲੀ ਦੇ ਜ਼ਮੀਨੀ ਪੱਧਰ 'ਤੇ ਸਾਕਾਰਾਤਮਕ ਅਤੇ ਜੀਵਨ-ਰੱਖਿਅਕ ਨਤੀਜੇ ਸਾਹਮਣੇ ਆ ਰਹੇ ਹਨ। ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਫੈਸਲਾਕੁੰਨ ਕਦਮ ਸਾਬਿਤ ਹੋ ਰਹੀ ਹੈ। ਜਿਸ ਤਹਿਤ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹੁਣ ਆਰਥਿਕ ਤੰਗੀ ਕਿਸੇ ਵੀ ਮਰੀਜ਼ ਦੇ ਇਲਾਜ ਦਰਮਿਆਨ ਰੁਕਾਵਟ ਨਾ ਬਣੇ।

ਹੁਸ਼ਿਆਰਪੁਰ ਦਾ ਇੱਕ ਹਾਲੀਆ ਮਾਮਲਾ ਇਸ ਬਦਲਾਅ ਨੂੰ ਦੀ ਪ੍ਰਤੱਖ ਸਬੂਤ ਹੈ। ਸੰਦੀਪ ਸਿੰਘ, ਜਿਸਨੂੰ ਤੀਵਰ ਇਸਕੀਮਿਕ ਸਟਰੋਕ ਹੋਇਆ ਸੀ, ਨੂੰ ਏਮਸ ਬਠਿੰਡਾ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸਦਾ 32,300 ਰੁਪਏ ਦਾ ਇਲਾਜ ਪੂਰੀ ਤਰ੍ਹਾਂ ਯੋਜਨਾ ਹੇਠ ਕਵਰ ਕੀਤਾ ਗਿਆ। ਉਸਦੇ ਪਿਤਾ ਜਗਜੀਤ ਸਿੰਘ ਨੇ ਕਿਹਾ, ਖੁਸ਼ਕਿਸਮਤੀ ਨਾਲ ਅਸੀਂ ਪਹਿਲਾਂ ਹੀ ਸਿਹਤ ਕਾਰਡ ਬਣਵਾ ਲਿਆ ਸੀ। ਇਸ ਨਾਲ ਇਲਾਜ ਦਾ ਸਾਰਾ ਖਰਚਾ ਕਵਰ ਹੋ ਗਿਆ। ਇਹ ਮਾਮਲਾ ਦਰਸਾਉਂਦਾ ਹੈ ਕਿ ਭਗਵੰਤ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਕਿਸ ਤਰ੍ਹਾਂ ਮੈਡੀਕਲ ਐਮਰਜੈਂਸੀ ਦੌਰਾਨ ਪਰਿਵਾਰਾਂ ਨੂੰ ਅਣ-ਕਿਆਸੇ ਆਰਥਿਕ ਬੋਝ ਤੋਂ ਬਚਾ ਰਹੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਜ਼ਬੂਤ ਸਿਹਤ ਪ੍ਰਣਾਲੀ ਦੇ ਸੁਪਨੇ ਤੋਂ ਪ੍ਰੇਰਿਤ ਹੋ ਕੇ, 'ਮੁੱਖ ਮੰਤਰੀ ਸਿਹਤ ਯੋਜਨਾ' ਹੇਠ ਹੁਣ ਤੱਕ 40 ਲੱਖ ਤੋਂ ਵੱਧ ਲੋਕਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਇਹ ਯੋਜਨਾ ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦਾ ਨਕਦ-ਰਹਿਤ ਇਲਾਜ ਪ੍ਰਦਾਨ ਕਰਦੀ ਹੈ, ਜਿਸ ਵਿੱਚ ਸਟ੍ਰੋਕ, ਸਿਰ ਦੀ ਸੱਟ, ਦੌਰੇ ਅਤੇ ਰੀੜ੍ਹ ਦੀ ਹੱਡੀ ਦੀ ਚੋਟ ਵਰਗੀਆਂ ਗੰਭੀਰ ਨਿਊਰੋਲੋਜੀਕਲ ਸਥਿਤੀਆਂ ਸ਼ਾਮਲ ਹਨ। ਉੱਚ ਪੱਧਰੀ ਮੈਡੀਕਲ ਸੇਵਾਵਾਂ ਤੱਕ ਪਹੁੰਚ ਵਧਾ ਕੇ, ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਮਿਆਰੀ ਸਿਹਤ ਸੇਵਾ ਕਿਸੇ ਰਸੂਖ਼ਦਾਰ ਦਾ ਕੋਈ ਵਿਸ਼ੇਸ਼ ਅਧਿਕਾਰ ਨਹੀਂ ਸਗੋਂ ਪੰਜਾਬ ਦੇ ਹਰੇਕ ਨਾਗਰਿਕ ਦਾ ਹੱਕ ਬਣੇ।



ਪੰਜਾਬ ਭਰ ਦੇ ਮੈਡੀਕਲ ਮਾਹਿਰ ਮੰਨਦੇ ਹਨ ਕਿ ਉੱਚ ਰਕਤਚਾਪ (ਹਾਈਪਰਟੈਂਸ਼ਨ), ਡਾਇਬੀਟੀਜ਼ ਵਰਗੀਆਂ ਜੀਵਨਸ਼ੈਲੀ ਨਾਲ ਸਬੰਧਿਤ ਬੀਮਾਰੀਆਂ ਦੇ ਨਾਲ-ਨਾਲ ਸੜਕ ਹਾਦਸਿਆਂ ਅਤੇ ਵਧਦੀ ਉਮਰ ਵਾਲੀ ਆਬਾਦੀ ਕਾਰਨ ਨਿਊਰੋਲੋਜੀਕਲ ਐਮਰਜੈਂਸੀਆਂ ਦੇ ਮਾਮਲੇ ਵਧ ਰਹੇ ਹਨ। ਅਜਿਹੇ ਹਾਲਾਤਾਂ ਵਿੱਚ, ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਹੇਠ ਮਿਲ ਰਹੀ ਤੁਰੰਤ ਮੈਡੀਕਲ ਸਹਾਇਤਾ ਬਹੁਤ ਮਹੱਤਵਪੂਰਨ ਸਾਬਤ ਹੋ ਰਹੀ ਹੈ, ਖ਼ਾਸ ਕਰਕੇ ਸਟ੍ਰੋਕ ਦੇ ਮਾਮਲਿਆਂ ਵਿੱਚ, ਜਿੱਥੇ ਇੱਕ-ਇੱਕ ਮਿੰਟ ਜ਼ਿੰਦਗੀ ਅਤੇ ਮੌਤ ਤੈਅ ਕਰਦਾ ਹੈ।

ਰਾਜਿੰਦਰਾ ਹਸਪਤਾਲ ਵਿੱਚ ਡਾ. ਹਰੀਸ਼ ਕੁਮਾਰ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਦਾ ਨਕਦ-ਰਹਿਤ ਸਿਹਤ ਮਾਡਲ ਐਮਰਜੈਂਸੀ ਵਿੱਚ ਕੀਮਤੀ ਸਮਾਂ ਬਚਾ ਰਿਹਾ ਹੈ। ਉਨ੍ਹਾਂ ਕਿਹਾ, ਕਈ ਮਾਮਲਿਆਂ ਵਿੱਚ ਸਰਜਰੀ ਤੁਰੰਤ ਸ਼ੁਰੂ ਕਰ ਦਿੱਤੀ ਜਾਂਦੀ ਹੈ, ਜਦਕਿ ਕਾਗਜ਼ੀ ਕਾਰਵਾਈ ਬਾਅਦ ਵਿੱਚ ਪੂਰੀ ਕੀਤੀ ਜਾਂਦੀ ਹੈ। ਇਹ ਯਕੀਨੀ ਬਣਇਆ ਜਾਂਦਾ ਹੈ ਕਿ ਪੈਸਿਆਂ ਦੀ ਵਿਵਸਥਾ ਕਰਨ ਵਿੱਚ ਸਮਾਂ ਖ਼ਰਾਬ ਨਾ ਹੋਵੇ। ਇਹ ਬਦਲਾਅ ਇੱਕ ਅਜਿਹੇ ਪ੍ਰਸ਼ਾਸਨ ਮਾਡਲ ਨੂੰ ਦਰਸਾਉਂਦਾ ਹੈ ਜੋ ਪ੍ਰਕਿਰਿਆਤਮਕ ਦੇਰੀ ਦੀ ਬਜਾਏ ਮਨੁੱਖੀ ਜੀਵਨ ਨੂੰ ਤਰਜੀਹ ਦਿੰਦਾ ਹੈ।

ਲੁਧਿਆਣਾ ਦੇ ਡਾਕਟਰਾਂ ਨੇ ਵੀ ਮਰੀਜ਼ਾਂ ਦੇ ਵਿਵਹਾਰ ਵਿੱਚ ਬਦਲਾਅ ਦੀ ਪੁਸ਼ਟੀ ਕੀਤੀ ਹੈ, ਜਿਸਨੂੰ ਉਹ ਸਰਕਾਰੀ ਸਿਹਤ ਗਾਰੰਟੀ ਤੋਂ ਪੈਦਾ ਹੋਏ ਭਰੋਸੇ ਦਾ ਨਤੀਜਾ ਮੰਨਦੇ ਹਨ। ਡਾ. ਹਰਮਨ ਸੋਬਤੀ, ਸੀਨੀਅਰ ਕਨਸਲਟੈਂਟ ਨਿਊਰੋਸਰਜਨ ਅਤੇ ਸਪਾਈਨ ਸਰਜਨ, ਨੇ ਕਿਹਾ, ਅਚਾਨਕ ਕਮਜ਼ੋਰੀ, ਚਿਹਰੇ ਦਾ ਢਿੱਲਾ ਪੈ ਜਾਣਾ ਜਾਂ ਬੋਲਣ ਵਿੱਚ ਦਿੱਕਤ ਵਰਗੇ ਸ਼ੁਰੂਆਤੀ ਲੱਛਣਾਂ 'ਤੇ ਤੁਰੰਤ ਧਿਆਨ ਦੇਣਾ ਲਾਜ਼ਮੀ ਹੈ। ਜਲਦੀ ਹਸਪਤਾਲ ਪਹੁੰਚਣ ਨਾਲ ਇਲਾਜ ਦੇ ਸਾਕਾਰਾਤਮਕ ਨਤੀਜੇ ਮਿਲਦੇ ਹਨ। ਇਲਾਜ ਤੇ ਪੈਸਾ ਖਰਚਣ ਦੀ ਝਿਜਕ ਵਿੱਚ ਕਮੀ ਆਉਣ ਕਾਰਨ ਮਰੀਜ਼ ਸਮੇਂ 'ਤੇ ਇਲਾਜ ਲਈ ਅੱਗੇ ਆ ਰਹੇ ਹਨ, ਜੋ ਭਗਵੰਤ ਮਾਨ ਸਰਕਾਰ ਦੀ ਨੀਤੀ ਦਾ ਸਿੱਧਾ ਪ੍ਰਭਾਵ ਹੈ।

ਹਸਪਤਾਲਾਂ ਦੇ ਅੰਕੜੇ ਨਕਦ-ਰਹਿਤ ਨਿਊਰੋਸਰਜੀਕਲ ਦਾਖ਼ਲਿਆਂ ਵਿੱਚ ਲਗਾਤਾਰ ਵਾਧਾ ਦਰਸਾਉਂਦਾ ਹੈ, ਜੋ ਇਸ ਯੋਜਨਾ 'ਤੇ ਵਧਦੇ ਭਰੋਸੇ ਅਤੇ ਪੰਜਾਬ ਸਰਕਾਰ ਵੱਲੋਂ ਇਸਦੇ ਪ੍ਰਭਾਵੀ ਲਾਗੂਕਰਨ ਨੂੰ ਦਰਸਾਉਂਦਾ ਹੈ। ਹਾਲਾਂਕਿ ਵਿਸਥਾਰਤ ਡਾਟਾ ਹਾਲੇ ਜਨਤਕ ਤੌਰ 'ਤੇ ਉਪਲੱਬਧ ਨਹੀਂ ਹੈ, ਪਰ ਇਹ ਰੁਝਾਨ ਇਸਦੀ ਵਧਦੀ ਵਰਤੋਂ ਅਤੇ ਪ੍ਰਭਾਵ ਨੂੰ ਸਪੱਸ਼ਟ ਕਰਦਾ ਹੈ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕ-ਕੇਂਦ੍ਰਿਤ ਸਿਹਤ ਸੇਵਾਵਾਂ ਪ੍ਰਤੀ ਸਰਕਾਰ ਦੀ ਅਟੱਲ ਵਚਨਬੱਧਤਾ ਨੂੰ ਦੁਹਰਾਇਆ।

ਉਨ੍ਹਾਂ ਕਿਹਾ, ਹੁਣ ਪੈਸਿਆਂ ਦੀ ਕਮੀ ਕਾਰਨ ਕਿਸੇ ਵੀ ਮਰੀਜ਼ ਨੂੰ ਆਪਣੀ ਜਾਨ ਜਾਂ ਕੀਮਤੀ ਸਮਾਂ ਗੁਆਉਣ ਦੀ ਲੋੜ ਨਹੀਂ। ਇਸ ਨਾਲ ਭਗਵੰਤ ਮਾਨ ਸਰਕਾਰ ਵੱਲੋਂ ਸਭ ਲਈ ਆਸਾਨ ਅਤੇ ਸਮੇਂ-ਸਿਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਸੰਕਲਪ ਨੂੰ ਹੋਰ ਮਜ਼ਬੂਤੀ ਮਿਲਦੀ ਹੈ।

ਜਿੱਥੇ ਸਿਹਤ ਮਾਹਿਰ ਨਿਊਰੋਲੋਜੀਕਲ ਬੀਮਾਰੀਆਂ ਦੇ ਲੰਮੇ ਸਮੇਂ ਦੇ ਬੋਝ ਨੂੰ ਘਟਾਉਣ ਲਈ ਮਜ਼ਬੂਤ ਰੋਕਥਾਮੀ ਸੇਵਾਵਾਂ ਅਤੇ ਸਮੇਂ-ਸਿਰ ਪਛਾਣ ਦੀ ਲੋੜ 'ਤੇ ਜ਼ੋਰ ਦਿੰਦੇ ਹਨ, ਉੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਰੱਖੀ ਗਈ ਨੀਂਹ , ਤੰਦਰੁਸਤ ਅਤੇ ਸੁਰੱਖਿਅਤ ਪੰਜਾਬ ਵੱਲ ਇੱਕ ਫੈਸਲਾਕੁੰਨ ਕਦਮ ਹੈ; ਜਿੱਥੇ ਪ੍ਰਸ਼ਾਸਨ ਹਰ ਘਰ ਲਈ ਅਸਲ ਸੁਰੱਖਿਆ ਪ੍ਰਦਾਨ ਕਰਦਾ ਹੈ।

# ਜਸਬੀਰ ਸਿੰਘ ਪੱਟੀ ਬਣੇ ਇੰਡੀਅਨ ਜਰਨਲਿਸਟਸ ਐਸੋਸੀਏਸ਼ਨ ਦੇ ਮੀਤ ਪ੍ਰਧਾਨ



**ਅੰਮ੍ਰਿਤਸਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਪੰਜਾਬ ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਨੂੰ ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ ) ਦਾ ਰਾਸ਼ਟਰੀ ਮੀਤ ਪ੍ਰਧਾਨ ਅਤੇ ਜੰਮੂ ਕਸ਼ਮੀਰ, ਹਿਮਾਚਲ ਅਤੇ ਚੰਡੀਗੜ੍ਹ ਦਾ ਪ੍ਰਭਾਰੀ ਨਿਯੁਕਤ ਕੀਤਾ ਗਿਆ ਹੈ। ਇਹ ਜਾਣਕਾਰੀ ਇੰਡੀਅਨ ਜਰਨਲਿਸਟ ਯੂਨੀਅਨ (ਆਈ ਜੇ ਯੂ) ਦੇ ਰਾਸ਼ਟਰੀ ਪ੍ਰਧਾਨ ਕੇ ਬੀ ਪੰਡਿਤ ਨੇ ਇੱਕ ਪੱਤਰ ਜਾਰੀ ਕਰਕੇ ਦਿੱਤੀ।

ਕੇਬੀ ਪੰਡਿਤ ਨੇ ਕਿਹਾ ਕਿ ਜਸਬੀਰ ਸਿੰਘ ਪੱਟੀ ਪਿਛਲੇ 33 ਸਾਲਾਂ ਤੋਂ ਪੱਤਰਕਾਰਤਾ ਖੇਤਰ ਵਿੱਚ ਸੇਵਾ ਕਰ ਰਹੇ ਹਨ ਅਤੇ ਉਹਨਾਂ ਨੇ ਪੱਤਰਕਾਰਤਾ ਦੇ ਖੇਤਰ ਵਿੱਚ ਵੱਡਾ ਨਾਮ ਕਮਾਇਆ ਹੈ। ਉਨਾਂ ਨੇ ਪੱਤਰਕਾਰਾਂ ਦੀਆਂ ਮੁਸ਼ਕਲਾਂ ਨੂੰ ਹਰ ਪੱਧਰ ਤੇ ਮਜਬੂਤੀ ਨਾਲ ਚੁੱਕਿਆ ਹੈ ਅਤੇ ਪੱਤਰਕਾਰਾਂ ਦੇ ਲਈ ਸੰਘਰਸ਼ ਕਰਦੇ ਹੋਏ ਕਈ ਵਾਰ ਉਹਨਾਂ ਨੂੰ ਪੁਲਿਸ ਦੇ ਅੱਤਿਆਚਾਰ ਦਾ ਸਾਹਮਣਾ ਵੀ ਕਰਨਾ ਪਿਆ। ਆਈ ਜੇ ਯੂ ਨੇ ਜਸਬੀਰ ਸਿੰਘ ਪੱਟੀ ਦੀਆਂ ਪੱਤਰਕਾਰਤਾ ਖੇਤਰ ਵਿੱਚ ਸੇਵਾਵਾਂ ਨੂੰ ਵੇਖਦੇ ਹੋਏ ਉਹਨਾਂ ਨੂੰ ਰਾਸ਼ਟਰੀ ਮੀਤ ਪ੍ਰਧਾਨ ਦੀ ਜਿੰਮੇਵਾਰੀ ਸੌਂਪੀ ਹੈ। ਕੇ ਬੀ ਪੰਤ ਨੇ ਅੱਗੇ ਕਿਹਾ ਕਿ ਸਾਨੂੰ ਪੂਰਨ ਵਿਸ਼ਵਾਸ ਹੈ ਕਿ ਜਸਬੀਰ ਸਿੰਘ ਪੱਟੀ ਆਉਣ ਵਾਲੇ ਸਮੇਂ ਦੇ ਵਿੱਚ ਯੂਨੀਅਨ ਦਾ ਤਨ ਮਨ ਧਨ ਦੇ ਨਾਲ ਸਾਥ ਦੇਣਗੇ ਅਤੇ ਪਹਿਲਾਂ ਵਾਂਗ ਪੱਤਰਕਾਰਾਂ ਦੀ ਆਵਾਜ਼ ਬਣਦੇ ਰਹਿਣਗੇ ਅਤੇ ਪੱਤਰਕਾਰਾਂ ਦੇ ਨਾਲ ਹੋਣ ਵਾਲੀ ਕਿਸੇ ਵੀ ਧੱਕੇਸ਼ਾਹੀ ਦਾ ਮੂੰਹ ਤੋੜਵਾਂ ਜਵਾਬ ਦੇਣ ਲਈ ਹਮੇਸ਼ਾ ਅੱਗੇ ਰਹਿਣਗੇ।

# ਡੇਅਰੀ ਫਾਰਮਰਜ਼ ਨੇ 1 ਮਈ ਤੋਂ ਦੁੱਧ ਦੀਆਂ ਕੀਮਤਾਂ ਪੰਜ ਰੁਪਏ ਪ੍ਰਤੀ ਲੀਟਰ ਵਧਾਉਣ ਦਾ ਕੀਤਾ ਐਲਾਨ

**ਮਲੇਰਕੋਟਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡੇਅਰੀ ਫਾਰਮਿੰਗ ਐਸੋਸੀਏਸ਼ਨ ਮਾਲੇਰਕੋਟਲਾ ਦੀ ਇੱਕ ਅਹਿਮ ਮੀਟਿੰਗ ਅੱਜ ਇਥੇ ਜਥੇਬੰਦੀ ਦੇ ਪ੍ਰਧਾਨ ਮੁਹੰਮਦ ਅਸਲਮ ਅੱਛੂ ਦੀ ਪ੍ਰਧਾਨਗੀ ਹੇਠ ਹੋਈ। ਜਿਸ 'ਚ ਜਥੇਬੰਦੀ ਦੇ ਪ੍ਰਮੁੱਖ ਪਤਵੰਤਿਆਂ ਹਾਜੀ ਬੁੰਦੂ, ਹਾਜੀ ਬਾਬੂ, ਮੁਹੰਮਦ ਅਸਲਮ ਬਿੱਟੂ, ਕਾਕਾ ਮੀਨਾ, ਅੰਜੂ, ਬਾਬੂ ਮੁਸਤਫਾ, ਬੁੰਦੂ, ਪੱਪੂ ਇਕਬਾਲ, ਮੁਹੰਮਦ ਯਾਮੀਨ ਸਾਨ੍ਹੀ ਸਮੇਤ ਹੋਰ ਮੈਂਬਰਾਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਮੀਟਿੰਗ 'ਚ ਡੇਅਰੀ ਫਾਰਮਰਾਂ ਨੂੰ ਪੇਸ਼ ਆਉਂਦੀਆਂ ਸਮੱਸਿਆਵਾਂ ਦੇ ਹੱਲ ਬਾਰੇ ਖੁੱਲ੍ਹ ਕੇ ਚਰਚਾ ਕਰਨ ਉਪਰੰਤ ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦੇ ਹੋਏ ਪ੍ਰਧਾਨ ਅਸਲਮ ਅੱਛੂ ਨੇ ਕਿਹਾ ਕਿ ਪਸ਼ੂਆਂ ਦਾ ਚਾਰਾ ਤੂੜੀ, ਕਣਕ, ਖਲ ਤੇ ਹਰਾ ਚਾਰਾ ਜਿਥੇ ਬਹੁਤ ਜ਼ਿਆਦਾ ਮਹਿੰਗਾ ਹੋ ਗਿਆ ਹੈ ਉਥੇ ਮਹਿੰਗਾਈ ਨੂੰ ਮੱਦੇਨਜ਼ਰ ਰੱਖਦੇ ਹੋਏ ਪਸ਼ੂਆਂ ਦੀ ਸਾਂਭ-ਸੰਭਾਲ ਕਰਨ ਵਾਲੀ ਲੇਬਰ ਨੇ ਵੀ ਆਪਣੇ ਰੇਟ ਵਧਾ ਦਿੱਤੇ ਹਨ। ਦੁੱਧ ਦੀ ਪੈਦਾਵਾਰ 'ਤੇ ਖਰਚੇ ਬਹੁਤ ਜ਼ਿਆਦਾ ਹੋਣ ਕਾਰਨ ਡੇਅਰੀ ਫਾਰਮਰਜ਼ ਘਾਟੇ ਵੱਲ ਜਾ ਰਹੇ ਹਨ। ਮੌਜੂਦਾ ਬਣੇ ਇਨ੍ਹਾਂ ਹਲਾਤਾਂ 'ਤੇ ਗੌਰ ਕਰਦੇ ਹੋਏ ਡੇਅਰੀ ਫਾਰਮਰਾਂ ਦੀ ਜਥੇਬੰਦੀ ਨੇ ਮੀਟਿੰਗ 'ਚ ਸਰਵਸੰਮਤੀ ਨਾਲ ਫੈਸਲਾ ਕਰਦਿਆਂ ਐਲਾਨ ਕੀਤਾ ਹੈ ਕਿ 01 ਮਈ 2026 ਤੋਂ ਦੁੱਧ ਦੀਆਂ ਕੀਮਤਾਂ ਵਧਾਉਂਦੇ ਹੋਏ ਪੰਜ ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਜਾਵੇਗਾ।

ਇਸ ਫੈਸਲੇ ਨੂੰ ਸਮੂਹ ਹਾਜ਼ਰ ਫਾਰਮਰਜ਼ ਨੇ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੱਤੀ।

ਆਗੂਆਂ ਨੇ ਕੌਮਾਂਤਰੀ ਪੱਧਰ 'ਤੇ ਚੱਲ ਰਹੀਆਂ ਜੰਗਾਂ ਕਾਰਨ ਸਪਲਾਈ ਚੇਨ 'ਤੇ ਪਏ ਮਾੜੇ ਪ੍ਰਭਾਵ ਨੂੰ ਵੀ ਕਾਰੋਬਾਰ ਲਈ ਵੱਡੀ ਚੁਣੌਤੀ ਦੱਸਿਆ। ਉਨ੍ਹਾਂ ਦੱਸਿਆ ਕਿ ਮੌਜੂਦਾ ਹਾਲਾਤ 'ਚ ਡੇਅਰੀ ਚਲਾਉਣੀ ਬੇਹੱਦ ਮੁਸ਼ਕਲ ਹੋ ਗਈ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮਜਬੂਰੀ ਨੂੰ ਸਮਝਣ ਅਤੇ ਸਹਿਯੋਗ ਦੇਣ।

# ਜੋਤੀਬਾ ਫੂਲੇ ਸਮਾਜ ਸੇਵਾ ਦੇ ਨਾਇਕ, ਬਾਬਾ ਸਾਹੇਬ ਦੇ ਜੀਵਨ ਤੋਂ ਲੈਣ ਮੁਸ਼ਕਲ ਪਰਿਸਥਿਤੀਆਂ ਵਿੱਚ ਵੀ ਸਫਲਤਾ ਦੀ ਸੀਖ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਬਾਬਾ ਸਾਹੇਬ ਡਾ. ਭੀਮਰਾਓ ਅੰਬੇਦਕਰ ਅਤੇ ਮਹਾਤਮਾ-ਜੋਤੀਬਾ ਫੂਲੇ ਦੇ ਵਿਚਾਰਾਂ ਨੂੰ ਅੱਗੇ ਵਧਾਉਣ ਲਈ ਕ੍ਰਿਤਸੰਕਲਪ ਹੈ। ਇਸ ਲਈ ਸਾਨੂੰ ਬਾਬਾ ਸਾਹੇਬ ਦੇ ਜੀਵਨ ਤੋਂ ਮੁਸ਼ਕਲ ਪਰਿਸਥਿਤੀਆਂ ਵਿੱਚ ਵੀ ਸਫਲਤਾ ਦੀ ਸਿੱਖ ਲੈਣੀ ਅਤੇ ਜੋਤੀਬਾ ਫੂਲੇ ਦੇ ਜੀਵਨ ਨਾਲ ਸਮਾਜ ਸੇਵਾ ਦੀ ਪ੍ਰੇਰਣਾ ਲੈਣੀ ਚਾਹੀਦੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਹਰਿਆਣਾ ਸਿਵਲ ਸਕੱਤਰੇਤ ਪਰਿਸਰ ਵਿੱਚ ਕਰਮਚਾਰੀ ਅਤੇ ਅਧਿਕਾਰੀ ਸੰਗਠਨਾਂ ਵੱਲੋਂ ਆਯੋਜਿਤ ਜੋਤੀਬਾ ਫੂਲੇ ਅਤੇ ਬਾਬਾ ਸਾਹੇਬ ਡਾ. ਭੀਮਰਾਓ ਅੰਬੇਦਕਰ ਜੈਯੰਤੀ ਸਮਾਰੋਹ ਨੂੰ ਸੰਬੋਧਿਤ ਕਰ ਰਹੇ ਸਨ।

ਮੁੱਖ ਮੰਤਰੀ ਨੇ ਕਿਹਾ ਕਿ ਇੰਨ੍ਹਾਂ ਦੋਨੋਂ ਮਹਾਪੁਰਸ਼ਾਂ ਦੇ ਦਿਖਾਏ ਰਸਤੇ 'ਤੇ ਚਲਦੇ ਹੋਏ ਪ੍ਰਧਾਨ ਮੰਤਰੀ ਦੇ ਮਾਰਗਦਰਸ਼ਨ ਵਿੱਚ ਹਰਿਆਣਾ ਵਿੱਚ ਡਬਲ ਇੰਜਨ ਸਰਕਾਰ ਨੇ ਸਮਾਜ ਦੇ ਹਰ ਵਰਗ ਦੇ ਉਥਾਨ ਲਈ ਅਨੇਕ ਯੋਜਨਾਵਾਂ ਅਤੇ ਨੀਤੀਆਂ ਲਾਗੂ ਕਰ ਗਰੀਬ ਵਿਅਕਤੀ ਦੇ ਉਥਾਨ ਲਈ ਕੰਮ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਾਨੂੰ ਇੰਨ੍ਹਾਂ ਮਹਾਨ ਵਿਭੂਤੀਆਂ ਦੇ ਵਿਚਾਰਾਂ ਨੂੰ ਸਿਰਫ ਕਿਤਾਬਾਂ ਤੱਕ ਸੀਮਤ ਨਹੀਂ ਰੱਖਣਾ, ਸਗੋ ਉਨ੍ਹਾਂ ਨੂੰ ਆਪਣੇ ਵਿਵਹਾਰ ਅਤੇ ਨੀਤੀਆਂ ਵਿੱਚ ਵੀ ਉਤਾਰ ਕੇ ਸਿਖਿਆ ਵਿੱਚ ਅਸਮਾਨਤਾ, ਸਮਾਜਿਕ ਭੇਦਭਾਵ ਅਤੇ ਆਰਥਕ ਵਿਸ਼ਮਤਾ ਵਰਗੀ ਸਮਾਜਿਕ ਚਨੌਤੀਆਂ ਦਾ ਸਾਹਮਣਾ ਕਰਨਾ ਹੈ। ਇੰਨ੍ਹਾ ਸਾਰਿਆਂ ਦਾ ਹੱਲ ਸਾਨੂੰ ਇੰਨੀ ਮਹਾਪੁਰਸ਼ਾਂ ਦੇ ਦਿਖਾਏ ਮਾਰਗ 'ਤੇ ਚੱਲਣ ਨਾਲ ਹੀ ਮਿਲੇਗਾ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਦੋਨੋਂ ਮਹਾਪੁਰਸ਼ਾਂ ਦੇ ਕੰਮ ਅਤੇ ਵਿਚਾਰ 'ਤੇ ਜਦੋਂ ਵੀ ਮੰਥਨ ਕਰਨਗੇ ਤਾਂ ਪਾਵਾਂਗੇ ਕਿ ਮਹਾਤਮਾ ਫੂਲੇ ਜੋ ਕੰਮ ਅਧੂਰਾ ਛੱਡ ਗਏ ਸਨ, ਉਨ੍ਹਾਂ ਨੂੰ ਡਾ. ਅੰਬੇਦਕਰ ਨੇ ਨਾ ਸਿਰਫ ਅੱਗੇ ਵਧਾਇਆ, ਸਗੋ ਸੰਵਿਧਾਨ ਵਿੱਚ ਪ੍ਰਾਵਧਾਨ ਕਰ ਕੇ ਉਸ ਨੂੰ ਅੰਜਾਮ ਤੱਕ ਪਹੁੰਚਾਇਆ। ਇਸ ਤਰ੍ਹਾ ਇਹ ਦੋਨੋਂ ਮਹਾਪੁਰਸ਼ ਇੱਕ ਹੀ ਸਮਾਜਿਕ ਚੇਤਨਾ ਦੀ ਦੋ ਕੜੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਮਹਾਤਮਾ ਜੋਤੀਬਾ ਫੂਲੇ ਅਤੇ ਭਾਰਤ ਰਤਨ ਬਾਬਾ ਸਾਹੇਬ ਡਾ. ਭੀਮਰਾਓ ਅੰਬੇਦਕਰ ਨੇ ਆਪਣੇ ਸੰਪੂਰਣ ਜੀਵਨ ਸਮਾਜ ਦੇ ਉਸ ਵਰਗ ਦੇ ਉਥਾਨ ਵਿੱਚ ਲਗਾਇਆ, ਜਿਸ ਨੂੰ ਸਦੀਆਂ ਤੱਕ ਵਾਂਝਾ ਰੱਖਿਆ ਗਿਆ। ਇਸ ਲਈ ਇੰਨ੍ਹਾਂ ਦੋਨਾਂ ਨੂੰ ਹੀ ਦੱਬੇ-ਕੁਚਲੇ ਅਵਾਮ ਦੀ ਆਵਾਜ਼ ਕਿਹਾ ਜਾਂਦਾ ਹੈ। ਮਹਾਤਮਾ ਜੋਤੀਬਾ ਫੂਲੇ ਜੀ ਨੇ 19ਵੀਂ ਸ਼ਤਾਬਦੀ ਵਿੱਚ ਛੁਆਂਛੂਤ, ਅਗਿਆਨਤਾ ਅਤੇ ਅੰਧਵਿਸ਼ਵਾਸ ਦਾ ਹਨੇਰਾ ਮਿਟਾਉਣ ਲਈ ਸਿਖਿਆ ਨੂੰ ਸੱਭ ਤੋਂ ਵੱਡਾ ਹਥਿਆਰ ਬਣਾਇਆ।

ਉਨ੍ਹਾਂ ਨੇ ਨਾ ਸਿਰਫ ਖੁਦ ਸਿਖਿਅਤ ਹੋਣ ਦਾ ਮਾਰਗ ਅਪਣਾਇਆ, ਸਗੋ ਸਮਾਜ ਵਿੱਚ ਮਹਿਲਵਾਂ ਅਤੇ ਵਾਂਝੇ ਵਰਗ ਨੂੰ ਵੀ ਸਿਖਿਆ ਨਾਲ ਜੋੜਨ ਦਾ ਮਹਾਨ ਕੰਮ ਕੀਤਾ। ਜੋਤੀਬਾ ਫੂਲੇ ਨੇ ਆਪਣੀ ਪਤਨੀ ਸ੍ਰੀਮਤੀ ਸਾਵਿਤਰੀਬਾਈ ਫੂਲੇ ਦੇ ਨਾਲ ਮਿਲ ਕੇ ਭਾਰਤ ਦਾ ਪਹਿਲਾ ਬਾਲਿਕਾ ਸਕੂਲ ਸ਼ੁਰੂ ਕੀਤਾ, ਜੋ ਉਸ ਸਮੇਂ ਇੱਕ ਕ੍ਰਾਂਤੀਕਾਰੀ ਕਦਮ ਸੀ।



ਮੁੱਖ ਮੰਤਰੀ ਨੇ ਕਿਹਾ ਕਿ ਇਸੀ ਤਰ੍ਹਾ ਬਾਬਾ ਸਾਹੇਬ ਡਾ. ਭੀਮਰਾਓ ਅੰਬੇਦਕਰ ਨੇ ਸਿਖਿਆ, ਸਮਾਨਤਾ ਅਤੇ ਨਿਆਂ ਨੂੰ ਆਪਣੇ ਜੀਵਨ ਦਾ ਮੂਲ ਮੰਤਰ ਬਣਾਇਆ। ਉਨ੍ਹਾਂ ਨੇ ਸਿਖਿਆ ਬਣੋ, ਸੰਗਠਤ ਰਹੋ ਅਤੇ ਸੰਘਰਸ਼ ਕਰੋ ਦਾ ਨਾਰਾ ਦਿੱਤਾ। ਇਹ ਸਿਰਫ ਇੱਕ ਨਾਰਾ ਨਹੀਂ, ਸਗੋ ਸਮਾਜਿਕ ਬਦਲਾਅ ਦਾ ਉਦਘੋਸ਼ ਸੀ। ਬਾਬਾ ਸਾਹੇਬ ਨੇ ਆਪਣੇ ਜੀਵਨ ਵਿੱਚ ਅਨੇਕ ਮੁਸ਼ਕਲਾਂ ਦਾ ਸਾਹਮਣਾ ਕੀਤਾ, ਪਰ ਕਦੀ ਵੀ ਆਪਣੇ ਉਦੇਸ਼ ਤੋਂ ਭਟਕੇ ਨਹੀਂ। ਉਨ੍ਹਾਂ ਨੇ ਭਾਰਤ ਦੇ ਸੰਵਿਧਾਨ ਦਾ ਨਿਰਮਾਣ ਕਰ ਦੇਸ਼ ਨੂੰ ਇੱਕ ਮਜਬੂਤ ਲੋਕਤਾਂਤਰਿਕ ਢਾਂਚਾ ਦਿੱਤਾ, ਜਿਸ ਵਿੱਚ ਹਰੇਕ ਨਾਗਰਿਕ ਨੂੰ ਸਮਾਨ ਅਧਿਕਾਰ ਅਤੇ ਸਮਾਨ ਮੌਕਾ ਯਕੀਨੀ ਕੀਤੇ ਗਏ।

ਮੁੱਖ ਮੰਤਰੀ ਨੇ ਕਿਹਾ ਕਿ ਮਹਾਤਮਾ ਫੂਲੇ ਅਤੇ ਬਾਬਾ ਸਾਹੇਬ ਦੇ ਵਿਚਾਰਾਂ ਵਿੱਚ ਇੱਕ ਵਿਲੱਖਣ ਸਮਾਨਤਾ ਹੈ। ਦੋਨਾਂ ਨੇ ਹੀ ਜਾਤ-ਪਾਤ ਅਤੇ ਛੂਆਛੂਤ, ਅਸਮਾਨਤਾ, ਅਨਿਆਂ ਅਤੇ ਸ਼ੋਸ਼ਨ ਦੇ ਵਿਰੁੱਧ ਸੰਘਰਸ਼ ਕੀਤਾ। ਦੋਨੋਂ ਨੇ ਸਿਖਿਆ ਨੂੰ ਸਮਾਜ ਸੁਧਾਰ ਦਾ ਆਧਾਰ ਮੰਨਿਆ, ਦੋਨਾਂ ਨੇ ਦਲਿਤ ਵਰਗਾਂ ਨਾਲ ਉਸ ਸਮੇਂ ਹੋਰ ਰਹੇ ਸਮਾਜਿਕ ਭੇਦਭਾਵ ਦੇ ਖਿਲਾਫ ਆਵਾਜ ਚੁੱਕੀ। ਦੋਨਾਂ ਨੇ ਹੀ, ਇੱਕ ਅਜਿਹੇ ਭਾਰਤ ਦਾ ਸਪਨਾ ਦੇਖਿਆ, ਜਿੱਥੇ ਹਰ ਵਿਅਕਤੀ ਨੂੰ ਸਨਮਾਨ ਅਤੇ ਸਮਾਨ ਅਧਿਕਾਰ ਮਿਲਣ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬਾਬਾ ਸਾਹੇਬ ਤੇ ਜੋਤੀਬਾ ਫੂਲੇ ਵਾਂਝੇ ਵਰਗਾਂ ਦੀ ਹੀ ਨਹੀਂ, ਮਹਿਲਾਵਾਂ ਦੇ ਹਾਲਾਤ ਵਿੱਚ ਸੁਧਾਰ ਕਰਨ ਲਈ ਵੀ ਸਮਰਪਿਤ ਸਨ। ਉਹ ਸਮਾਜ-ਸੁਧਾਰ ਦੇ ਖੇਤਰ ਵਿੱਚ ਅਤੇ ਪਰਿਵਾਰਕ ਸੁੱਖ ਸ਼ਾਂਤੀ ਦੀ ਦ੍ਰਿਸ਼ਟੀ ਨਾਲ ਨਾਰੀ-ਪੁਰਸ਼ ਦੋਨਾਂ ਨੂੰ ਸਮਾਨ ਮੰਨਦੇ ਸਨ। ਉਹ ਨਾਰੀ-ਸਿਖਿਆ ਦੇ ਪ੍ਰਬਲ ਸਮਰਥਕ ਸਨ। ਉਨ੍ਹਾਂ ਦਾ ਸੋਚਨਾ ਸੀ ਕਿ ਸਿਖਿਆ ਹੀ ਉਨ੍ਹਾਂ ਨੂੰ ਆਤਮਨਿਰਭਰ ਬਣਾ ਸਕਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮਹਾਤਮਾ ਫੂਲੇ ਨੇ ਸਮਾਜ ਵਿੱਚ ਫੈਲੀ ਬੁਰਾਈਆਂ ਨੂੰ ਚਨੌਤੀ ਦਿੱਤੀ, ਤਾਂ ਬਾਬਾ ਸਾਹੇਬ ਨੇ ਉਨ੍ਹਾਂ ਬੁਰਾਈਆਂ ਨੂੰ ਖਤਮ ਕਰਨ ਲਈ ਇੱਕ ਮਜਬੂਤ ਸੰਵੈਧਾਨਿਕ ਢਾਂਚਾ ਤਿਆਰ ਕੀਤਾ। ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਜਿੱਥੇ ਮਹਾਤਮਾ ਫੂਲੇ ਨੇ ਸਮਾਜਿਕ ਚੇਤਨਾ ਦਾ ਦੀਵਾ ਜਗਾਇਆ, ਉੱਥੇ ਹੀ ਬਾਬਾ ਸਾਹੇਬ ਨੇ ਉਸ ਦੀਵੇ ਨੂੰ ਸੰਵਿਧਾਨ ਰਾਹੀਂ ਪ੍ਰਕਾਸ਼ ਥੰਮ੍ਹ ਵਿੱਚ ਬਦਲ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਤਰ੍ਹਾ ਜੋਤੀਬਾ ਫੂਲੇ ਦੇ ਮਿਸ਼ਨ ਦਾ ਬਾਬਾ ਸਾਹੇਬ ਨੇ ਅਨੁਸਰਣ ਕੀਤਾ। ਉਸੀ ਤਰ੍ਹਾ ਬਾਬਾ ਸਾਹੇਬ ਦੇ ਦਿੱਤੇ ਮਾਰਗ 'ਤੇ ਚੱਲ ਕੇ ਸਰਕਾਰ ਤੇਜ ਗਤੀ ਨਾਲ ਕੰਮ ਕਰ ਰਹੀ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਗਰੀਬ ਪਰਿਵਾਰਾਂ ਦੇ ਲਈ ਜੋ ਯੋਜਨਾਵਾਂ ਲੈ ਕੇ ਆਉਂਦੇ ਹਨ ਉਨ੍ਹਾਂ ਵਿੱਚ ਬਾਬਾ ਸਾਹੇਬ ਦੇ ਵਿਚਾਰਾਂ ਦੀ ਝਲਕ ਮਿਲਦੀ ਹੈ। ਪ੍ਰਧਾਨ ਮੰਤਰੀ ਦੀ ਅਗਵਾਹੀ ਹਠੇ ਸਰਕਾਰ ਲਾਇਨ ਵਿੱਚ ਖੜੇ ਆਖੀਰੀ ਵਿਅਕਤੀ ਨੂੰ ਮਜਬੂਤ ਕਰਨ ਦਾ ਕੰਮ ਕਰ ਰਹੀ ਹੈ। ਇਸ ਤਰ੍ਹਾ ਦੇਸ਼ ਗਤੀ ਨਾਲ ਅੱਗੇ ਵੱਧ ਰਿਹਾ ਹੈ ਅਤੇ ਹਰ ਵਰਗ ਲਈ ਕੰਮ ਹੋ ਰਿਹਾ ਹੈ।

ਸ੍ਰੀ ਨਾਇਬ ਸਿੰਘ ਨੇ ਕਿਹਾ ਕਿ ਹਰ ਵਿਅਕਤੀ ਨੂੰ ਛੱਤ ਮਹੁਇਆ ਕਰਵਾਉਣ ਲਈ ਮੁੱਖ ਮੰਤਰੀ ਆਵਾਸ ਯੋਜਨਾ ਤਹਿਤ 1.60 ਲੱਖ ਮਕਾਨ ਬਣਾ ਕੇ ਦਿੱਤੇ ਗਏ ਹਨ। ਇਸ ਤੋਂ ਇਲਾਵਾ 100-100 ਵਰਗ ਗਜ ਦੇ ਅਤੇ 30-30 ਵਰਗ ਗਜ ਦੇ ਪਲਾਟ ਵੀ ਦਿੱਤੇ ਗਏ ਹਨ। ਮੁੱਖ ਮੰਤਰੀ ਨੇ ਕਰਮਚਾਰੀ ਏਸੋਸਇਏਸ਼ਨ ਦੀ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਨ ਦਾ ਭਰੋਸਾ ਦਿੱਤਾ।

ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਣ ਲਾਲ ਪੰਵਾਰ ਨੇ ਸਮਾਰੋਹ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਬਾਬਾ ਸਾਹੇਬ ਦੇ ਬਣਾਏ ਸੰਵਿਧਾਨ ਨਾਲ ਦੇਸ਼ ਵਿੱਚ ਲੋਕਤਤਰ ਚੱਲ ਰਿਹਾ ਹੈ ਅਤੇ ਗਰੀਬ ਪਰਿਵਾਰਾਂ ਨੂੰ ਮੌਜੂਦਾ ਸਰਕਾਰ ਵਿੱਚ ਉਨ੍ਹਾਂ ਦਾ ਪੂਰਾ ਨਿਆਂ ਮਿਲ ਰਿਹਾ ਹੈ। ਬਾਬਾ ਸਾਹੇਬ ਨੇ ਕਿਹਾ ਕਿ ਮਨੁੱਖ ਸਿਖਿਅਤ ਬਣ ਕੇ ਹੀ ਤਰੱਕੀ ਕੀਤੀ ਅਤੇ ਅਗਰਸਰ ਹੋ ਸਕਦਾ ਹੈ। ਇਸ ਲਈ ਸਿਖਿਆ 'ਤੇ ਵਿਸ਼ੇਸ਼ ਜੋਰ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਬਾਬਾ ਸਾਹੇਬ ਮਹਿਲਾਵਾਂ ਦੇ ਸਨਮਾਨ ਲਈ ਹਿੰਦੂ ਕੋਡ ਬਿੱਲ ਲੈ ਕੇ ਆਉਣ। ਪਰ ਇਹ ਬਿੱਲ ਸੰਸਦ ਵਿੱਚ ਪਾਸ ਨਹੀਂ ਹੋਇਆ। ਇਸ ਤੋਂ ਆਹਤ ਹੋ ਕੇ ਉਨ੍ਹਾਂ ਨੇ ਕਾਨੂੰਨ ਮੰਤਰੀ ਤੋਂ ਤਿਆਗ ਪੱਤਰ ਦੇ ਦਿੱਤਾ। ਬਾਬਾ ਸਾਹੇਬ ਮਹਿਲਾਵਾਂ ਦੇ ਸਨਮਾਨ ਦੇ ਵੱਡੇ ਪੱਖਧਾਰ ਸਨ।

ਪ੍ਰੋਗਰਾਮ ਦੇ ਆਯੋ੧ਕ ਅਤੇ ਫੈਡਰੇਸ਼ਨ ਦੇ ਪ੍ਰਧਾਨ ਸ੍ਰੀ ਸਤਅਵਾਨ ਸਰੋਹਾ ਨੇ ਮੁੱਖ ਮੰਤਰੀ ਸਮੇਤ ਹੋਰ ਮਹਿਮਾਨਾਂ ਦਾ ਸਵਾਗਤ ਕੀਤਾ।

ਇਸ ਮੌਕੇ 'ਤੇ ਵਿਧਾਇਕ ਕਪੂਰ ਵਾਲਮਿਕੀ, ਵਧੀਕ ਮੁੱਖ ਸਕੱਤਰ ਡਾ. ਰਾਜਾਸ਼ੇਖਰ ਵੁੰਡਰੂ, ਸੂਚਨਾ ਅਤੇ ਜਨਸੰਪਰਕ ਅਤੇ ਭਾਸ਼ਾ ਵਿਭਾਗ ਦੀ ਵਧੀਕ ਨਿਦੇਸ਼ਕ ਸ੍ਰੀਮਤੀ ਵਰਸ਼ਾ ਖਾਂਗਵਾਲ, ਮੈਂਬਰ ਸਕੱਤਰ ਰਾਜ ਪ੍ਰਦੂਸ਼ਣ ਬੋਰਡ ਸ੍ਰੀ ਯੋਗੇਸ਼ ਕੁਮਾਰ, ਵਧੀਕ ਸਕੱਤਰ ਗ੍ਰਹਿ ਵਿਭਾਗ ਸ੍ਰੀਮਤੀ ਵੰਦਨਾ ਦਿਸੋਦਿਆ, ਮੁੱਖ ਮੰਤਰੀ ਦੇ ਮੀਡੀਆ ਸਕੱਤਰ ਸ੍ਰੀ ਪ੍ਰਵੀਣ ਅੱਤਰੇ, ਪ੍ਰਵੀਨ ਮਲਿਕ, ਚਰਣਜੀਤ ਕੌਰ, ਆਨੰਦ ਕੁਮਾਰ, ਦੀਵੇਂਦਰ ਮਲਿਕ, ਕਮਲੇਸ਼ ਕੁਮਾਰੀ ਸਮੇਤ ਭਾਰਤੀ ਗਿਣਤੀ ਵਿੱਚ ਸਕੱਤਰੇਤ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

# ਡਿਪਟੀ ਕਮਿਸ਼ਨਰ ਵੱਲੋਂ ਅਬੋਹਰ ਦੇ ਵਿਕਾਸ ਦੇ ਕੰਮਾਂ ਸਬੰਧੀ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ

**ਫਾਜ਼ਿਲਕਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਫਾਜਿ ?ਲਕਾ-ਕਮ ਕਮਿਸ਼ਨਰ ਨਗਰ ਨਿਗਮ ਅਬੋਹਰ ਅਮਰਪ੍ਰੀਤ ਕੌਰ ਸੰਧੂ ਨੇ ਨਗਰ ਨਿਗਮ ਦਫਤਰ ਵਿਖੇ ਅਬੋਹਰ ਦੇ ਵੱਖ ਵੱਖ ਵਿਕਾਸ ਕੰਮਾਂ ਸਬੰਧੀ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਵੀ ਜਾਣਿਆ।

ਇਸ ਉਪਰੰਤ ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਪੈਂਡਿੰਗ ਕੰਮਾਂ ਨੂੰ ਤੈਅ ਸਮੇਂ ਅੰਦਰ ਪੂਰਾ ਕਰਨ ਦੀ ਹਦਾਇਤ ਕੀਤੀ।

ਇਸ ਤੋਂ ਪਹਿਲਾ ਉਨ੍ਹਾਂ ਨਹਿਰੂ ਪਾਰਕ ਅਬੋਹਰ ਦਾ ਅਚਨਚੇਤ ਦੌਰਾ ਕਰਕੇ ਸਾਫ-ਸਫਾਈ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ ਲਿਆ ਤੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਾਫ ਸਫਾਈ ਦੇ ਪ੍ਰਬੰਧ ਹੋਰ ਵਧੀਆ ਤਰੀਕੇ ਨਾਲ ਕੀਤੇ ਜਾਣ ਤਾਂ ਜੋ ਪਾਰਕ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਜਦੋਂ ਤੋਂ ਬੇਅਦਬੀ ਵਿਰੋਧੀ ਕਾਨੂੰਨ ਬਣਿਆ ਹੈ, ਭਾਜਪਾ ਮੈਨੂੰ ਕਮਜ਼ੋਰ ਅਤੇ ਖ਼ਤਮ ਕਰਨ ਦੀਆਂ ਸਾਜ਼ਿਸ਼ਾਂ ਰਚ ਰਹੀ ਹੈ: ਭਗਵੰਤ ਸਿੰਘ ਮਾਨ

**➢ ਭਾਜਪਾ ਅਤੇ ਇਨ੍ਹਾਂ ਸੰਸਦ ਮੈਂਬਰਾਂ ਨੇ ਪੰਜਾਬ ਨਾਲ ਧੋਖਾ ਕੀਤਾ ਹੈ, ਜਿਸ ਲਈ ਪੰਜਾਬ ਉਨ੍ਹਾਂ ਨੂੰ ਢੁਕਵਾਂ ਜਵਾਬ ਜ਼ਰੂਰ ਦੇਵੇਗਾ: ➢ ਪੰਜਾਬ ਵਿੱਚ ਕੋਈ ਅਧਾਰ ਨਾ ਹੋਣ ਕਰਕੇ ਭਾਜਪਾ ਸਾਡੇ ਆਗੂਆਂ ਨੂੰ ਖਰੀਦਣ ਲਈ ਸਿਆਸੀ ਜੋੜ-ਤੋੜ ਅਤੇ ਡਰਾਉਣ-ਧਮਕਾਉਣ ਵਰਗੇ ਪੈਂਤੜੇ ਅਜ਼ਮਾ ਰਹੀ ਹੈ**

**ਚੰਡੀਗੜ੍ਹ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਜਪਾ ਨੂੰ ਇੱਕ ਸਪੱਸ਼ਟ ਸੁਨੇਹਾ ਦਿੰਦਿਆਂ ਕਿਹਾ ਕਿ ਜਦੋਂ ਤੋਂ @ਬੇਅਦਬੀ@ ਵਿਰੁੱਧ ਸਖ਼ਤ ਕਾਨੂੰਨ ਬਣਾਏ ਗਏ ਹਨ, ਭਾਜਪਾ ਦੀ ਬੇਚੈਨੀ ਸਪੱਸ਼ਟ ਦਿਖਾਈ ਦੇ ਰਹੀ ਹੈ ਕਿਉਂਕਿ ਭਾਜਪਾ ਪੰਜਾਬ ਦੀਆਂ ਭਾਵਨਾਵਾਂ ਨਾਲ ਜੁੜੇ ਇਸ ਮੁੱਦੇ @ਤੇ ਪੰਜਾਬ ਸਰਕਾਰ ਦੀ ਫੈਸਲਾਕੁੰਨ ਕਾਰਵਾਈ ਨੂੰ ਸਵੀਕਾਰ ਨਹੀਂ ਕਰ ਪਾ ਰਹੀ। ਉਨ੍ਹਾਂ ਕਿਹਾ ਕਿ ਭਾਜਪਾ, ਜਿਸ ਨੂੰ ਪੰਜਾਬ ਨੇ ਵਾਰ-ਵਾਰ ਨਕਾਰਿਆ ਹੈ, ਸੂਬੇ ਅਤੇ ਆਮ ਆਦਮੀ ਪਾਰਟੀ (ਆਪ) ਪ੍ਰਤੀ ਬਦਲਾਖੋਰੀ ਤੇ ਦੁਸ਼ਮਣੀ ਵਾਲਾ ਰਵੱਈਆ ਅਪਣਾ ਕੇ ਡਰਾਉਣ-ਧਮਕਾਉਣ, ਲਾਲਚ ਦੇਣ ਅਤੇ ਦਲ-ਬਦਲੀ ਦੇ ਯਤਨਾਂ ਰਾਹੀਂ ਭ੍ਰਿਸ਼ਟਾਚਾਰ ਮੁਕਤ ਆਪ ਸਰਕਾਰ ਨੂੰ ਕਮਜ਼ੋਰ ਕਰਨ ਦੀ ਲਗਾਤਾਰ ਕੋਸ਼ਿਸ਼ ਕਰ ਰਹੀ ਹੈ।

ਪਾਰਟੀ ਛੱਡਣ ਵਾਲਿਆਂ ਅਤੇ ਅਜਿਹੇ ਕਦਮ ਚੁੱਕਣ ਲਈ ਮਜਬੂਰ ਕਰਨ ਵਾਲਿਆਂ ਦੀ ਸਖ਼ਤ ਨਿੰਦਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਦਾ ਸਿਆਸੀ ਆਧਾਰ ਨਾ ਮਾਤਰ ਹੋਣ ਕਰਕੇ ਉਹ ਅਜਿਹੀਆਂ ਘਟੀਆਂ ਚਾਲਾਂ ਚੱਲ ਰਹੀ ਹੈ ਕਿਉਂਕਿ ਆਪ ਸਰਕਾਰ ਵੱਲੋਂ ਸਕੂਲਾਂ, ਹਸਪਤਾਲਾਂ, ਸੜਕਾਂ ਅਤੇ ਰੋਜ਼ਗਾਰ ਦੇ ਮਾਮਲੇ ਵਿੱਚ ਪ੍ਰਤੱਖ ਸੁਧਾਰਾਂ ਨੇ ਬੀਜੇਪੀ ਤੇ ਹੋਰ ਵਿਰੋਧੀ ਧਿਰਾਂ ਦਾ ਸੰਤੁਲਨ ਪੂਰੀ ਤਰ੍ਹਾਂ ਵਿਗਾੜ ਦਿੱਤਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ @ਆਪ@ ਦੀ ਤਾਕਤ ਆਮ ਲੋਕ ਹਨ ਅਤੇ ਸਿਧਾਂਤਕ ਮਾਪਦੰਡ ਤੇ ਕ੍ਰਾਂਤੀਕਾਰੀ ਸੋਚ ਸਾਡੀ ਪਾਰਟੀ ਦਾ ਆਧਾਰ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੂਬੇ ਨਾਲ ਦਗਾ ਕਮਾਉਣ ਵਾਲੇ ਲੋਕਾਂ ਨੂੰ ਪੰਜਾਬ ਦੇ ਵਸਨੀਕਾਂ ਨੇ ਸਦਾ ਜਵਾਬ ਦਿੱਤਾ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਜਿਹੀਆਂ ਘਟੀਆਂ ਚਾਲਾਂ ਨਾਲ ਲੋਕਤੰਤਰੀ ਰਾਜ ਪੰਜਾਬ ਵਿੱਚ ਰਾਜਨੀਤਿਕ ਸਫ਼ਲਤਾ ਹਾਸਲ ਨਹੀਂ ਹੋ ਸਕਦੀ।

ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਸੂਝਵਾਨ ਅਤੇ ਅਣਖੀ ਲੋਕ ਉਨ੍ਹਾਂ ਗੱਦਾਰਾਂ ਨੂੰ ਕਦੇ ਮੁਆਫ ਨਹੀਂ ਕਰਨਗੇ ਜਿਨ੍ਹਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਉਨ੍ਹਾਂ ਦੀ ਪਿੱਠ ਵਿੱਚ ਛੁਰਾ ਮਾਰਿਆ। ਪੰਜਾਬੀ ਕਦੇ ਵੀ ਵਿਸ਼ਵਾਸਘਾਤ ਕਰਨ ਵਾਲਿਆਂ ਨੂੰ ਨਹੀਂ ਭੁੱਲਦੇ ਅਤੇ ਜਿਨ੍ਹਾਂ ਨੇ ਵੀ ਉਨ੍ਹਾਂ ਨੂੰ ਧੋਖਾ ਦੇਣ ਦਾ ਸੋਚਿਆ, ਉਹ ਲੋਕ ਸਿਆਸਤ ਵਿੱਚੋਂ ਲੋਪ ਹੋ ਗਏ। ਕਮਾਲੂ, ਮਾਨਸ਼ਾਹੀਆ ਅਤੇ ਹੋਰਾਂ ਅਜਿਹੇ ਕਈ ਆਗੂਆਂ ਨੇ ਜਦੋਂ ਵੀ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਤਾਂ ਲੋਕਾਂ ਨੂੰ ਉਨ੍ਹਾਂ ਦਾ ਅਜਿਹਾ ਸਫ਼ਾਇਆ ਕੀਤਾ ਕਿ ਉਹ ਅੱਜ ਯਾਦਾਂ ਵਿੱਚੋਂ ਵੀ ਮਿਟ ਗਏ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਤੰਤਰ ਵਿੱਚ ਪਾਰਟੀ ਸਰਵਉੱਚ ਹੈ, ਨਾ ਕਿ ਉਹ ਵਿਅਕਤੀ ਜੋ ਆਪਣੀ ਮਰਜ਼ੀ ਅਤੇ ਫਾਇਦੇ ਲਈ ਦਲ ਬਦਲਦੇ ਰਹਿੰਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਕਈ ਆਗੂਆਂ ਨੂੰ ਤਾਂ ਬਿਨਾਂ ਕਿਸੇ ਕੋਈ ਠੋਸ ਯੋਗਦਾਨ ਦੇ ਅਹੁਦੇ ਹਾਸਲ ਹੋਏ ਪਰ ਬਾਅਦ ਵਿੱਚ ਉਨ੍ਹਾਂ ਨੇ ਆਪਣੇ ਨਿੱਜੀ ਮੁਫ਼ਾਦਾਂ ਲਈ ਆਪਣੀ ਮਾਂ ਪਾਰਟੀ ਨੂੰ ਧੋਖਾ ਦੇਣਾ ਚੁਣਿਆ। ਭਾਜਪਾ ਦਾ ਅਸਲੀ ਨਾਮ @ਕੱਢੋ ਛੱਡੋ ਪਾਰਟੀ@ ਹੈ ਕਿਉਂਕਿ ਇਹ ਆਪਣੀ @ਵਾਸ਼ਿੰਗ ਮਸ਼ੀਨ@ ਦੀ ਵਰਤੋਂ ਹੋਰਨਾਂ ਪਾਰਟੀਆਂ ਦੇ ਦਾਗੀ ਆਗੂਆਂ ਨੂੰ ਸਾਫ਼ ਕਰਨ ਲਈ ਕਰਦੀ ਹੈ। ਭਾਜਪਾ ਚਾਹੇ ਕਿਸੇ ਵੀ ਢੰਗ-ਤਰੀਕੇ ਕਿੰਨੇ ਵੀ ਆਗੂਆਂ ਨੂੰ ਆਪਣੇ ਪਾਲੇ ਵਿੱਚ ਲੈ ਲਵੇ, ਪਰ ਪੰਜਾਬ ਵਿਰੋਧੀ ਮਾਨਸਿਕਤਾ ਕਾਰਨ ਪੰਜਾਬ ਵਿੱਚ ਉਸਦਾ ਕੋਈ ਅਧਾਰ ਨਹੀਂ ਬਣ ਸਕਦਾ।

ਪੰਜਾਬ ਨੂੰ ਕਮਜ਼ੋਰ ਕਰਨ ਦੀ ਯੋਜਨਾਬੱਧ ਕੋਸ਼ਿਸ਼ ਦਾ ਪਰਦਾਫਾਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਪੰਜਾਬ ਦੀ ਦੁਸ਼ਮਣ ਹੈ, ਜਿਸਨੇ ਪੇਂਡੂ ਵਿਕਾਸ ਫੰਡ (ਆਰਡੀਐਫ), ਰਾਸ਼ਟਰੀ ਸਿਹਤ ਮਿਸ਼ਨ (ਐਨਐਚਐਮ) ਫੰਡ ਅਤੇ ਹੋਰ ਯੋਜਨਾਵਾਂ ਅਧੀਨ ਸੂਬੇ ਦੇ ਫੰਡਾਂ ਦੇ ਹਿੱਸੇ ਨੂੰ ਰੋਕ ਰੱਖਿਆ ਹੈ, ਜਿਸ ਨਾਲ ਸੂਬੇ ਦੇ ਵਿਕਾਸ ਕਾਰਜਾਂ ਵਿੱਚ ਵਿਘਨ ਪੈ ਰਿਹਾ ਹੈ। ਪੰਜਾਬ ਵਿੱਚ ਕੋਈ ਅਧਾਰ ਨਾ ਹੋਣ ਕਰਕੇ, ਭਾਜਪਾ ਕੇਂਦਰੀ ਏਜੰਸੀਆਂ ਦੀ ਵਰਤੋਂ ਰਾਹੀਂ ਸਾਡੀ ਪਾਰਟੀ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੀ ਹੈ। ਪੰਜਾਬ ਅਤੇ ਪੰਜਾਬੀ ਅਜਿਹੀਆਂ ਘਟੀਆਂ ਚਾਲਾਂ ਦਾ ਸਖ਼ਤ ਵਿਰੋਧ ਕਰਨਗੇ ਅਤੇ ਗੱਦਾਰਾਂ ਨੂੰ ਚੰਗੀ ਤਰ੍ਹਾਂ ਸਬਕ ਸਿਖਾਉਣਗੇ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੇਸ਼ ਭਰ ਵਿੱਚ ਭਾਜਪਾ ਦੀ ਰਾਜਨੀਤਿਕ ਰਣਨੀਤੀ, ਖੇਤਰੀ ਪਾਰਟੀਆਂ ਨੂੰ ਕਮਜ਼ੋਰ ਕਰਨ ਦੀ ਰਹੀ ਹੈ। ਭਾਜਪਾ ਸਿਰਫ਼ ਦੂਜੀਆਂ ਪਾਰਟੀਆਂ ਨੂੰ ਤੋੜਨਾ ਜਾਣਦੀ ਹੈ ਕਿਉਂਕਿ ਇਸ ਕੋਲ ਭਰੋਸੇਯੋਗ ਲੀਡਰਸ਼ਿਪ ਦੀ ਘਾਟ ਹੈ। ਉਨ੍ਹਾਂ ਨੇ ਮਮਤਾ ਬੈਨਰਜੀ ਦੀ ਪਾਰਟੀ ਨੂੰ ਤੋੜਨ ਦੀ ਕੋਸ਼ਿਸ਼ ਕੀਤੀ, ਊਧਵ ਠਾਕਰੇ ਦੀ ਪਾਰਟੀ 'ਚ ਵੰਡੀਆਂ ਪਾਈਆਂ ਅਤੇ ਸ਼ਰਦ ਪਵਾਰ ਦੀ ਪਾਰਟੀ ਦਾ ਵੀ ਇਹੀ ਹਾਲ ਕੀਤਾ। ਨਵੀਨ ਪਟਨਾਇਕ, ਦੁਸ਼ਯੰਤ ਚੌਟਾਲਾ ਅਤੇ ਨਿਤੀਸ਼ ਕੁਮਾਰ ਵਰਗੇ ਆਗੂਆਂ ਨੂੰ ਵੀ ਇਸੇ ਤਰ੍ਹਾਂ ਦੀਆਂ ਚਾਲਾਂ ਰਾਹੀਂ ਨਿਸ਼ਾਨਾ ਬਣਾਇਆ ਗਿਆ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਅੰਗ ਕਰਦਿਆਂ ਕਿਹਾ ਕਿ ਰਾਜ ਸਭਾ ਮੈਂਬਰ, ਜੋ ਹੁਣ ਆਪਣੇ ਨਿੱਜੀ ਹਿੱਤਾਂ ਕਾਰਨ @ਆਪ@ ਵਿੱਚ ਘੁਟਣ ਮਹਿਸੂਸ ਕਰ ਰਿਹਾ ਹੈ, ਨੇ ਕੋਠੀ ਨੰਬਰ 50 ਵਿੱਚ ਸੱਤਾ ਦਾ ਆਨੰਦ ਮਾਣਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਪਹਿਲੇ ਦਿਨ ਤੋਂ ਹੀ ਆਮ ਆਦਮੀ ਪਾਰਟੀ ਦੇ ਪੰਜਾਬ-ਪੱਖੀ ਅਤੇ ਲੋਕ-ਪੱਖੀ ਰੁਖ਼ ਕਾਰਨ ਇਸਨੂੰ ਨੁਕਸਾਨ ਪਹੁੰਚਾਉਣ @ਤੇ ਤੁਲੀ ਹੋਈ ਹੈ। ਸਾਡੇ ਮੈਂਬਰਾਂ ਨੂੰ ਖਰੀਦਣ ਲਈ ਆਪ੍ਰੇਸ਼ਨ ਲੋਟਸ ਸ਼ੁਰੂ ਕੀਤਾ ਗਿਆ ਸੀ।

ਭਾਜਪਾ, ਜਿਸਦਾ ਪੰਜਾਬ ਵਿੱਚ ਕੋਈ ਅਧਾਰ ਨਹੀਂ ਹੈ, ਨੇ ਦਾਗੀ ਆਗੂਆਂ ਨੂੰ ਕਲੀਨ ਚਿੱਟ ਦੇਣ ਲਈ ਇੱਥੇ ਆਪਣੀ @ਵਾਸ਼ਿੰਗ ਮਸ਼ੀਨ@ ਦੀ ਵਰਤੋਂ ਸ਼ੁਰੂ ਕਰ ਦਿੱਤੀ ਹੈ।

ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਭਾਜਪਾ ਅਤੇ ਉਸਦੇ ਪਿੱਠੂਆਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਸਾਡੀ ਸਰਕਾਰ ਨੇ 90 ਫੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਕਿਵੇਂ ਪ੍ਰਦਾਨ ਕੀਤੀ ਹੈ, ਭ੍ਰਿਸ਼ਟਾਚਾਰ ਤੋਂ ਬਿਨਾਂ 65000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਕਿਵੇਂ ਦਿੱਤੀਆਂ ਗਈਆਂ, ਸੜਕਾਂ ਵਿੱਚ ਸੁਧਾਰ ਕੀਤਾ ਗਿਆ, ਟੋਲ ਪਲਾਜ਼ਾ ਬੰਦ ਕੀਤੇ , ਜਿਸ ਨਾਲ ਰੋਜ਼ਾਨਾ 70 ਲੱਖ ਰੁਪਏ ਦੀ ਬਚਤ ਹੋਈ ਹੈ ਅਤੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਗਿਆ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਰੇ 65 ਲੱਖ ਪਰਿਵਾਰਾਂ ਨੂੰ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ, ਜਿਸ ਵਿੱਚ ਹਰੇਕ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲਦਾ ਹੈ, ਜਿਸ ਵਿੱਚ 30 ਲੱਖ ਤੋਂ ਵੱਧ ਲਾਭਪਾਤਰੀ ਪਹਿਲਾਂ ਹੀ ਸ਼ਾਮਲ ਹਨ। ਉਨ੍ਹਾਂ ਕਿਹਾ, "ਪਹਿਲੀ ਵਾਰ ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਦੇ ਟਿਊਬਵੈੱਲਾਂ ਨੂੰ ਦਿਨ ਵੇਲੇ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਕੀਤੀ ਗਈ ਸੀ।

ਉਨ੍ਹਾਂ ਅੱਗੇ ਕਿਹਾ ਕਿ ਕਿਸਾਨਾਂ ਨੂੰ ਹੁਣ ਸਿੰਚਾਈ ਲਈ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ,"ਸਰਕਾਰੀ ਖਜ਼ਾਨੇ ਦੇ ਇੱਕ-ਇੱਕ ਪੈਸੇ ਦੀ ਵਰਤੋਂ ਲੋਕਾਂ ਦੀ ਭਲਾਈ ਲਈ ਸਮਝਦਾਰੀ ਨਾਲ ਕੀਤੀ ਜਾ ਰਹੀ ਹੈ। ਮਾਵਾਂ- ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ ਪ੍ਰਤੀ ਮਹੀਨਾ 1000 ਅਤੇ 18 ਸਾਲ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀ ਸ਼੍ਰੇਣੀ ਦੀਆਂ ਔਰਤਾਂ ਨੂੰ 1500 ਰੁਪਏ ਦਿੱਤੇ ਜਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 43000 ਕਿਲੋਮੀਟਰ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡੇਸ਼ਨ ਲਈ ਵਿਸ਼ਾਲ ਪ੍ਰੋਗਰਾਮ ਸ਼ੁਰੂ ਕੀਤਾ ਹੈ। ਉਨ੍ਹਾਂ ਅੱਗੇ ਕਿਹਾ, "ਅਸੀਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਵੀ ਪਾਸ ਕੀਤਾ ਹੈ, ਜਿਸ ਨਾਲ ਬੇਅਦਬੀ ਲਈ ਸਖ਼ਤ ਸਜ਼ਾ ਯਕੀਨੀ ਬਣਾਈ ਗਈ ਹੈ।"

ਇਹ ਦੁਹਰਾਉਂਦੇ ਹੋਏ ਕਿ ਭਾਜਪਾ ਪੰਜਾਬ ਦੀ ਤਰੱਕੀ ਤੋਂ ਬੇਚੈਨ ਹੈ, ਉਨ੍ਹਾਂ ਕਿਹਾ, ਭਾਜਪਾ ਪੰਜਾਬ ਦੀ ਖੁਸ਼ਹਾਲੀ ਤੋਂ ਨਾਖੁਸ਼ ਹੈ ਅਤੇ ਡੂੰਘੀਆਂ ਸਾਜ਼ਿਸ਼ਾਂ ਰਚ ਰਹੀ ਹੈ। ਪੰਜਾਬੀ 'ਆਪ' ਨਾਲ ਡਟ ਕੇ ਖੜ੍ਹੇ ਹਨ ਅਤੇ ਇਹ ਸੱਤ ਆਗੂ ਪੂਰੀ ਪਾਰਟੀ ਦੀ ਨੁਮਾਇੰਦਗੀ ਨਹੀਂ ਕਰਦੇ। ਉਨ੍ਹਾਂ ਦਾ ਅਸਲੀ ਚਿਹਰਾ ਬੇਨਕਾਬ ਹੋ ਗਿਆ ਹੈ। ਉਨ੍ਹਾਂ ਕਿਹਾ, "ਕੈਪਟਨ ਭਾਜਪਾ ਵਿੱਚ ਅਲੱਗ-ਥਲੱਗ ਮਹਿਸੂਸ ਕਰ ਰਹੇ ਹਨ ਅਤੇ ਸੁਖਪਾਲ ਖਹਿਰਾ ਵਰਗੇ ਹੋਰਾਂ ਦਾ ਵੀ ਇਹੋ ਹਾਲ ਹੋਇਆ ਹੈ।

ਪਾਰਟੀ ਦੇ ਵਿਚਾਰਧਾਰਕ ਆਧਾਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਪਾਰਟੀ ਖੂਨ-ਪਸੀਨੇ ਅਤੇ ਕੁਰਬਾਨੀ ਨਾਲ ਬਣੀ ਹੈ। ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਮੈਂ ਲੋਕਾਂ ਦੀ ਸੇਵਾ ਕਰਨ ਲਈ ਆਪਣਾ ਕਰੀਅਰ ਛੱਡ ਦਿੱਤਾ।

ਉਨ੍ਹਾਂ ਜ਼ੋਰ ਦੇ ਕੇ ਕਿਹਾ, " ਮੈਂ ਭਾਜਪਾ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਮੈਨੂੰ ਖਰੀਦਣ, ਪਰੇਸ਼ਾਨ ਕਰਨ ਜਾਂ ਡਰਾਉਣ ਦੀ ਕੋਸ਼ਿਸ਼ ਕਰਨ। ਉਨ੍ਹਾਂ ਕਿਹਾ ਕਿ ਨਾ ਤਾਂ ਭਾਜਪਾ ਅਤੇ ਨਾ ਹੀ ਇਸ ਦੀਆਂ ਕੇਂਦਰੀ ਏਜੰਸੀਆਂ ਕੋਲ ਅਜਿਹਾ ਕਰਨ ਦੀ ਹਿੰਮਤ ਹੈ।

ਇਨ੍ਹਾਂ ਆਗੂਆਂ ਨੂੰ ਪੰਜਾਬ ਦੀ ਸੇਵਾ ਕਰਨ ਲਈ ਅਹਿਮ ਅਹੁਦੇ ਦਿੱਤੇ ਗਏ ਸਨ, ਪਰ ਉਨ੍ਹਾਂ ਨੇ ਆਪਣੇ ਆਹੁਦਿਆਂ ਤੇ ਜ਼ਿੰਮੇਵਾਰੀਆਂ ਨਾਲ ਸਮਝੌਤਾ ਕੀਤਾ। ਭਾਵੇਂ ਵਿਗਿਆਨ ਅਤੇ ਤਕਨਾਲੋਜੀ ਵਿੱਚ ਬਹੁਤ ਤਰੱਕੀ ਹੋਈ ਹੈ ਪਰ ਕਿਸੇ ਦੇ ਦਿਲ ਵਿੱਚ ਕੀ ਹੈ , ਇਹ ਕੋਈ ਵੀ ਮਸ਼ੀਨ ਨਹੀਂ ਪੜ੍ਹ ਸਕਦੀ। ਪੰਜਾਬੀਆਂ ਨੇ ਉਨ੍ਹਾਂ ਨੂੰ ਆਪਣੀਆਂ ਇੱਛਾਵਾਂ ਦੀ ਨੁਮਾਇੰਦਗੀ ਕਰਨ ਲਈ ਚੁਣਿਆ ਸੀ, ਪਰ ਉਨ੍ਹਾਂ ਨੇ ਨਿੱਜੀ ਹਿੱਤਾਂ ਲਈ ਲੋਕਾਂ ਨਾਲ ਧੋਖਾ ਕੀਤਾ।

# ਜ਼ਿਲ੍ਹਾ ਪੱਧਰ ਅਤੇ ਬਲਾਕ ਪੱਧਰ ਤੇ ਕੰਟਰੋਲ ਰੂਮ ਕੀਤੇ ਸਥਾਪਿਤ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਕਿ ਜ਼ਿਲ੍ਹੇ ਵਿੱਚ ਕਣਕ ਦੀ ਕਟਾਈ ਦਾ ਕੰਮ ਕਾਫੀ ਹੱਦ ਤੱਕ ਪੂਰਾ ਹੋ ਚੁੱਕਾ ਹੈ। ਕਣਕ ਦੇ ਨਾੜ ਅਤੇ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਜ਼ਿਲ੍ਹੇ ਵਿੱਚ ਪੂਰਨ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਸਰਕਾਰ ਵਲੋਂ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਸਾਲ 2026 ਦੌਰਾਨ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਕਰਨ ਦਾ ਟੀਚਾ ਦਿੱਤਾ ਗਿਆ ਹੈ। ਕਿਸਾਨਾਂ ਨੂੰ ਕਣਕ ਦੇ ਨਾੜ ਦਾ ਪ੍ਰਬੰਧਨ ਕਰਨ ਸਬੰਧੀ ਜਾਣਕਾਰੀ ਅਤੇ ਉਨ੍ਹਾਂ ਦੀ ਲੋੜ ਅਨੁਸਾਰ ਮਸ਼ੀਨਰੀ ਮੁਹੱਈਆ ਕਰਵਾਉਣ ਹਿੱਤ ਜ਼ਿਲ੍ਹੇ ਵਿੱਚ ਜ਼ਿਲ੍ਹਾ ਪੱਧਰ ਅਤੇ ਬਲਾਕ ਪੱਧਰ 'ਤੇ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਇਨ੍ਹਾਂ ਕੰਟਰੋਲ ਰੂਮਾਂ ਵਿੱਚ ਸਵੇਰੇ 09:00 ਵਜੇ ਤੋਂ ਸ਼ਾਮ 07:00 ਵਜੇ ਤੱਕ ਫੋਨ ਕਰਕੇ ਬਲਾਕ ਵਿੱਚ ਮੌਜੂਦ ਫ਼ਸਲਾਂ ਦੇ ਰਹਿੰਦ-ਖੂੰਹਦ ਦੇ ਪ੍ਰਬੰਧਨ ਸਬੰਧੀ ਉਪਲਬਧ ਮਸ਼ੀਨਰੀ ਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਥਾਪਿਤ ਕੀਤੇ ਕੰਟਰੋਲ ਰੂਮ ਲਈ ਕਿਸਾਨ ਜ਼ਿਲ੍ਹਾ ਪੱਧਰ 'ਤੇ ਖੇਤੀਬਾੜੀ ਇੰਜੀਨਿਅਰ ਹੁਸ਼ਿਆਰਪੁਰ ਵਰੁਣ ਚੌਧਰੀ ਮੋਬਾਇਲ ਨੰਬਰ 9463658773 ਅਤੇ ਬਲਾਕ ਪੱਧਰ 'ਤੇ ਬਲਾਕ ਹੁਸ਼ਿਆਰਪੁਰ-1 ਲਈ ਖੇਤੀਬਾੜੀ ਵਿਸਥਾਰ ਅਫ਼ਸਰ ਅਮਨਦੀਪ ਮੋਬਾਇਲ ਨੰਬਰ 9814727532, ਖੇਤੀਬਾੜੀ ਵਿਸਥਾਰ ਅਫ਼ਸਰ ਨਰਿਪਜੀਤ ਮੋਬਾਇਲ ਨੰਬਰ 9988547217, ਬਲਾਕ ਹੁਸ਼ਿਆਰਪੁਰ-2 ਏ.ਡੀ.ਓ ਧਰਮਵੀਰ ਸ਼ਾਰਦ ਮੋਬਾਇਲ ਨੰਬਰ 9858866947, ਏ.ਈ.ਓ ਪਰਮਿੰਦਰ ਸਿੰਘ ਮੋਬਾਇਲ ਨੰਬਰ 9592125222, ਬਲਾਕ ਭੂੰਗਾ ਖੇਤੀਬਾੜੀ ਅਫ਼ਸਰ ਸੰਦੀਪ ਸਿੰਘ ਮੋਬਾਇਲ ਨੰਬਰ 9876196210, ਏ.ਡੀ.ਓ ਮਿਸ ਮਨਪ੍ਰੀਤ ਮੋਬਾਇਲ ਨੰਬਰ 9872525745, ਬਲਾਕ ਦਸੂਹਾ ਖੇਤੀਬਾੜੀ ਅਫ਼ਸਰ ਅਵਤਾਰ ਸਿੰਘ ਨਰ ਮੋਬਾਇਲ ਨੰਬਰ 9855003462, ਏ.ਡੀ.ਓ ਮਿਸ ਕਾਜਲ ਰਾਣੀ ਮੋਬਾਇਲ ਨੰਬਰ 7009170818, ਬਲਾਕ ਟਾਂਡਾ ਏ.ਡੀ.ਓ ਲਵਜੀਤ ਸਿੰਘ 9915757742, ਏ.ਡੀ.ਓ ਮਿਸ ਨਵਜੋਤ ਭਾਟੀਆ 7888897285, ਬਲਾਕ ਮੁਕੇਰੀਆਂ ਏ.ਡੀ.ਓ ਕੰਵਲਦੀਪ ਸਿੰਘ 9417174971, ਜੇ.ਟੀ ਲਛਮਣ ਸਿੰਘ 9417380934, ਬਲਾਕ ਹਾਜੀਪੁਰ ਏ.ਡੀ.ਓ ਗਗਨਦੀਪ ਕੌਰ 9464319208, ਏ.ਡੀ.ਓ ਸ਼ਵਿੰਦਰ ਸਿੰਘ 9872495337, ਬਲਾਕ ਤਲਵਾੜਾ ਖੇਤੀਬਾੜੀ ਅਫ਼ਸਰ ਅਜਰ ਸਿੰਘ ਕੰਵਰ 9463204351, ਏ.ਡੀ.ਓ ਮਿਸ ਉਪਾਸਨਾ ਮਨਹਾਸ 7508729518, ਬਲਾਕ ਮਾਹਿਲਪੁਰ ਖੇਤੀਬਾੜੀ ਅਫ਼ਸਰ ਗੁਰਿੰਦਰ ਸਿੰਘ 7986517309, ਏ.ਡੀ.ਓ ਹਰਪ੍ਰੀਤ ਸਿੰਘ 9501582430 ਅਤੇ ਬਲਾਕ ਗੜ੍ਹਸ਼ੰਕਰ ਖੇਤੀਬਾੜੀ ਅਫ਼ਸਰ ਸੁਖਜਿੰਦਰ ਪਾਲ 8872006795 ਅਤੇ ਖੇਤੀਬਾੜੀ ਵਿਕਾਸ ਅਫ਼ਸਰ ਮਨਪ੍ਰੀਤ ਸਿੰਘ 9464626823 ਨਾਲ ਸਪੰਰਕ ਕਰਕੇ ਪਰਾਲੀ ਸੰਭਾਲਣ ਵਾਲੀ ਮਸ਼ੀਨਰੀ ਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੇ ਨਾੜ ਨੂੰ ਅੱਗ ਲੱਗਣ ਤੋਂ ਰੋਕਣ ਲਈ 125 ਕਲਸਟਰ ਅਫ਼ਸਰ ਅਤੇ 277 ਨੋਡਲ ਅਫ਼ਸਰ ਨਿਯੁੱਕਤ ਕੀਤਾ ਜਾ ਚੁੱਕੇ ਹਨ। ਉਨ੍ਹਾਂ ਨੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੇ ਨਾੜ ਨੂੰ ਅੱਗ ਨਾ ਲਗਾ ਕੇ ਉਸ ਨੂੰ ਜ਼ਮੀਨ ਵਿੱਚ ਹੀ ਵਾਹ ਕੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਵਿੱਚ ਪ੍ਰਸ਼ਾਸਨ ਦੀ ਮੱਦਦ ਕਰਨ।

## ਜਨਗਣਨਾ 2026 ਲਈ 'ਸਵੈ-ਗਣਨਾ' ਮੁਹਿੰਮ ਦੀ ਸ਼ੁਰੂਆਤ

# ਨਗਰ ਨਿਗਮ ਕਮਿਸ਼ਨਰ ਵੱਲੋਂ ਸ਼ਹਿਰ ਵਾਸੀਆਂ ਨੂੰ ਪੋਰਟਲ ਰਾਹੀਂ ਵੇਰਵੇ ਦਰਜ ਕਰਨ ਦੀ ਅਪੀਲ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੀ ਅਗਲੀ ਜਨਗਣਨਾ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜਨਗਣਨਾ ਕਾਰਜ ਪੰਜਾਬ ਦੇ ਡਿਪਟੀ ਡਾਇਰੈਕਟਰ ਸ਼੍ਰੀ ਅਮਿਤ ਕੁਮਾਰ ਭਾਰਗਵ ਅਤੇ ਸਟੈਟਿਸਟੀਕਲ ਇਨਵੈਸਟੀਗੇਟਰ ਗ੍ਰੇਡ-2 ਮਿਸ ਨਿਧੀ ਵੱਲੋਂ ਅੱਜ ਪਟਿਆਲਾ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨਾਲ ਮੁਲਾਕਾਤ ਕਰਕੇ ਜਨਗਣਨਾ ਦੀ ਪ੍ਰਕਿਰਿਆ ਅਤੇ ਖ਼ਾਸ ਕਰਕੇ 'ਸਵੈ-ਗਣਨਾ' ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ।

ਡਿਪਟੀ ਡਾਇਰੈਕਟਰ ਅਮਿਤ ਭਾਰਗਵ ਨੇ ਦੱਸਿਆ ਕਿ ਜਨਗਣਨਾ ਵਿਭਾਗ ਵੱਲੋਂ ਲੋਕਾਂ ਦੀ ਸਹੂਲਤ ਲਈ ਇਸ ਵਾਰ 'ਸਵੈ-ਗਣਨਾ' ਦਾ ਮੌਕਾ ਦਿੱਤਾ ਜਾ ਰਿਹਾ ਹੈ। ਇਸ ਤਹਿਤ ਲੋਕ 30 ਅਪ੍ਰੈਲ ਤੋਂ 14 ਮਈ 2026 ਤੱਕ ਸਰਕਾਰੀ ਪੋਰਟਲ https://se.census.gov.in/ 'ਤੇ ਜਾ ਕੇ ਆਪਣੇ ਅਤੇ ਆਪਣੇ ਪਰਿਵਾਰ ਦੇ ਵੇਰਵੇ ਖ਼ੁਦ ਦਰਜ ਕਰ ਸਕਦੇ ਹਨ। ਵੇਰਵੇ ਦਰਜ ਕਰਨ ਤੋਂ ਬਾਅਦ ਇੱਕ ਸਵੈ-ਗਣਨਾ ਆਈ.ਡੀ. ਤਿਆਰ ਹੋਵੇਗੀ। ਇਹ ਆਈ.ਡੀ. ਸੰਭਾਲ ਕੇ ਰੱਖਣੀ ਹੋਵੇਗੀ ਅਤੇ ਜਦੋਂ ਗਣਨਾਕਾਰ ਘਰ-ਘਰ ਆਉਣਗੇ, ਤਾਂ ਉਨ੍ਹਾਂ ਨਾਲ ਇਹ ਆਈ.ਡੀ. ਸਾਂਝੀ ਕਰਨੀ ਹੋਵੇਗੀ।

ਨਗਰ ਨਿਗਮ ਕਮਿਸ਼ਨਰ ਨੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਭਰੋਸਾ ਦਿੱਤਾ ਕਿ ਪਟਿਆਲਾ ਸ਼ਹਿਰ ਵਿੱਚ ਜਨਗਣਨਾ ਦੇ ਕੰਮ ਨੂੰ ਸਫ਼ਲਤਾਪੂਰਵਕ ਪੂਰਾ ਕਰਨ ਲਈ ਨਗਰ ਨਿਗਮ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਡਿਜੀਟਲ ਇੰਡੀਆ ਮੁਹਿੰਮ ਦਾ ਹਿੱਸਾ ਬਣਦੇ ਹੋਏ ਵੱਧ ਤੋਂ ਵੱਧ ਇਸ ਪੋਰਟਲ ਦੀ ਵਰਤੋਂ ਕਰਨ ਤਾਂ ਜੋ ਜਨਗਣਨਾ ਦਾ ਕੰਮ ਪਾਰਦਰਸ਼ੀ ਅਤੇ ਸਹੀ ਢੰਗ ਨਾਲ ਹੋ ਸਕੇ।

ਆਪਣੇ ਦੌਰੇ ਦੌਰਾਨ ਕੇਂਦਰੀ ਟੀਮ ਨੇ ਸਰਕਾਰੀ ਫੀਲ ਖਾਨਾ ਸਕੂਲ ਦਾ ਦੌਰਾ ਕੀਤਾ ਅਤੇ ਜਨਗਣਨਾ ਸਬੰਧੀ ਲਗਾਏ ਗਏ ਸਟਾਫ਼ ਅਤੇ ਪ੍ਰਬੰਧਾਂ ਦਾ ਨਿਰੀਖਣ ਕੀਤਾ। ਇਸ ਤੋਂ ਬਾਅਦ ਟੀਮ ਨੇ ਡਿਪਟੀ ਈ.ਐਸ.ਏ. ਦਫ਼ਤਰ ਵਿਖੇ ਵੀ ਮੀਟਿੰਗ ਕੀਤੀ ਅਤੇ ਅੰਕੜਾ ਇਕੱਤਰ ਕਰਨ ਦੀ ਵਿਧੀ ਬਾਰੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀ ਅਤੇ ਜਨਗਣਨਾ ਵਿਭਾਗ ਦੇ ਕਰਮਚਾਰੀ ਹਾਜ਼ਰ ਸਨ। ਨਿਗਮ ਕਮਿਸ਼ਨਰ ਨੇ ਦੁਹਰਾਇਆ ਕਿ ਸਹੀ ਜਨਗਣਨਾ ਹੀ ਸ਼ਹਿਰ ਦੇ ਭਵਿੱਖੀ ਵਿਕਾਸ ਅਤੇ ਯੋਜਨਾਵਾਂ ਲਈ ਅਹਿਮ ਆਧਾਰ ਸਾਬਤ ਹੋਵੇਗੀ।

# ਪਟਿਆਲਾ ਵਿੱਚ ਮਨਾਇਆ ਗਿਆ ਵਿਸ਼ਵ ਮਲੇਰੀਆ ਦਿਵਸ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਪਟਿਆਲਾ ਡਾ. ਸ਼ੈਲੀ ਜੇਤਲੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਮੈਡੀਕਲ ਸੁਪਰਡੈਂਟ ਡਾ. ਵਿਕਾਸ ਗੋਇਲ ਦੀ ਅਗਵਾਈ ਹੇਠ ਪਟਿਆਲਾ ਵਿੱਚ ਮਾਤਾ ਕੁਸ਼ੱਲਿਆ ਹਸਪਤਾਲ ਵਿੱਚ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਇਸ ਸਾਲ ਦਾ ਥੀਮ ਮਲੇਰੀਏ ਨੂੰ ਖਤਮ ਕਰਨ ਲਈ ਪ੍ਰੇਰਿਤ, ਹੁਣ ਅਸੀਂ ਕਰ ਸਕਦੇ ਹਾਂ, ਸਾਨੂੰ ਕਰਨਾ ਚਾਹੀਦ ਰੱਖਿਆ ਗਿਆ, ਜਿਸਦਾ ਮਕਸਦ ਮਲੇਰੀਏ ਦੇ ਖਾਤਮੇ ਲਈ ਤੁਰੰਤ ਕਾਰਵਾਈ, ਨਵੀਂ ਸੋਚ ਅਤੇ ਸਾਂਝੀ ਜ਼ਿੰਮੇਵਾਰੀ ਨੂੰ ਉਭਾਰਨਾ ਹੈ।

ਇਸ ਮੌਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਮਲੇਰੀਏ ਤੋਂ ਬਚਾਅ ਅਤੇ ਇਲਾਜ ਬਾਰੇ ਜਾਗਰੂਕ ਕੀਤਾ ਗਿਆ। ਮਲੇਰੀਆ ਇੱਕ ਸੰਕਰਾਮਕ ਬਿਮਾਰੀ ਹੈ ਜੋ ਸੰਕਰਮਿਤ ਮਾਦਾ ਐਨੋਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਮੱਛਰ ਦੇ ਕੱਟਣ ਤੋਂ ਬਾਅਦ ਪਰਜੀਵੀ ਖੂਨ ਵਿੱਚ ਦਾਖਲ ਹੋ ਕੇ ਜਿਗਰ ਵਿੱਚ ਵਧਦੇ ਹਨ ਅਤੇ ਫਿਰ ਲਾਲ ਖੂਨ ਦੇ ਸੈੱਲਾਂ ਨੂੰ ਪ੍ਰਭਾਵਿਤ ਕਰਦੇ ਹਨ।

ਮਲੇਰੀਏ ਦੇ ਲੱਛਣ ਆਮ ਤੌਰ 'ਤੇ 10 ਤੋਂ 15 ਦਿਨਾਂ ਵਿੱਚ ਸਾਹਮਣੇ ਆਉਂਦੇ ਹਨ। ਇਸ ਦੇ ਆਮ ਲੱਛਣਾਂ ਵਿੱਚ ਤੇਜ਼ ਬੁਖਾਰ, ਕੰਬਣੀ ਛਿੜਨਾ, ਤਰੇਲੀਆਂ ਆਉਣਾ, ਸਿਰ ਦਰਦ, ਜੀ ਕੱਚਾ ਹੋਣਾ, ਉਲਟੀਆਂ, ਮਾਸਪੇਸ਼ੀਆਂ ਵਿੱਚ ਦਰਦ ਅਤੇ ਥਕਾਵਟ ਸ਼ਾਮਲ ਹਨ। ਗੰਭੀਰ ਹਾਲਤ ਵਿੱਚ ਮਰੀਜ਼ ਨੂੰ ਬੇਹੋਸ਼ੀ, ਸਾਹ ਲੈਣ ਵਿੱਚ ਦਿੱਕਤ, ਖੂਨ ਦੀ ਕਮੀ ਅਤੇ ਅੰਗਾਂ ਦੇ ਫੇਲ ਹੋਣ ਵਰਗੀਆਂ ਸਮੱਸਿਆਵਾਂ ਵੀ ਆ ਸਕਦੀਆਂ ਹਨ।

ਸਿਵਲ ਸਰਜਨ ਨੇ ਦੱਸਿਆ ਕਿ ਗਰਭਵਤੀ ਮਹਿਲਾਵਾਂ, ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ, ਅਤੇ ਕਮਜ਼ੋਰ ਰੋਗ ਪ੍ਰਤੀਰੋਧਕ ਸ਼ਕਤੀ ਵਾਲੇ ਵਿਅਕਤੀਆਂ ਨੂੰ ਮਲੇਰੀਆ ਹੋਣ ਦਾ ਵੱਧ ਖ਼ਤਰਾ ਹੈ। ਇਸ ਤੋਂ ਇਲਾਵਾ ਜਿੱਥੇ ਗੰਦਗੀ ਅਤੇ ਖੜ੍ਹਾ ਪਾਣੀ ਹੁੰਦਾ ਹੈ, ਉੱਥੇ ਮੱਛਰਾਂ ਦੀ ਵਾਧੂ ਪੈਦਾਵਾਰ ਹੁੰਦੀ ਹੈ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮਲੇਰੀਏ ਤੋਂ ਬਚਾਅ ਲਈ ਆਪਣੇ ਆਲੇ-ਦੁਆਲੇ ਖੜ੍ਹਾ ਪਾਣੀ ਨਾ ਰਹਿਣ ਦਿਉ, ਪਾਣੀ ਵਾਲੇ ਭਾਂਡੇ ਢੱਕ ਕੇ ਰੱਖੋ, ਪੂਰੀਆਂ ਬਾਂਹਾਂ ਵਾਲੇ ਕੱਪੜੇ ਪਹਿਨੋ ਅਤੇ ਮੱਛਰਦਾਨੀਆਂ ਅਤੇ ਮੌਸਕੀਟੋ ਰੈਪੈਲੈਂਟ ਦਾ ਇਸਤੇਮਾਲ ਕਰੋ। ਮਾਨਸੂਨ ਦੇ ਦੌਰਾਨ ਖਾਸ ਸਾਵਧਾਨੀ ਵਰਤਣ ਦੀ ਲੋੜ ਹੈ।

ਇਸ ਮੌਕੇ ਜਿਲਾ ਐਪਿਡੇਮੌਲੋਜਿਸਟ ਡਾ.ਸੁਮਿਤ ਨੇ ਦੱਸਿਆ ਕਿ 2024 ਵਿੱਚ ਪੰਜਾਬ 'ਚ ਮਲੇਰੀਏ ਦੇ 23 ਅਤੇ 2025 'ਚ 16 ਕੇਸ ਦਰਜ ਕੀਤੇ ਗਏ ਸਨ ਪਰ ਸਿਹਤ ਵਿਭਾਗ ਦੇ ਉਪਰਾਲਿਆਂ ਸਦਕਾ ਪਿਛਲੇ ਪੰਜ ਸਾਲਾਂ ਤੋਂ ਲੋਕਲ ਅਬਾਦੀ ਵਿੱਚ ਮਲੇਰੀਏ ਦਾ ਕੋਈ ਕੇਸ ਨਹੀਂ ਆਇਆ।ਉਹਨਾ ਇਹ ਵੀ ਦੱਸਿਆ ਕਿ ਮਲੇਰੀਏ ਦਾ ਸਮੇਂ 'ਤੇ ਇਲਾਜ ਸੰਭਵ ਹੈ ਅਤੇ ਜੇਕਰ ਲੱਛਣ ਨਜ਼ਰ ਆਉਣ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ। ਇਸ ਦਿਨ ਦਾ ਮੂਲ ਉਦੇਸ਼ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਮਲੇਰੀਏ ਦੇ ਖਾਤਮੇ ਲਈ ਸਾਂਝੀਆਂ ਕੋਸ਼ਿਸ਼ਾਂ ਨੂੰ ਤੇਜ਼ ਕਰਨਾ ਹੈ।

ਇਸ ਮੌਕੇ ਡਾ.ਯਾਦਵਿੰਦਰ ਸਿੰਘ, ਡਾ.ਪਵਿੱਤਰ ਸਿੰਘ, ਜਿਲਾ ਮਾਸ ਮੀਡੀਆ ਅਫਸਰ ਕੁਲਵੀਰ ਕੌਰ, ਜਿਲਾ ਬੀਸੀਸੀ ਕੋਆਰਡੀਨੇਟਰ ਜਸਵੀਰ ਕੌਰ, ਐਸਆਈ ਰਣ ਸਿੰਘ ਅਤੇ ਪਰਮਜੀਤ ਸਿੰਘ ਤੋਂ ਇਲਾਵਾ ਐਲਐਚਵੀ ਅਨੀਤਾ ਰਾਣੀ ਮੌਜੂਦ ਸਨ।

# ਗੋਇਲਜ਼ ਚੈਰੀਟੇਬਲ ਟਰੱਸਟ ਵੱਲੋਂ ਅੰਗ ਅਤੇ ਅੱਖਾਂ ਦੇ ਦਾਨ ਬਾਰੇ ਲੋਕਾਂ ਨੂੰ ਪ੍ਰੇਰਿਤ ਕਰਨ ਦੀ ਮੁਹਿੰਮ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਗੋਇਲਜ਼ ਚੈਰੀਟੇਬਲ ਫਾਊਂਡੇਸ਼ਨ ਟਰੱਸਟ (ਰਜਿਸਟ੍ਰਡ) ਵੱਲੋਂ ਭਾਰਤ ਵਿਕਾਸ ਪ੍ਰੀਸ਼ਦ ਅਤੇ ਅਗਰਵਾਲ ਸਮਾਜ ਸਭਾ ਦੇ ਸਹਿਯੋਗ ਨਾਲ ਮਨੀਪਾਲ ਹਸਪਤਾਲ, ਪਟਿਆਲਾ ਵਿਖੇ ਸਰੀਰ, ਅੰਗ ਅਤੇ ਅੱਖਾਂ ਦੇ ਦਾਨ ਬਾਰੇ ਜਾਗਰੂਕਤਾ ਫੈਲਾਉਣ ਲਈ ਤੀਜਾ ਅੰਤਰ-ਕਿਰਿਆਸ਼ੀਲ ਸੈਮੀਨਾਰ ਆਯੋਜਿਤ ਕੀਤਾ ਗਿਆ।

ਇਸ ਸਮਾਗਮ ਵਿੱਚ ਮਨੀਪਾਲ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵਿੱਚ ਡਾ.ਸੰਦੀਪ ਚੰਬਾ, ਡਾ.ਯੋਗੇਸ਼ ਗਰਗ, ਡਾ. ਨਿਤਿਨ ਗੁਪਤਾ, ਡਾ. ਰਾਜਨ ਸਿੰਗਲਾ, ਸਰਕਾਰੀ ਮੈਡੀਕਲ ਕਾਲਜ ਦੇ ਐਨਾਟੋਮੀ ਵਿਭਾਗ ਦੇ ਮੁਖੀ, ਅੱਖਾਂ ਦੇ ਬੈਂਕ ਦੇ ਡਾਕਟਰ, ਸ਼੍ਰੀ ਸੰਜੇ ਰਾਏ, ਸ਼੍ਰੀ ਪ੍ਰਦੀਪ ਸ਼ਰਮਾ (ਡਿਪਟੀ ਮੈਨੇਜਰ) ਅਤੇ ਸ਼੍ਰੀ ਹਿਤੇਸ਼ ਗੋਇਲ (ਕਾਰਪੋਰੇਟ ਕਾਰਜਕਾਰੀ) ਨੇ ਹਿੱਸਾ ਲਿਆ।

ਟਰੱਸਟ ਦੇ ਪ੍ਰਧਾਨ ਸ਼੍ਰੀ ਪਵਨ ਗੋਇਲ ਨੇ ਸਰੀਰ, ਅੰਗਾਂ ਅਤੇ ਅੱਖਾਂ ਦੇ ਦਾਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇੱਕ ਦਾਨੀ ਅੱਠ ਵਿਅਕਤੀਆਂ ਨੂੰ ਨਵੀਂ ਜ਼ਿੰਦਗੀ ਦੇ ਸਕਦਾ ਹੈ ਅਤੇ ਜੀਵਨ ਕਾਲ ਦੌਰਾਨ ਵੀ ਕੁਝ ਅੰਗਾਂ ਦਾ ਦਾਨ ਕੀਤਾ ਜਾ ਸਕਦਾ ਹੈ।

ਸੈਮੀਨਾਰ ਦੌਰਾਨ ਜਾਗਰੂਕਤਾ ਵਧਾਉਣ ਲਈ ਕਈ ਸੁਝਾਅ ਵੀ ਦਿੱਤੇ ਗਏ, ਜਿਵੇਂ ਕਿ ਹਸਪਤਾਲਾਂ ਵਿੱਚ ਫਲੈਕਸ ਲਗਾਉਣਾ, ਦਾਨ ਕਾਰਡ ਜਾਰੀ ਕਰਨਾ ਅਤੇ ਸਮਾਜਿਕ ਸਮਾਗਮਾਂ ਵਿੱਚ ਅਪੀਲ ਕਰਨਾ।

ਇਸ ਮੌਕੇ 'ਤੇ 9 ਵਿਅਕਤੀਆਂ ਨੇ ਮੌਤ ਤੋਂ ਬਾਅਦ ਸਰੀਰ ਦਾਨ ਅਤੇ 8 ਵਿਅਕਤੀਆਂ ਨੇ ਅੱਖਾਂ ਦਾਨ ਕਰਨ ਦੀ ਇੱਛਾ ਜਤਾਈ। ਟਰੱਸਟ ਵੱਲੋਂ ਮੀਡੀਆ ਨੂੰ ਅਪੀਲ ਕੀਤੀ ਗਈ ਹੈ ਕਿ ਇਸ ਮਨੁੱਖਤਾ ਭਰਪੂਰ ਮੁਹਿੰਮ ਨੂੰ ਵਿਆਪਕ ਤੌਰ 'ਤੇ ਪ੍ਰਚਾਰਿਤ ਕੀਤਾ ਜਾਵੇ।

# ਭਾਈ ਅੰਮ੍ਰਿਤਪਾਲ ਸਿੰਘ ਵਿਧਾਨ ਸਭਾ ਚੋਣਾਂ ਦੌਰਾਨ ਪਾਰਟੀ ਦੇ ਮੁੱਖ ਮੰਤਰੀ ਅਹੁਦੇ ਦਾ ਚਿਹਰਾ ਹੋਣਗੇ : ਜੌਹਲ



**ਲੁਧਿਆਣਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਾਲੀ ਦਲ 'ਵਾਰਿਸ ਪੰਜਾਬ ਦੇ' ਪੰਜਾਬ ਕੋਆਰਡੀਨੇਟਰ ਪਰਮਜੀਤ ਸਿੰਘ ਜੌਹਲ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕੀਤੀ ਤੇ ਦੱਸਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਆਉਂਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪਾਰਟੀ ਦੇ ਮੁੱਖ ਮੰਤਰੀ ਅਹੁਦੇ ਦਾ ਚਿਹਰਾ ਹੋਣਗੇ।

ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ 'ਤੇ ਲੱਗਿਆ ਐੱਨਐੱਸਏ ਖ਼ਤਮ ਹੋ ਚੁੱਕਾ ਹੈ ਅਤੇ ਜੇ ਕੋਈ ਅਪਰਾਧ ਬਣਦਾ ਹੈ, ਤਾਂ ਪੰਜਾਬ ਵਿਚ ਮਾਮਲਾ ਚਲਾਇਆ ਜਾਣਾ ਚਾਹੀਦਾ ਹੈ।

# ਵਿਸ਼ੇਸ਼ ਕੈਂਪਾਂ ਦਾ ਉਦੇਸ਼ ਲੋਕਾਂ ਵਿੱਚ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣੀ : ਸਿਵਲ ਸਰਜਨ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਇਲਾਕੇ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ਹਿਰਾਂ ਅਤੇ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਵਿੱਚ ਅੱਖਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣੀ ਅਤੇ ਸਮੇਂ ਸਿਰ ਇਲਾਜ ਯਕੀਨੀ ਬਣਾਉਣ ਵੱਲ ਇੱਕ ਸ਼ਲਾਘਾਯੋਗ ਉਪਰਾਲਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਸੈਲੀ ਜੇਤਲੀ ਸਿਵਲ ਸਰਜਨ ਪਟਿਆਲਾ ਵੱਲੋਂ ਬਾਬੂ ਸਿੰਘ ਕਲੋਨੀ ਵਿਖੇ ਲਗਾਏ ਗਏ ਅੱਖਾਂ ਦੀ ਜਾਂਚ ਦੇ ਮੁਫਤ ਕੈਂਪ ਦੌਰਾਨ ਕੀਤਾ ਗਿਆ । ਡਾ. ਗੁਰਪ੍ਰੀਤ ਸਿੰਘ ਨਾਗਰਾ ਸੀਨੀਅਰ ਮੈਡੀਕਲ ਅਫਸਰ ਨੇ ਦੱਸਿਆ ਕਿ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੇ ਵਿਸ਼ੇਸ਼ ਉਪਰਾਲੇ ਸਦਕਾ ਲਗਾਏ ਜਾ ਰਹੇ ਕੈਂਪਾਂ ਦੀ ਲੜੀ ਤਹਿਤ ਅੱਜ ਅੱਖਾਂ ਜਾਂਚ ਦਾ ਮੁਫਤ ਕੈਂਪ ਬਾਬੂ ਸਿੰਘ ਕਲੋਨੀ ਵਿਖੇ ਲਗਾਇਆ ਗਿਆ ਹੈ॥ ਜਿਸ ਵਿੱਚ ਮਾਤਾ ਕੁਸ਼ੱਲਿਆ ਹਸਪਤਾਲ ਤੋਂ ਅੱਖਾਂ ਦੇ ਮਾਹਿਰ ਡਾਕਟਰ ਅਨੁਰੀਤ ਨੇ ਕੈਂਪ ਵਿੱਚ ਪਹੁੰਚ ਕੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ। ਇਸ ਬਾਰੇ ਡਾਕਟਰ ਨਾਗਰਾ ਨੇ ਦੱਸਿਆ ਕਿ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਤਹਿਤ ਅੱਜ ਬਾਬੂ ਸਿੰਘ ਕਲੋਨੀ ਵਿਖੇ 165 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਨ੍ਹਾਂ ਵਿੱਚੋਂ 85 ਦੇ ਲਗਭਗ ਲੋੜਵੰਦਾਂ ਨੂੰ ਐਨਕਾਂ ਵੀ ਵੰਡੀਆਂ ਗਈਆਂ ਅਤੇ 4 ਮਰੀਜ਼ਾਂ ਨੂੰ ਮਾਤਾ ਕੁਸ਼ੱਲਿਆ ਹਸਪਤਾਲ ਵਿਖੇ ਰੈਫਰ ਕੀਤਾ ਗਿਆ। ਇਸ ਮੌਕੇ ਨੇ ਜਾਣਕਾਰੀ ਦਿੱਤੀ ਕਿ ਆਉਂਦੇ ਦਿਨਾਂ ਵਿੱਚ ਵੀ ਇਹ ਵਿਸ਼ੇਸ਼ ਕੈਂਪ ਜਾਰੀ ਰਹਿਣਗੇ, ਜਿਸ ਤਹਿਤ ਮਿਤੀ 26 ਅਪ੍ਰੈਲ ਨੂੰ ਪਿੰਡ ਲੰਗ ਵਿਖੇ ਅੱਖਾਂ ਦੀ ਜਾਂਚ ਦੇ ਮੁਫਤ ਵਿਸ਼ੇਸ਼ ਕੈਂਪ ਲੱਗੇਗਾ।ਜਿਸ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਮੂਲੀਅਤ ਕਰਕੇ ਇਨ੍ਹਾਂ ਕੈਂਪਾਂ ਦਾ ਲਾਹਾ ਲੈਣਾ ਚਾਹੀਦਾ ਹੈ। ਕੈਂਪ ਲਈ ਸਥਾਨਕ ਆਗੂਆਂ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਡਾਕਟਰ ਜੈਸਮੀਨ, ਡਾਕਟਰ ਵਰਿੰਦਰ,ਜਿਲਾ ਬੀਸੀਸੀ ਕੋਆਰਡੀਨੇਟਰ ਜ਼ਸਵੀਰ ਕੌਰ, ਸੁਖਜੀਤ ਸਿੰਘ ਬਲਾਕ ਐਕਸਟੈਂਸ਼ਨ ਐਜੂਕੇਟਰ, ਕੁਮਕੁਮ ਅਪਥੈਲਮਿਕ ਅਫਸਰ ਸਮੇਤ ਸਮੂਹ ਸਿਹਤ ਕਰਮਚਾਰੀ ਹਾਜ਼ਰ ਸਨ।

# ਵਿਧਾਇਕ ਕੋਹਲੀ ਵੱਲੋਂ ਸਫਾਵਾਦੀ ਗੇਟ ਤੋਂ ਤੀਰਥ ਯਾਤਰੀਆਂ ਦਾ ਜਥਾ ਰਵਾਨਾ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਸਫ਼ਾਵਾਦੀ ਗੇਟ ਤੋਂ ਤੀਰਥ ਯਾਤਰੀਆਂ ਦਾ ਇਕ ਜਥਾ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਰਵਾਨਾ ਕੀਤਾ ਗਿਆ। ਇਸ ਮੌਕੇ ਇਲਾਕਾ ਵਾਸੀਆਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਯਾਤਰੀਆਂ ਨੂੰ ਫੁੱਲਾਂ ਦੀਆਂ ਮਾਲਾਵਾਂ ਪਾ ਕੇ ਅਤੇ ਸ਼ੁਭਕਾਮਨਾਵਾਂ ਦੇ ਕੇ ਵਿਦਾ ਕੀਤਾ ਗਿਆ। ਇਹ ਜਥਾ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਸਥਿਤ ਸ੍ਰੀ ਦਰਬਾਰ ਸਾਹਿਬ ਅਤੇ ਪ੍ਰਸਿੱਧ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਣ ਲਈ ਰਵਾਨਾ ਹੋਇਆ ਹੈ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਹ ਸਕੀਮ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਸੋਚ ਦਾ ਨਤੀਜਾ ਹੈ, ਜਿਸ ਦਾ ਮਕਸਦ ਆਮ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਇਸ ਸਕੀਮ ਰਾਹੀਂ ਹਜ਼ਾਰਾਂ ਲੋਕ ਲਾਭ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਯਾਤਰੀਆਂ ਦੀ ਸੁਵਿਧਾ ਲਈ ਆਵਾਜਾਈ, ਰਹਾਇਸ਼ ਅਤੇ ਭੋਜਨ ਆਦਿ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਉਹ ਬਿਨਾਂ ਕਿਸੇ ਚਿੰਤਾ ਦੇ ਧਾਰਮਿਕ ਯਾਤਰਾ ਕਰ ਸਕਣ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਯਾਤਰਾਵਾਂ ਨਾਲ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ। ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਕੀਮ ਧਾਰਮਿਕ ਵਿਸ਼ਵਾਸ ਨਾਲ ਜੁੜੇ ਲੋਕਾਂ ਲਈ ਇਕ ਵੱਡੀ ਸੌਗਾਤ ਹੈ।ਇਸ ਮੌਕੇ ਵਾਰਡ ਨੰਬਰ 41 ਤੋਂ ਐਮ ਸੀ ਅਮਨਪ੍ਰੀਤ ਕੌਰ, ਜਸਬੀਰ ਸਿੰਘ ਬਿੱਟੂ, ਹਰਮਿੰਦਰਪਾਲ ਸਿੰਘ ਵਿੰਟੀ ਹਲਕਾ ਕੋਆਰਡੀਨੇਟਰ ਪਟਿਆਲਾ ਤੋਂ ਇਲਾਵਾ ਇਲਾਕਾ ਵਾਸੀ ਵੱਡੀ ਗਿਣਤੀ ਚ ਮੌਜੂਦ ਸਨ।

# ਬਿਨਾਂ ਰਜਿਸਟ੍ਰੇਸ਼ਨ ਵਾਲੇ ਈ-ਰਿਕਸ਼ਿਆਂ 'ਤੇ ਸ਼ਿਕੰਜਾ, 15 ਚਾਲਕਾਂ ਦੇ ਕੱਟੇ ਚਲਾਨ



**ਮਲੇਰਕੋਟਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਉਪ ਮੰਡਲ ਮੈਜਿਸਟ੍ਰੇਟ ਮਾਲੇਰਕੋਟਲਾ ਕਨੂ ਗਰਗ ਦੀਆਂ ਹਦਾਇਤਾਂ ਤਹਿਤ ਸਹਾਇਕ ਖੇਤਰੀ ਟਰਾਂਸਪੋਰਟ ਅਫ਼ਸਰ ਸ਼ਹਿਨਾਜ ਪ੍ਰਵੀਨ ਵੱਲੋਂ ਸਥਾਨਕ ਟਰੈਫਿਕ ਪੁਲਿਸ ਦੇ ਸਹਿਯੋਗ ਨਾਲ ਸ਼ਹਿਰ ਦੇ ਵੱਖ-ਵੱਖ ਮਹੱਤਵਪੂਰਨ ਸਥਾਨਾਂ ਜਿਵੇਂ ਕਿ ਦਿੱਲੀ ਗੇਟ, ਟਰੱਕ ਯੂਨੀਅਨ ਅਤੇ ਗਰੇਵਾਲ ਚੌਂਕ ਵਿਖੇ ਵਿਸ਼ੇਸ਼ ਇੰਨਫੋਰਸਮੈਂਟ ਡਰਾਇਵ ਚਲਾਈ ਗਈ। ਇਸ ਡਰਾਇਵ ਦਾ ਮੁੱਖ ਉਦੇਸ਼ ਈ-ਰਿਕਸ਼ਾ ਚਾਲਕਾਂ ਨੂੰ ਤੰਗ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਗਰੂਕ ਕਰਨਾ ਅਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣਾ ਸੀ।

ਕਾਰਵਾਈ ਦੌਰਾਨ ਬਿਨਾਂ ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਬਿਨਾਂ ਵੈਧ ਡਰਾਈਵਿੰਗ ਲਾਇਸੈਂਸ ਦੇ ਈ-ਰਿਕਸ਼ਾ ਚਲਾਉਣ ਵਾਲੇ 15 ਚਾਲਕਾਂ ਦੇ ਚਲਾਨ ਕੀਤੇ ਗਏ। ਇਸ ਤੋਂ ਇਲਾਵਾ, ਬਿਨਾਂ ਨੰਬਰੀ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਈ ਈ-ਰਿਕਸ਼ਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਕੁਝ ਵਾਹਨਾਂ ਨੂੰ ਜ਼ਬਤ ਵੀ ਕੀਤਾ ਗਿਆ। ਅਧਿਕਾਰੀਆਂ ਨੇ ਕਿਹਾ ਕਿ ਸ਼ਹਿਰ ਵਿੱਚ ਟਰੈਫਿਕ ਪ੍ਰਬੰਧ ਨੂੰ ਸੁਚਾਰੂ ਬਣਾਉਣ ਲਈ ਇਸ ਤਰ੍ਹਾਂ ਦੀਆਂ ਮੁਹਿੰਮਾਂ ਆਗਾਮੀ ਸਮੇਂ ਵਿੱਚ ਵੀ ਜਾਰੀ ਰਹਿਣਗੀਆਂ।ਆਰ.ਟੀ.ਓ. ਅਧਿਕਾਰੀਆਂ ਅਤੇ ਪੁਲਿਸ ਵੱਲੋਂ ਸਾਰੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਵਾਹਨਾਂ ਦੇ ਪੂਰੇ ਦਸਤਾਵੇਜ਼ ਨਾਲ ਰੱਖਣ, ਵੈਧ ਡਰਾਈਵਿੰਗ ਲਾਇਸੈਂਸ ਬਣਵਾਉਣ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਨਿਯਮਾਂ ਦੀ ਪਾਲਣਾ ਨਾਲ ਹੀ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕਦਾ ਹੈ ਅਤੇ ਜਨਤਾ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ।

# ਹਰਦਿਆਲ ਸਿੰਘ ਭੱਟੀ ਕੌਮੀ ਪ੍ਰਧਾਨ ਦਾ ਗੁਰਦੁਆਰਾ ਸ੍ਰੀ ਦਸ਼ਮੇਸ਼ਗੜ੍ਹ ਸਾਹਿਬ ਧਾਮੋ ਮਾਜਰਾ ਦੀਆਂ ਸੰਗਤਾਂ ਵੱਲੋਂ ਸਨਮਾਨ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਦਿਆਲ ਸਿੰਘ ਭੱਟੀ ਕੌਮੀ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਨੂੰ ਗੁਰਦੁਆਰਾ ਸ੍ਰੀ ਦਸ਼ਮੇਸ਼ਗੜ੍ਹ ਸਾਹਿਬ ਧਾਮੋ ਮਾਜਰਾ, ਪਟਿਆਲਾ ਜੀ ਦੀਆਂ ਸੰਗਤਾਂ ਵੱਲੋਂ ਜਿੱਥੇ ਸਿਰੋਪਾ ਪਾ ਕੇ ਸਨਮਾਨਿਤ ਕੀਤਾ ਉਥੇ ਇਸ ਨਿਯੁਕਤੀ ਲਈ ਸ. ਸੁਖਬੀਰ ਸਿੰਘ ਜੀ ਬਾਦਲ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਅਤੇ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਜੀ ਅਤੇ ਖਾਸ ਕਰਕੇ ਜੱਥੇਦਾਰ ਹੀਰਾ ਸਿੰਘ ਗਾਬੜੀਆ ਜੀ ਕੌਮੀ ਪ੍ਰਧਾਨ ਸ੍ਰੋਮਣੀ ਅਕਾਲੀ ਦਲ (ਪਛੜੀਆਂ ਸ੍ਰੇਣੀਆਂ ਵਿੰਗ) ਦਾ ਧੰਨਵਾਦ ਪੂਰਨ ਬ੍ਰਹਮ ਗਿਆਨੀ ਸ਼੍ਰੀਮਾਨ ਸੰਤ ਬਾਬਾ ਕਰਤਾਰ ਸਿੰਘ ਭੈਰੋ ਮਾਜਰੇ ਵਾਲੇ ਦੇ ਅਨਨ ਸੇਵਕ ਸੰਤ ਬਾਬਾ ਕੁਲਵਿੰਦਰ ਸਿੰਘ ਜੀ ਨੇ ਕਰਦਿਆਂ ਕਿਹਾ ਕਿ ਹਰਦਿਆਲ ਸਿੰਘ ਭੱਟੀ ਇੱਕ ਪੜੇ ਲਿਖੇ, ਜੁਝਾਰੂ, ਨੇਕ ਇਨਸਾਨ ਹਨ ਜਿਨ੍ਹਾਂ ਨੇ ਹਮੇਸ਼ਾ ਹੀ ਪੰਥ ਦੀ ਚੜ੍ਹਦੀ ਕਲਾ ਅਤੇ ਪੰਥ ਲਈ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਾਂਗ ਕੰਮ ਕੀਤਾ ਹੈ। ਇਸ ਮੌਕੇ ਉਹਨਾਂ ਵੱਲੋਂ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਦੇ ਛੋਟੇ ਭਰਾ ਸਰਦਾਰ ਹਰਦਿਆਲ ਸਿੰਘ ਭੱਟੀ ਨੂੰ ਅਸੀਸ ਦਿੰਦਿਆਂ ਕਿਹਾ ਗਿਆ ਕਿ ਹਮੇਸ਼ਾ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਆਗਿਆ ਵਿੱਚ ਚਲਿਆ ਜਾਵੇ ਅਤੇ ਦੇਸ਼ ਕੌਮ ਦੀ ਸੇਵਾ ਪੂਰੀ ਇਮਾਨਦਾਰੀ ਤਨਦੇਹੀ ਅਤੇ ਬਚਨ ਬਧਤਾ ਨਾਲ ਕੀਤੀ ਜਾਵੇ।

# ਕਿਰਾਏ ਦੇ ਖ਼ਰਚੇ ਤੋਂ ਮਿਲੇਗੀ ਨਿਜਾਤ, ਨਿਗਮ ਨੇ 63 ਲੱਖ ਦੀ ਆਪਣੀ ਨਵੀਂ 'ਪੋਕਲੇਨ' ਮਸ਼ੀਨ ਖਰੀਦੀ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਾਹੀ ਸ਼ਹਿਰ ਪਟਿਆਲਾ ਨੂੰ ਸਾਫ਼-ਸੁਥਰਾ ਬਣਾਉਣ ਅਤੇ ਬਰਸਾਤਾਂ ਦੌਰਾਨ ਪਾਣੀ ਦੀ ਨਿਕਾਸੀ ਨੂੰ ਸੁਚਾਰੂ ਰੱਖਣ ਲਈ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ ਨਗਰ ਨਿਗਮ ਨੇ ਇੱਕ ਇਤਿਹਾਸਕ ਕਦਮ ਚੁੱਕਿਆ ਹੈ। ਨਗਰ ਨਿਗਮ ਪਟਿਆਲਾ ਨੇ ਪਹਿਲੀ ਵਾਰ ਆਪਣੀ ਨਵੀਂ ਪੋਕਲੇਨ ਮਸ਼ੀਨ ਖਰੀਦ ਲਈ ਹੈ, ਜਿਸ ਦੀ ਸ਼ੁਰੂਆਤ ਅੱਜ ਮੇਅਰ ਨੇ ਨਿਗਮ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਮਿਲ ਕੇ ਕੀਤੀ। ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਨਗਰ ਨਿਗਮ ਵੱਲੋਂ ਨਦੀ-ਨਾਲਿਆਂ ਦੀ ਸਫ਼ਾਈ ਲਈ ਪ੍ਰਾਈਵੇਟ ਕੰਪਨੀਆਂ ਤੋਂ ਮਸ਼ੀਨਾਂ ਕਿਰਾਏ 'ਤੇ ਲਈਆਂ ਜਾਂਦੀਆਂ ਸਨ, ਜਿਸ ਲਈ ਲਗਭਗ 70 ਲੱਖ ਰੁਪਏ ਤੱਕ ਦਾ ਭਾਰੀ ਕਿਰਾਇਆ ਅਦਾ ਕਰਨਾ ਪੈਂਦਾ ਸੀ। ਹੁਣ ਨਿਗਮ ਨੇ ਸਿਰਫ਼ 63 ਲੱਖ ਰੁਪਏ ਦੀ ਲਾਗਤ ਨਾਲ ਆਪਣੀ ਨਵੀਂ ਮਸ਼ੀਨ ਖਰੀਦ ਲਈ ਹੈ।

ਇਸ ਨਾਲ ਨਾ ਸਿਰਫ਼ ਸਰਕਾਰੀ ਖ਼ਜ਼ਾਨੇ ਦੀ ਬੱਚਤ ਹੋਵੇਗੀ, ਸਗੋਂ ਸਫ਼ਾਈ ਦਾ ਕੰਮ ਵੀ ਬਿਨਾਂ ਕਿਸੇ ਰੁਕਾਵਟ ਦੇ ਸਾਰਾ ਸਾਲ ਚੱਲ ਸਕੇਗਾ।

ਇਹ ਮਸ਼ੀਨ ਆਧੁਨਿਕ ਤਕਨੀਕ ਨਾਲ ਲੈਸ ਹੈ ਅਤੇ ਇਸ ਦੀ ਖ਼ਾਸੀਅਤ ਇਹ ਹੈ ਕਿ ਇਹ 42 ਫੁੱਟ ਦੀ ਦੂਰੀ ਤੱਕ ਨਦੀਆਂ ਅਤੇ ਵੱਡੇ ਨਾਲਿਆਂ ਦੀ ਸਫ਼ਾਈ ਬੇਹੱਦ ਪ੍ਰਭਾਵਸ਼ਾਲੀ ਤਰੀਕੇ ਨਾਲ ਕਰ ਸਕਦੀ ਹੈ। ਮੇਅਰ ਨੇ ਕਿਹਾ ਕਿ ਮਾਨਸੂਨ ਦੇ ਮੌਸਮ ਤੋਂ ਪਹਿਲਾਂ ਵੱਡੇ ਨਾਲਿਆਂ ਅਤੇ ਨਦੀਆਂ ਵਿੱਚੋਂ ਗਾਰ ਕੱਢਣ ਲਈ ਇਹ ਮਸ਼ੀਨ ਮੀਲ ਦਾ ਪੱਥਰ ਸਾਬਤ ਹੋਵੇਗੀ ਅਤੇ ਸ਼ਹਿਰ ਵਾਸੀਆਂ ਨੂੰ ਹੜ੍ਹਾਂ ਵਰਗੀ ਸਥਿਤੀ ਤੋਂ ਬਚਾਉਣ ਵਿੱਚ ਮਦਦਗਾਰ ਰਹੇਗੀ।

ਮਸ਼ੀਨ ਦੀ ਸ਼ੁਰੂਆਤ ਮੌਕੇ ਨਗਰ ਨਿਗਮ ਦੇ ਮੁਲਾਜ਼ਮਾਂ ਵਿੱਚ ਭਾਰੀ ਉਤਸ਼ਾਹ ਦੇਖਿਆ ਗਿਆ। ਮੇਅਰ ਨੇ ਖ਼ੁਦ ਮੁਲਾਜ਼ਮਾਂ ਨਾਲ ਮਿਲ ਕੇ ਇਸ ਪ੍ਰੋਜੈਕਟ ਨੂੰ ਹਰੀ ਝੰਡੀ ਦਿੱਤੀ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਪਟਿਆਲਾ ਦੇ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਨਗਰ ਨਿਗਮ ਦੇ ਬੇੜੇ ਵਿੱਚ ਅਜਿਹੀਆਂ ਹੋਰ ਮਸ਼ੀਨਾਂ ਸ਼ਾਮਲ ਕੀਤੀਆਂ ਜਾਣਗੀਆਂ ਤਾਂ ਜੋ ਪਟਿਆਲਾ ਨੂੰ ਨੰਬਰ ਇੱਕ ਸ਼ਹਿਰ ਬਣਾਇਆ ਜਾ ਸਕੇ।

ਇਸ ਮੌਕੇ ਨਗਰ ਨਿਗਮ ਦੇ ਸਿਹਤ ਸ਼ਾਖਾ ਅਤੇ ਇੰਜੀਨੀਅਰਿੰਗ ਵਿਭਾਗ ਦੇ ਅਧਿਕਾਰੀ ਅਤੇ ਭਾਰੀ ਗਿਣਤੀ ਵਿੱਚ ਸਫ਼ਾਈ ਸੇਵਕ ਮੌਜੂਦ ਸਨ।

# ਪਿੰਡ ਬਹਿਲੋਲਪੁਰ ਵਿਖੇ ਇੱਕ ਕਰਿਆਨਾ ਸਟੋਰ ਨੂੰ ਲੱਗੀ ਭਿਆਨਕ ਅੱਗ, ਕਰੋੜਾਂ ਦਾ ਸਮਾਨ ਸੜਕੇ ਹੋਇਆ ਸੁਆਹ

**ਮਾਛੀਵਾੜਾ ਸਾਹਿਬ, 30 ਅਪ੍ਰੈਲ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਬਹਿਲੋਲਪੁਰ 'ਚ ਭਿਆਨਕ ਅੱਗ ਲੱਗਣ ਨਾਲ ਕਰਿਆਨਾ ਦੀ ਦੁਕਾਨ ਤੇ ਦੋ ਗੋਦਾਮ ,ਰਹਾਇਸ਼ੀ ਮਕਾਨ ਦਾ ਵੱਡਾ ਹਿੱਸਾ ਸੜ ਕੇ ਸੁਆਹ ਹੋ ਗਏ,ਜਿਸ ਨਾਲ ਕਰੋੜਾਂ ਦਾ ਨੁਕਸਾਨ ਹੋ ਗਿਆ ਹੈ।

ਪੀੜਤ ਦੁਕਾਨਦਾਰ ਸੂਰਤ ਸਿੰਘ ਨੇ ਦੱਸਿਆ ਕਿ ਅੱਜ ਸਵੇਰੇ ਇਕ ਭਿਆਨਕ ਅੱਗ ਲੱਗਣ ਨਾਲ ਵੱਡੀ ਤਬਾਹੀ ਹੋ ਗਈ। ਅੱਗ ਕਾਰਨ ਇੱਕ ਕਰਿਆਨਾ ਦੁਕਾਨ, ਦੋ ਗੋਦਾਮ ਅਤੇ ਰਹਾਇਸ਼ੀ ਮਕਾਨ ਦਾ ਵੱਡਾ ਹਿੱਸਾ ਸੜ ਕੇ ਸੁਆਹ ਹੋ ਗਿਆ। ਪ੍ਰਾਰੰਭਿਕ ਅੰਦਾਜ਼ੇ ਮੁਤਾਬਕ ਇਸ ਹਾਦਸੇ ਵਿੱਚ ਲਗਭਗ 1.5 ਤੋਂ 2 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ।ਘਟਨਾ ਸਵੇਰੇ ਕਰੀਬ 6:30 ਵਜੇ ਵਾਪਰੀ, ਜਿਸ ਦਾ ਕਾਰਨ ਬਿਜਲੀ ਦੇ ਬੋਰਡ ਵਿੱਚ ਸ਼ਾਰਟ ਸਰਕਟ ਮੰਨਿਆ ਜਾ ਰਿਹਾ ਹੈ। ਦੁਕਾਨ ਮਾਲਕ ਸੂਰਤ ਸਿੰਘ ਨੇ ਦੱਸਿਆ ਕਿ ਸਵੇਰੇ ਅਚਾਨਕ ਬਿਜਲੀ ਦੇ ਬੋਰਡ ਵਿੱਚ ਧਮਾਕਾ ਹੋਇਆ, ਜਿਸ ਤੋਂ ਬਾਅਦ ਅੱਗ ਤੇਜ਼ੀ ਨਾਲ ਫੈਲ ਗਈ। ਦੁਕਾਨ ਵਿੱਚ ਮੌਜੂਦ ਘਿਓ, ਤੇਲ ਅਤੇ ਪਲਾਸਟਿਕ ਦੇ ਸਮਾਨ ਕਾਰਨ ਅੱਗ ਨੇ ਕੁਝ ਹੀ ਮਿੰਟਾਂ ਵਿੱਚ ਭਿਆਨਕ ਰੂਪ ਧਾਰ ਲਿਆ।

ਪਿੰਡ ਵਾਸੀਆਂ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਰੇਤ ਅਤੇ ਪਾਣੀ ਨਾਲ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਦੀ ਤੀਬਰਤਾ ਕਾਰਨ ਉਹ ਕਾਬੂ ਨਹੀਂ ਪਾ ਸਕੇ। ਇਸ ਦੌਰਾਨ ਪਿੰਡ ਦੇ ਲੋਕਾਂ ਨੇ ਬਹਾਦਰੀ ਦਿਖਾਉਂਦੇ ਹੋਏ ਦੁਕਾਨ ਅੰਦਰ ਪਏ ਗੈਸ ਸਿਲੰਡਰ ਬਾਹਰ ਕੱਢੇ, ਜਿਸ ਨਾਲ ਇੱਕ ਵੱਡਾ ਹਾਦਸਾ ਹੋਣ ਤੋਂ ਬਚ ਗਿਆ।

ਬਾਅਦ ਵਿੱਚ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚੀਆਂ ਅਤੇ ਕਾਫੀ ਜੱਦੋ-ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।

ਪਿੰਡ ਵਾਸੀਆਂ ਅਤੇ ਗ੍ਰਾਮ ਪੰਚਾਇਤ ਨੇ ਸਰਕਾਰ ਅਤੇ ਪ੍ਰਸ਼ਾਸਨ ਕੋਲ ਮੰਗ ਕੀਤੀ ਹੈ ਕਿ ਪੀੜਤ ਪਰਿਵਾਰ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ, ਕਿਉਂਕਿ ਇਸ ਹਾਦਸੇ ਨਾਲ ਪਰਿਵਾਰ ਦਾ ਰੋਜ਼ਗਾਰ ਅਤੇ ਰਹਿਣ ਵਾਲਾ ਘਰ ਦੋਵੇਂ ਹੀ ਨਸ਼ਟ ਹੋ ਗਏ ਹਨ।

# ਪਟਿਆਲਾ ਵਿੱਚ ਸਮੂਹਿਕ ਗੀਤਾ ਪਾਠ ਰਾਹੀਂ ਚਿਨਮਯਾ ਮਿਸ਼ਨ ਦੇ 75 ਸਾਲ ਮਨਾਏ ਗਏ




**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਐਸ.ਡੀ.ਕੇ.ਐਸ. ਭਵਨ, ਪਟਿਆਲਾ ਵਿੱਚ 350 ਤੋਂ ਵੱਧ ਲੋਕਾਂ ਨੇ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਸਕੂਲੀ ਵਿਦਿਆਰਥੀ ਸ਼ਾਮਲ ਸਨ, ਇਕੱਠੇ ਹੋ ਕੇ ਭਗਵਦ ਗੀਤਾ ਦੇ 15ਵੇਂ ਅਧਿਆਇ ਦਾ ਪਾਠ ਕੀਤਾ। ਇਹ ਪ੍ਰੋਗਰਾਮ ਵਿਸ਼ਵ ਪੱਧਰੀ ਆਧਿਆਤਮਿਕ ਸੰਸਥਾ ਚਿਨਮਯਾ ਮਿਸ਼ਨ ਦੇ 75 ਸਾਲ ਪੂਰੇ ਹੋਣ ਦੇ ਉਪਲੱਖ ਵਿੱਚ ਆਯੋਜਿਤ ਕੀਤਾ ਗਿਆ।

ਇਹ ਸਮਾਗਮ ਚਿਨਮਯਾ ਮਿਸ਼ਨ ਪਟਿਆਲਾ ਵੱਲੋਂ ਕਰਵਾਇਆ ਗਿਆ, ਜਿਸ ਦੀ ਅਧਿਆਕਸ਼ਤਾ ਇਸ ਦੇ ਆਚਾਰਿਆ ਸਵਾਮੀ ਮਾਧਵਾਨੰਦ ਨੇ ਕੀਤੀ। ਇਸ ਮੌਕੇ ਪਟਿਆਲਾ ਦੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ। ਭਗਵਦ ਗੀਤਾ ਦੇ ਸਮੂਹਿਕ ਪਾਠ ਦੌਰਾਨ ਦਰਸ਼ਕਾਂ ਦੀ ਸੁੰਦਰ ਤਾਲਮੇਲ ਅਤੇ ਭਜਨਾਂ ਨੇ ਪੂਰੇ ਮਾਹੌਲ ਨੂੰ ਪ੍ਰੇਰਣਾਦਾਇਕ ਅਤੇ ਆਧਿਆਤਮਿਕ ਬਣਾਇਆ। ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਜੀ.ਡੀ.ਐਨ.ਐਸ. ਰੋਡ, ਪਟਿਆਲਾ ਦੇ ਵਿਦਿਆਰਥੀਆਂ ਦੀ ਵੱਡੀ ਟੀਮ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਈ। ਸਕੂਲ ਦੇ ਸੰਗੀਤ ਸਮੂਹ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਤਾਲਮੇਲ ਅਤੇ ਪ੍ਰਸਤੁਤੀ ਲਈ ਖ਼ਾਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਡੀ.ਏ.ਵੀ., ਆਰਿਆ ਕਨਿਆ ਵਿਦਿਆਲਯ ਅਤੇ ਐਸ.ਡੀ.ਐਸ.ਈ. ਸਕੂਲ ਦੇ ਵਿਦਿਆਰਥੀ ਵੀ ਮੌਜੂਦ ਸਨ।

ਸਵਾਮੀ ਮਾਧਵਾਨੰਦ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਮੂਹਿਕ ਗੀਤਾ ਪਾਠ ਨਾਲ ਭਕਤੀ ਦੀ ਭਾਵਨਾ ਵਧਦੀ ਹੈ, ਮਨ ਦੀ ਸ਼ਾਂਤੀ ਪ੍ਰਾਪਤ ਹੁੰਦੀ ਹੈ ਅਤੇ ਗੀਤਾ ਵਿੱਚ ਦਿੱਤੇ ਜੀਵਨ ਪ੍ਰਬੰਧਨ ਦੇ ਸਿਧਾਂਤਾਂ ਨੂੰ ਅਪਣਾਉਣ ਵਿੱਚ ਮਦਦ ਮਿਲਦੀ ਹੈ। ਡਾ. ਧਰਮਵੀਰ ਗਾਂਧੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਗਵਦ ਗੀਤਾ ਦੇ ਜੀਵਨ ਪ੍ਰਬੰਧਨ ਸਿਧਾਂਤਾਂ ਨੂੰ ਅਪਣਾ ਕੇ ਇੱਕ ਵਧੀਆ ਪਟਿਆਲਾ, ਵਧੀਆ ਪੰਜਾਬ, ਵਧੀਆ ਭਾਰਤ ਅਤੇ ਵਧੀਆ ਦੁਨੀਆ ਬਣਾਈ ਜਾ ਸਕਦੀ ਹੈ।

ਚਿਨਮਯਾ ਮਿਸ਼ਨ ਪਟਿਆਲਾ ਦੇ ਸਰਪ੍ਰਸਤ ਡਾ. ਰਾਜਨ ਗੁਪਤਾ ਨੇ ਦੱਸਿਆ ਕਿ ਚਿਨਮਯਾ ਮਿਸ਼ਨ ਦੀ ਸਥਾਪਨਾ 75 ਸਾਲ ਪਹਿਲਾਂ ਮਹਾਨ ਸੰਤ ਸਵਾਮੀ ਚਿਨਮਯਾਨੰਦ ਵੱਲੋਂ ਕੀਤੀ ਗਈ ਸੀ। ਅੱਜ ਇਸ ਦੇ ਭਾਰਤ ਅਤੇ ਵਿਦੇਸ਼ਾਂ ਵਿੱਚ 370 ਤੋਂ ਵੱਧ ਕੇਂਦਰ ਹਨ। ਇਸ ਦਾ ਮੁੱਖ ਉਦੇਸ਼ ਵੇਦਾਂਤ ਦਰਸ਼ਨ ਦਾ ਪ੍ਰਚਾਰ ਕਰਨਾ ਹੈ। ਮਿਸ਼ਨ ਵੱਲੋਂ ਕਈ ਸਮਾਜਿਕ ਸੇਵਾ ਕਾਰਜ ਵੀ ਚਲਾਏ ਜਾਂਦੇ ਹਨ, ਜਿਨ੍ਹਾਂ ਵਿੱਚ ਪੰਜਾਬ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਓਡੀਸ਼ਾ ਅਤੇ ਤਮਿਲਨਾਡੂ ਵਿੱਚ ਪਿੰਡ ਵਿਕਾਸ ਪ੍ਰੋਜੈਕਟ ਸ਼ਾਮਲ ਹਨ। ਇਸ ਤੋਂ ਇਲਾਵਾ, ਮਿਸ਼ਨ ਦੇਸ਼ ਭਰ ਵਿੱਚ 86 ਸਕੂਲ, 9 ਕਾਲਜ, 1 ਯੂਨੀਵਰਸਿਟੀ, 2 ਮੈਨੇਜਮੈਂਟ ਇੰਸਟੀਚਿਊਟ, 1 ਹਸਪਤਾਲ ਅਤੇ ਕਈ ਡਾਇਗਨੋਸਟਿਕ ਸੈਂਟਰ ਚਲਾਉਂਦਾ ਹੈ। ਪਟਿਆਲਾ ਵਿੱਚ ਚਿਨਮਯਾ ਮਿਸ਼ਨ ਦਾ ਕੇਂਦਰ 'ਚਿਨਮਯਾ ਜਾਗ੍ਰਿਤੀ', ਜੋ ਸਰਹਿੰਦ ਰੋਡ ਨੇੜੇ ਸਥਿਤ ਹੈ, ਨਿਯਮਿਤ ਤੌਰ 'ਤੇ ਵੇਦਾਂਤ 'ਤੇ ਪ੍ਰਵਚਨ ਅਤੇ ਅਧਿਐਨ ਸੈਸ਼ਨ ਕਰਵਾਉਂਦਾ ਹੈ। ਇੱਥੇ ਬੱਚਿਆਂ ਲਈ ਹਫ਼ਤਾਵਾਰ 'ਬਾਲ ਵਿਹਾਰ' ਕਲਾਸਾਂ ਵੀ ਲਗਦੀਆਂ ਹਨ, ਜਿੱਥੇ ਕਹਾਣੀਆਂ, ਕਲਾ ਅਤੇ ਗਤੀਵਿਧੀਆਂ ਰਾਹੀਂ ਮੁੱਲ ਸਿੱਖਿਆ ਦਿੱਤੀ ਜਾਂਦੀ ਹੈ।

ਇਹ ਕੇਂਦਰ ਨੌਜਵਾਨਾਂ ਲਈ 'ਚਿਨਮਯਾ ਯੁਵਾ ਕੇਂਦਰ', ਭਜਨਾਂ ਅਤੇ ਭਕਤੀ ਸੰਗੀਤ ਲਈ 'ਚਿਨਮਯਾ ਸੁਰਾਂਜਲੀ' ਅਤੇ ਮਹਿਲਾਵਾਂ ਦੀ ਆਧਿਆਤਮਿਕ ਅਤੇ ਸੱਭਿਆਚਾਰਕ ਭਾਗੀਦਾਰੀ ਲਈ 'ਦੇਵੀ ਗਰੁੱਪ' ਵੀ ਚਲਾਉਂਦਾ ਹੈ।

# ਆਰਪੀਐਫ ਇੰਟਰ-ਡਿਵੀਜ਼ਨਲ ਐਥਲੈਟਿਕਸ, ਕ੍ਰਾਸ ਕਨਟਰੀ ਅਤੇ ਕਬੱਡੀ ਟੂਰਨਾਮੈਂਟ-2026 ਪੀਐਲਡਬਲਯੂ, ਪਟਿਆਲਾ ਵਿਖੇ ਸੰਪੰਨ



**ਪਟਿਆਲਾ, 30 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਆਰਪੀਐਫ ਇੰਟਰ-ਡਿਵੀਜ਼ਨਲ ਐਥਲੈਟਿਕਸ, ਕ੍ਰਾਸ ਕਨਟਰੀ ਅਤੇ ਕਬੱਡੀ ਟੂਰਨਾਮੈਂਟ-2026 (ਪੁਰਸ਼ ਅਤੇ ਮਹਿਲਾ) 23 ਅਪ੍ਰੈਲ ਤੋਂ 25 ਅਪ੍ਰੈਲ 2026 ਤੱਕ ਪਟਿਆਲਾ ਲੋਕੋਮੋਟਿਵ ਵਰਕਸ (ਪੀਐਲਡਬਲਯੂ), ਪਟਿਆਲਾ ਵਿਖੇ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਤਿੰਨ ਦਿਨਾਂ ਦੇ ਇਸ ਖੇਡ ਸਮਾਗਮ ਵਿੱਚ ਵੱਖ-ਵੱਖ ਆਰਪੀਐਫ ਡਿਵੀਜ਼ਨਾਂ ਵੱਲੋਂ ਉਤਸ਼ਾਹਪੂਰਵਕ ਭਾਗ ਲਿਆ ਗਿਆ ਅਤੇ ਖਿਡਾਰੀਆਂ ਨੇ ਖੇਡ ਭਾਵਨਾ, ਅਨੁਸ਼ਾਸਨ ਅਤੇ ਟੀਮ ਵਰਕ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਇਸ ਟੂਰਨਾਮੈਂਟ ਦਾ ਉਦਘਾਟਨ ਸ਼੍ਰੀ ਐਸ. ਕੇ. ਸ਼੍ਰੀਵਾਸਤਵ, ਪ੍ਰਿੰਸੀਪਲ ਚੀਫ ਐਡਮਿਨਿਸਟ੍ਰੇਟਿਵ ਅਫਸਰ (ਪੀਸੀਏਓ)/ਪੀਐਲਡਬਲਯੂ ਵੱਲੋਂ ਕੀਤਾ ਗਿਆ। ਇਸ ਮੌਕੇ ਏਐਸਸੀ/ਆਰਪੀਐਫ, ਪੀਐਲਡਬਲਯੂ ਦੇ ਅਧਿਕਾਰੀ ਅਤੇ ਸਟਾਫ ਵੀ ਮੌਜੂਦ ਸਨ। ਟੂਰਨਾਮੈਂਟ ਦੌਰਾਨ ਵੱਖ-ਵੱਖ ਟਰੈਕ ਅਤੇ ਫੀਲਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਭਾਗੀਦਾਰਾਂ ਨੇ ਆਪਣੀ ਖੇਡ ਯੋਗਤਾ ਦਾ ਬਿਹਤਰੀਨ ਪ੍ਰਦਰਸ਼ਨ ਕੀਤਾ।

ਟੂਰਨਾਮੈਂਟ ਦੇ ਅੰਤਿਮ ਦਿਨ ਕਬੱਡੀ ਦਾ ਫਾਈਨਲ ਮੁਕਾਬਲਾ ਦਿੱਲੀ ਡਿਵੀਜ਼ਨ ਅਤੇ ਮੁਰਾਦਾਬਾਦ ਡਿਵੀਜ਼ਨ ਵਿਚਕਾਰ ਖੇਡਿਆ ਗਿਆ। ਇਸ ਰੋਮਾਂਚਕ ਅਤੇ ਟੱਕਰਪੂਰਨ ਮੁਕਾਬਲੇ ਵਿੱਚ ਦਿੱਲੀ ਡਿਵੀਜ਼ਨ ਨੇ ਮੁਰਾਦਾਬਾਦ ਡਿਵੀਜ਼ਨ ਨੂੰ ਹਰਾਕੇ ਕਬੱਡੀ ਚੈਂਪੀਅਨਸ਼ਿਪ ਜਿੱਤ ਲਈ।

ਇਨਾਮ ਵੰਡ ਸਮਾਰੋਹ ਸ਼੍ਰੀ ਐਸ. ਕੇ. ਸ਼੍ਰੀਵਾਸਤਵ, ਪੀਸੀਏਓ/ਪੀਐਲਡਬਲਯੂ ਵੱਲੋਂ ਏਐਸਸੀ/ਆਰਪੀਐਫ ਸ਼੍ਰੀ ਅਵਤਾਰ ਸਿੰਘ ਤੂਰ ਅਤੇ ਹੋਰ ਅਧਿਕਾਰੀਆਂ ਦੇ ਸਾਥ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਖੇਡਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ, ਜੋ ਕਿ ਆਰਪੀਐਫ ਕਰਮਚਾਰੀਆਂ ਵਿੱਚ ਤੰਦਰੁਸਤੀ, ਏਕਤਾ ਅਤੇ ਮਨੋਬਲ ਨੂੰ ਮਜ਼ਬੂਤ ਕਰਦੀਆਂ ਹਨ।

# ਰਾਘਵ ਚੱਢਾ ਸਮੇਤ 7 ਰਾਜ ਸਭਾ ਮੈਂਬਰ 'ਆਪ' ਵਿਚ ਘੁਟਨ ਮਹਿਸੂਸ ਕਰ ਰਹੇ ਸੀ : ਤਰੁਣ ਚੁੱਘ

**ਕੌਮੀ ਪਤ੍ਰਿਕਾ**

ਜਲੰਧਰ 30 ਅਪ੍ਰੈਲ। ਪੰਜਾਬ ਦੀ ਰਾਜਨੀਤੀ ਵਿਚ ਉਸ ਸਮੇਂ ਵੱਡਾ ਮੋੜ ਆ ਗਿਆ, ਜਦੋਂ ਆਮ ਆਦਮੀ ਪਾਰਟੀ (ਆਪ) ਨਾਲ ਜੁੜੇ 7 ਰਾਜ ਸਭਾ ਦੇ ਮੈਂਬਰ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਚ ਸ਼ਾਮਲ ਹੋ ਗਏ। ਇਸ ਘਟਨਾਕ੍ਰਮ ਨੇ ਸੂਬੇ ਵਿਚ ਸਿਆਸੀ ਹਲਚਲ ਤੇਜ਼ ਕਰ ਦਿੱਤੀ ਹੈ ਅਤੇ ਸੱਤਾ ਦੇ ਸਮੀਕਰਨਾਂ ਨੇ ਨਵੀਆਂ ਚਰਚਾਵਾਂ ਨੂੰ ਜਨਮ ਦਿੱਤਾ ਹੈ। ਇਨ੍ਹਾਂ ਸਿਆਸੀ ਘਟਨਾਵਾਂ ਦੇ ਪਿੱਛੇ ਦੀ ਰਣਨੀਤੀ, ਪੰਜਾਬ ਵਿਚ ਇਸ ਦੇ ਸੰਭਾਵਿਤ ਪ੍ਰਭਾਵ ਅਤੇ ਭਾਜਪਾ ਦੀਆਂ ਆਗਾਮੀ ਯੋਜਨਾਵਾਂ ਨੂੰ ਲੈ ਕੇ 'ਜਗ ਬਾਣੀ' ਨੇ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨਾਲ ਵਿਸ਼ੇਸ਼ ਗੱਲਬਾਤ ਕੀਤੀ। ਪੇਸ਼ ਹਨ ਗੱਲਬਾਤ ਦੇ ਮੁੱਖ ਅੰਸ਼ : ਆਮ ਆਦਮੀ ਪਾਰਟੀ ਨੇ ਜਨਤਾ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਨਹੀਂ ਕੀਤਾ। ਸਰਕਾਰ ਲੋਕ ਹਿੱਤ ਦੇ ਮੁੱਦਿਆਂ ਦੀ ਬਜਾਏ ਪ੍ਰਚਾਰ 'ਤੇ ਜ਼ਿਆਦਾ ਧਿਆਨ ਦੇ ਰਹੀ ਹੈ ਅਤੇ ਸਰਕਾਰੀ ਸਾਧਨਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਸਰਕਾਰ ਨੇ 'ਹੈਲਥ ਕ੍ਰਾਂਤੀ' ਦਾ ਵਾਅਦਾ ਕੀਤਾ ਸੀ ਪਰ ਅਜੇ ਤੱਕ ਨਾ ਤਾਂ ਕੋਈ ਨਵਾਂ ਕੈਂਸਰ ਹਸਪਤਾਲ ਬਣਿਆ ਹੈ ਅਤੇ ਨਾ ਹੀ ਇਸ ਦਿਸ਼ਾ ਵਿਚ ਕੋਈ ਠੋਸ ਕਦਮ ਚੁੱਕਿਆ ਗਿਆ ਹੈ। ਖੇਤੀਬਾੜੀ ਅਤੇ ਸਿੱਖਿਆ ਦੇ ਖੇਤਰ ਵਿਚ ਵੀ ਸਰਕਾਰ ਫੇਲ ਰਹੀ ਹੈ। ਕਿਸਾਨਾਂ ਲਈ ਘੱਟੋ-ਘੱਟ ਸਮਰਥਨ ਮੁੱਲ (ਐੱਮ. ਐੱਸ. ਪੀ.) ਨੂੰ ਲੈ ਕੇ ਕੋਈ ਠੋਸ ਪਹਿਲ ਨਹੀਂ ਕੀਤੀ ਗਈ, ਜਦਕਿ ਸਿੱਖਿਆ ਖੇਤਰ ਵਿਚ ਵੀ ਬੁਨਿਆਦੀ ਸਹੂਲਤਾਂ ਦੀ ਘਾਟ ਬਣੀ ਹੋਈ ਹੈ। ਭਾਜਪਾ ਕੋਲ ਵਿਕਾਸ ਦਾ ਸਪੱਸ਼ਟ ਅਤੇ ਵਿਵਹਾਰਕ ਮਾਡਲ ਹੈ, ਜਿਸ ਨੂੰ ਉਹ ਵੱਖ-ਵੱਖ ਸੂਬਿਆਂ ਵਿਚ ਲਾਗੂ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸ਼ਾਸਿਤ ਸੂਬਿਆਂ ਵਿਚ ਉਦਯੋਗ, ਖੇਤੀਬਾੜੀ ਅਤੇ ਵਪਾਰ ਦੇ ਖੇਤਰ ਵਿਚ ਲਗਾਤਾਰ ਤਰੱਕੀ ਦੇਖੀ ਜਾ ਰਹੀ ਹੈ। ਪੰਜਾਬ ਵਿਚ ਮੌਜੂਦਾ ਸਮੇਂ ਵਿਚ ਜੋ ਕਈ ਵੱਡੇ ਇਨਫ?ਰਾਸਟਰਕਚਰ ਪ੍ਰਾਜੈਕਟ ਚੱਲ ਰਹੇ ਹਨ, ਉਨ੍ਹਾਂ ਵਿਚ ਕੇਂਦਰ ਸਰਕਾਰ ਦੀ ਅਹਿਮ ਭੂਮਿਕਾ ਹੈ। ਸੂਬੇ ਵਿਚ ਹੋ ਰਹੇ ਵਿਕਾਸ ਕਾਰਜਾਂ 'ਚ ਕੇਂਦਰ ਦੀ ਹਿੱਸੇਦਾਰੀ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। 'ਆਪ' ਦੀ ਸਰਕਾਰ ਵਿਚ ਮੇਰਾ ਪੰਜਾਬ ਅੱਜ ਪੌਣੇ ਪੰਜ ਲੱਖ ਕਰੋੜ ਦੇ ਕਰਜ਼ੇ ਵਿਚ ਫਸ ਚੁੱਕਾ ਹੈ। ਪੰਜਾਬ ਅੱਜ ਇੰਡਸਟਰੀ ਦੇ ਖੇਤਰ, ਤਰੱਕੀ ਦੀ ਰਫ਼ਤਾਰ, ਵਾਤਾਵਰਣ, ਪਾਣੀ ਦੀ ਸੰਭਾਲ, ਪ੍ਰਤੀ ਵਿਅਕਤੀ ਆਮਦਨ ਅਤੇ ਫਾਰਮਿੰਗ (ਖੇਤੀਬਾੜੀ) ਵਿਚ ਸਭ ਤੋਂ ਪਿੱਛੇ ਚੱਲ ਰਿਹਾ ਹੈ। ਪੰਜਾਬ ਅੱਜ ਗੈਂਗਸਟਰਵਾਦ ਵਿਚ ਸਭ ਤੋਂ ਅੱਗੇ ਚੱਲ ਰਿਹਾ ਹੈ। ਇਸ ਤੋਂ ਪਹਿਲਾਂ ਕਦੇ ਅਜਿਹਾ ਨਹੀਂ ਹੋਇਆ। ਅੱਜ ਪੰਜਾਬ ਵਿਚ ਜੋ ਗੈਂਗਸਟਰਵਾਦ ਚੱਲ ਰਿਹਾ ਹੈ, ਇਹ ਆਮ ਆਦਮੀ ਪਾਰਟੀ ਦਾ ਹੀ ਤੋਹਫ਼ਾ ਹੈ। ਮੰਤਰੀਆਂ ਨੇ ਆਪਣੇ ਘਰਾਂ ਦੇ ਅੰਦਰ ਟਾਰਚਰ ਸੈਂਟਰ ਖੋਲ੍ਹ ਲਏ ਹਨ। ਅਫ਼ਸਰਾਂ ਨੂੰ ਬੁਲਾ ਕੇ ਉਨ੍ਹਾਂ ਨੂੰ ਬਲੈਕਮੇਲ ਅਤੇ ਟਾਰਚਰ ਕਰ ਕੇ ਕਾਗਜ਼ਾਂ 'ਤੇ ਜ਼ਬਰਦਸਤੀ ਦਸਤਖਤ ਕਰਵਾਏ ਜਾ ਰਹੇ ਹਨ। ਮਾਰਚ 2022 ਵਿਚ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਪਾਰਟੀ ਇਹ ਰਾਗ ਅਲਾਪ ਰਹੀ ਹੈ ਕਿ 'ਆਪ੍ਰੇਸ਼ਨ ਲੋਟਸ' ਚੱਲ ਰਿਹਾ ਹੈ। ਅਸੀਂ ਅਜਿਹਾ ਕਿਉਂ ਨਹੀਂ ਕਹਿੰਦੇ? ਅਸੀਂ ਤਾਂ ਕਦੇ ਨਹੀਂ ਕਿਹਾ ਕਿ ਕਾਂਗਰਸ ਪਾਰਟੀ ਸਾਡਾ ਕੇਡਰ ਤੋੜ ਰਹੀ ਹੈ। ਜਦੋਂ ਅਸੀਂ ਸੱਤਾ ਵਿਚ ਨਹੀਂ ਹੁੰਦੇ ਅਤੇ ਵਿਰੋਧੀ ਧਿਰ ਵਿਚ ਹੁੰਦੇ ਹਾਂ, ਉਦੋਂ ਵੀ ਅਸੀਂ ਅਜਿਹਾ ਨਹੀਂ ਕਹਿੰਦੇ।



(ਮੁਸਕੁਰਾਉਂਦੇ ਹੋਏ) ਸਾਰਾ ਪੰਜਾਬ ਭਾਜਪਾ ਦੇ ਸੰਪਰਕ ਵਿਚ ਹੈ। ਅਸੀਂ ਪੂਰੇ ਪੰਜਾਬ ਨੂੰ ਭਾਰਤੀ ਜਨਤਾ ਪਾਰਟੀ ਵਿਚ ਲੈ ਕੇ ਆਵਾਂਗੇ। ਜਿਸ ਤਰ੍ਹਾਂ ਪੰਜਾਬ ਵਿਚ ਘੁਟਨ ਚੱਲ ਰਹੀ ਹੈ, ਇਸ ਲਈ ਸੂਬਾ ਵਾਸੀ ਆਪਣੀ ਗਲਤੀ 'ਤੇ ਪਛਤਾ ਰਹੇ ਹਨ ਅਤੇ ਆਮ ਆਦਮੀ ਪਾਰਟੀ ਤੋਂ ਅੱਕ ਚੁੱਕੇ ਹਨ। ਬੱਸ ਚੋਣਾਂ ਲਈ ਕੁਝ ਮਹੀਨੇ ਹੀ ਬਾਕੀ ਰਹਿ ਗਏ ਹਨ ਅਤੇ ਬਹੁਤ ਜਲਦੀ ਲੋਕਾਂ ਦੀ ਉਡੀਕ ਖਤਮ ਹੋਣ ਵਾਲੀ ਹੈ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦਾ ਦਾਅਵਾ ਹੈ ਕਿ 'ਆਪ' ਦੇ ਕਈ ਵਿਧਾਇਕ ਭਾਜਪਾ ਦੇ ਸੰਪਰਕ ਵਿਚ ਹਨ, ਇਸ ਬਾਰੇ ਤੁਹਾਡਾ ਕੀ ਕਹਿਣਾ ਹੈ? ਰਾਜਾ ਵੜਿੰਗ ਕਿਸ ਦੇ ਕਹਿਣ 'ਤੇ ਅਜਿਹਾ ਬੋਲ ਰਹੇ ਹਨ, ਮੈਨੂੰ ਨਹੀਂ ਪਤਾ। ਉਹ ਕਿਸ ਦੀ ਭਾਸ਼ਾ ਬੋਲ ਰਹੇ ਹਨ, ਮੈਂ ਨਹੀਂ ਜਾਣਦਾ। ਹੋ ਸਕਦਾ ਹੈ ਕਿ ਉਨ੍ਹਾਂ ਨੂੰ ਕੋਈ ਫੋਨ ਆਇਆ ਹੋਵੇ, ਜਿਸ ਤੋਂ ਬਾਅਦ ਉਨ੍ਹਾਂ ਨੇ ਇਹ ਗੱਲ ਕਹੀ ਹੋਵੇ। ਭਾਜਪਾ ਇਕ ਜਥੇਬੰਦਕ ਪਾਰਟੀ ਹੈ, ਜਿੱਥੇ ਵਰਕਰਾਂ ਅਤੇ ਆਗੂਆਂ ਦੀ ਸਮਰੱਥਾ ਦੇ ਆਧਾਰ 'ਤੇ ਜ਼ਿੰਮੇਵਾਰੀਆਂ ਤੈਅ ਕੀਤੀਆਂ ਜਾਂਦੀਆਂ ਹਨ। ਪਾਰਟੀ ਵਿਚ ਸ਼ਾਮਲ ਹੋਣ ਵਾਲੇ ਹਰ ਵਿਅਕਤੀ ਨੂੰ ਉਸ ਦੇ ਤਜਰਬੇ ਅਤੇ ਯੋਗਤਾ ਅਨੁਸਾਰ ਕੰਮ ਦਿੱਤਾ ਜਾਂਦਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮੋਗਾ ਰੈਲੀ ਵਿਚ ਸਪੱਸ਼ਟ ਕਰ ਚੁੱਕੇ ਹਨ ਕਿ ਪੰਜਾਬ ਵਿਚੋਂ ਨਸ਼ੇ ਦੀ ਸਮੱਸਿਆ ਨੂੰ ਖਤਮ ਕਰਨ ਲਈ ਠੋਸ ਕਦਮ ਉਠਾਏ ਜਾਣਗੇ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ 2 ਸਾਲਾਂ ਦੇ ਅੰਦਰ ਪੰਜਾਬ 'ਚੋਂ ਨਸ਼ੇ ਖਤਮ ਕਰ ਦੇਵਾਂਗੇ। ਅਸੀਂ ਨਕਸਲਵਾਦ ਨੂੰ ਖਤਮ ਕਰਨ ਦਾ ਪ੍ਰਣ ਲਿਆ ਸੀ, ਉਹ ਕਰ ਕੇ ਦਿਖਾਇਆ। ਅਜਿਹਾ ਹੀ ਕਸ਼ਮੀਰ ਵਿਚ ਹੋਇਆ, ਜਿੱਥੇ ਜੋ ਲੋਕ ਪੱਥਰ ਮਾਰਦੇ ਸੀ, ਉਹ ਲੋਕ ਅੱਜ ਕਿਤੇ ਦਿਖਾਈ ਤੱਕ ਨਹੀਂ ਦਿੰਦੇ। ਭਾਜਪਾ ਪੰਜਾਬ 'ਚੋਂ ਇਸ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਲਈ ਯੋਜਨਾ 'ਤੇ ਕੰਮ ਕਰੇਗੀ, ਜਿਸ ਦਾ ਅਸਰ ਸਾਫ ਤੌਰ 'ਤੇ ਦੇਖਣ ਨੂੰ ਵੀ ਮਿਲੇਗਾ। ਪਾਰਟੀ ਪੰਜਾਬ ਵਿਚ ਇਕ ਸਥਾਨਕ ਅਤੇ ਸਮਰੱਥ ਲੀਡਰਸ਼ਿਪ ਨੂੰ ਅੱਗੇ ਲਿਆਏਗੀ। ਸੂਬੇ ਨੂੰ ਅਜਿਹੀ ਲੀਡਰਸ਼ਿਪ ਦੀ ਲੋੜ ਹੈ, ਜੋ ਸੂਬੇ ਦੀਆਂ ਸਮੱਸਿਆਵਾਂ ਨੂੰ ਸਮਝੇ ਅਤੇ ਉਨ੍ਹਾਂ ਨੂੰ ਦੂਰ ਕਰਨ ਦੀ ਸਮਰੱਥਾ ਰੱਖਦੀ ਹੋਵੇ। ਜਿਸ ਨੂੰ ਪੰਜਾਬ ਦੀ ਚਿੰਤਾ ਹੋਵੇਗੀ, ਉਹੀ ਸੀ. ਐੱਮ. ਬਣੇਗਾ। ਭਾਜਪਾ ਪੰਜਾਬ ਵਿਚ ਆਪਣੇ ਦਮ 'ਤੇ ਚੋਣ ਲੜੇਗੀ ਅਤੇ ਸਰਕਾਰ ਬਣਾਉਣ ਦਾ ਟੀਚਾ ਰੱਖੇਗੀ। ਉਨ੍ਹਾਂ ਕਿਹਾ ਕਿ ਪਾਰਟੀ ਸੂਬੇ ਨੂੰ ਨਸ਼ਾ ਮੁਕਤ ਅਤੇ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ ਵਚਨਬੱਧ ਹੈ। ਦੇਸ਼ ਭਰ ਵਿਚ ਭਾਰਤੀ ਜਨਤਾ ਪਾਰਟੀ ਲਗਾਤਾਰ ਆਪਣਾ ਵਿਸਥਾਰ ਕਰ ਰਹੀ ਹੈ। ਜਿੱਥੋਂ ਤੱਕ ਆਮ ਆਦਮੀ ਪਾਰਟੀ ਦਾ ਸਵਾਲ ਹੈ, ਇਸ ਦੀ ਸ਼ੁਰੂਆਤ 'ਇੰਡੀਆ ਅਗੇਂਸਟ ਕੁਰੱਪਸ਼ਨ' ਅੰਦੋਲਨ ਤੋਂ ਹੋਈ ਸੀ, ਜਿਸ ਦੀ ਅਗਵਾਈ ਅੰਨਾ ਹਜ਼ਾਰੇ ਨੇ ਕੀਤੀ ਸੀ। ਉਸ ਸਮੇਂ ਭ੍ਰਿਸ਼ਟਾਚਾਰ ਵਿਰੁੱਧ ਇਕ ਮਜ਼ਬੂਤ ??ਆਵਾਜ਼ ਉੱਠੀ ਸੀ ਅਤੇ ਅਰਵਿੰਦ ਕੇਜਰੀਵਾਲ ਨੇ ਇਸੇ ਆਧਾਰ 'ਤੇ ਪਾਰਟੀ ਦਾ ਗਠਨ ਕੀਤਾ ਸੀ। ਉਨ੍ਹਾਂ ਨੇ ਭ੍ਰਿਸ਼ਟਾਚਾਰ ਮੁਕਤ ਰਾਜਨੀਤੀ, ਵੀ. ਆਈ. ਪੀ. ਕਲਚਰ ਖਤਮ ਕਰਨ ਅਤੇ ਸਾਦਗੀ ਭਰੇ ਸ਼ਾਸਨ ਦਾ ਵਾਅਦਾ ਕੀਤਾ ਸੀ ਪਰ ਸਮੇਂ ਦੇ ਨਾਲ ਪਾਰਟੀ ਆਪਣੇ ਮੂਲ ਸਿਧਾਂਤਾਂ ਤੋਂ ਭਟਕ ਗਈ। ਨਤੀਜੇ ਵਜੋਂ ਪ੍ਰਸ਼ਾਂਤ ਭੂਸ਼ਣ, ਕੁਮਾਰ ਵਿਸ਼ਵਾਸ ਅਤੇ ਕਿਰਨ ਬੇਦੀ ਵਰਗੇ ਕਈ ਪ੍ਰਮੁੱਖ ਆਗੂ ਪਾਰਟੀ ਛੱਡ ਕੇ ਵੱਖ ਹੋ ਗਏ। ਭਾਜਪਾ ਨੇ ਕਿਸੇ ਨੂੰ ਤੋੜਨ ਦੀ ਕੋਸ਼ਿਸ਼ ਨਹੀਂ ਕੀਤੀ, ਸਗੋਂ ਪਾਰਟੀ ਦੇ ਅੰਦਰੂਨੀ ਅਸੰਤੋਸ਼ ਕਾਰਨ ਆਗੂ ਖੁਦ ਪਾਰਟੀ 'ਚੋਂ ਬਾਹਰ ਆਏ ਅਤੇ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਇਸ ਨਾਲ ਜੁੜਨ ਦਾ ਫੈਸਲਾ ਕੀਤਾ। ਉਨ੍ਹਾਂ ਅਨੁਸਾਰ ਆਮ ਆਦਮੀ ਪਾਰਟੀ ਦੇ ਅੰਦਰ ਅਸੰਤੋਸ਼ ਅਤੇ ਲੀਡਰਸ਼ਿਪ ਨੂੰ ਲੈ ਕੇ ਬੇਚੈਨੀ ਦਾ ਮਾਹੌਲ ਹੈ।

## ਪੰਜਾਬ 'ਚ ਕਣਕ ਦੀ ਪ੍ਰਾਈਵੇਟ ਖ਼ਰੀਦ 'ਚ ਵੱਡੀ ਗਿਰਾਵਟ, ਵਪਾਰੀਆਂ ਨੇ ਮੋੜਿਆ ਮੂੰਹ

ਚੰਡੀਗੜ੍ਹ 30 ਅਪ੍ਰੈਲ। ਪੰਜਾਬ 'ਚ ਇਸ ਵਾਰ ਕਣਕ ਦੀ ਪ੍ਰਾਈਵੇਟ ਖ਼ਰੀਦ 'ਚ ਭਾਰੀ ਕਮੀ ਦੇਖਣ ਨੂੰ ਮਿਲ ਰਹੀ ਹੈ। ਪਿਛਲੇ ਸਾਲ ਜਿੱਥੇ ਪ੍ਰਾਈਵੇਟ ਖ਼ਰੀਦ ਨੇ ਨਵੇਂ ਰਿਕਾਰਡ ਕਾਇਮ ਕੀਤੇ ਸਨ, ਉੱਥੇ ਹੀ ਇਸ ਸਾਲ ਵਪਾਰੀ ਫ਼ਸਲ ਖਰੀਦਣ ਤੋਂ ਹੱਥ ਪਿੱਛੇ ਖਿੱਚ ਰਹੇ ਹਨ। ਵੇਰਵਿਆਂ ਅਨੁਸਾਰ ਪੰਜਾਬ 'ਚ ਹੁਣ ਤੱਕ ਹੋਈ ਕੁੱਲ 67.34 ਲੱਖ ਟਨ ਕਣਕ ਦੀ ਖਰੀਦ ਵਿੱਚੋਂ ਪ੍ਰਾਈਵੇਟ ਵਪਾਰੀਆਂ ਨੇ ਸਿਰਫ਼ 15340.65 ਟਨ ਹੀ ਖਰੀਦੀ ਹੈ, ਜਦੋਂ ਕਿ ਪਿਛਲੇ ਸਾਲ ਇਹ ਅੰਕੜਾ 10.80 ਲੱਖ ਟਨ ਸੀ ਵਪਾਰੀਆਂ ਦੇ ਇਸ ਬਦਲੇ ਰੁਖ਼ ਦਾ ਮੁੱਖ ਕਾਰਨ ਆਰਥਿਕ ਘਾਟਾ ਅਤੇ ਹੋਰਨਾਂ ਸੂਬਿਆਂ 'ਚ ਕਣਕ ਦਾ ਸਸਤਾ ਹੋਣਾ ਹੈ। ਪੰਜਾਬ ਦੇ ਵਪਾਰੀ ਹੁਣ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਰਗੇ ਸੂਬਿਆਂ ਵੱਲ ਰੁਖ਼ ਕਰ ਰਹੇ ਹਨ ਕਿਉਂਕਿ ਉੱਥੇ ਸਾਰੇ ਖ਼ਰਚਿਆਂ ਸਮੇਤ ਕਣਕ 2550 ਰੁਪਏ ਪ੍ਰਤੀ ਕੁਇੰਟਲ ਪੈ ਰਹੀ ਹੈ, ਜਦੋਂ ਕਿ ਪੰਜਾਬ 'ਚ ਇਹ ਲਾਗਤ 2700 ਰੁਪਏ ਤੱਕ ਪਹੁੰਚ ਜਾਂਦੀ ਹੈ। ਇਸ ਤੋਂ ਇਲਾਵਾ ਰਾਜਸਥਾਨ ਅਤੇ ਮੱਧ ਪ੍ਰਦੇਸ਼ ਸਰਕਾਰਾਂ ਵੱਲੋਂ ਦਿੱਤੇ ਗਏ ਬੋਨਸ (ਕ੍ਰਮਵਾਰ 150 ਅਤੇ 175 ਰੁਪਏ) ਨੇ ਵੀ ਵਪਾਰੀਆਂ ਲਈ ਪੰਜਾਬ ਦੀ ਕਣਕ ਦੇ ਮੁਕਾਬਲੇ ਦੂਜੇ ਸੂਬਿਆਂ ਨੂੰ ਵੱਧ ਖਿੱਚ ਦਾ ਕੇਂਦਰ ਬਣਾਇਆ ਹੈ।



ਮਾਰਕੀਟ ਮਾਹਰਾਂ ਅਤੇ ਵਪਾਰੀਆਂ ਅਨੁਸਾਰ ਪਿਛਲੇ ਸਾਲ ਯੂਕਰੇਨ ਜੰਗ ਕਾਰਨ ਭਾਅ ਵੱਧਣ ਦੀ ਉਮੀਦ 'ਚ ਵਪਾਰੀਆਂ ਨੇ ਵੱਡੀ ਖ਼ਰੀਦ ਕੀਤੀ ਸੀ ਪਰ ਅਖ਼ੀਰ 'ਚ ਭਾਅ ਡਿੱਗਣ ਕਾਰਨ ਉਨ੍ਹਾਂ ਨੂੰ ਭਾਰੀ ਘਾਟਾ ਸਹਿਣਾ ਪਿਆ। ਮੌੜ ਮੰਡੀ ਦੇ ਵਪਾਰੀਆਂ ਦਾ ਕਹਿਣਾ ਹੈ ਕਿ ਪਿਛਲੇ ਸਾਲ ਦੇ ਉਸੇ ਡਰ ਕਾਰਨ ਇਸ ਵਾਰ ਕੋਈ ਵੀ ਵਪਾਰੀ ਖੁੱਲ੍ਹ ਕੇ ਖ਼ਰੀਦ ਕਰਨ ਲਈ ਤਿਆਰ ਨਹੀਂ ਹੈ। ਸੂਬੇ 'ਚ ਆਟਾ ਮਿੱਲਾਂ ਦੀ ਸਲਾਨਾ ਖ਼ਪਤ 15 ਤੋਂ 18 ਲੱਖ ਟਨ ਹੈ, ਪਰ ਮੌਜੂਦਾ ਹਾਲਾਤਾਂ 'ਚ ਸਥਾਨਕ ਖ਼ਰੀਦ ਮਾਮੂਲੀ ਰਹਿ ਗਈ ਹੈ।

## ਦੇਸੀ ਪਿਸਤੌਲ ਸਮੇਤ ਮੈਗਜ਼ੀਨ ਤੇ 1 ਜ਼ਿੰਦਾ ਰੌਂਦ 32 ਬੋਰ ਸਣੇ 1 ਗ੍ਰਿਫਤਾਰ

ਜ਼ੀਰਾ 30 ਅਪ੍ਰੈਲ। ਥਾਣਾ ਸਿਟੀ ਜ਼ੀਰਾ ਦੀ ਪੁਲਸ ਨੇ ਮਿਲੀ ਸੂਚਨਾ ਤੋਂ ਬਾਅਦ ਡੀਐੱਸਪੀ ਜ਼ੀਰਾ ਜਸਪਾਲ ਸਿੰਘ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਰਵਾਈ ਕਰਦਿਆਂ ਇਕ ਵਿਅਕਤੀ ਨੂੰ ਪਿਸਤੌਲ ਸਮੇਤ ਮੈਗਜ਼ੀਨ ਤੇ ਜ਼ਿੰਦਾ ਰੌਂਦ ਨਾਲ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਥਾਣਾ ਜ਼ੀਰਾ ਸਿਟੀ ਦੇ ਏ.ਐੱਸ.ਆਈ. ਲਖਵੀਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਨਾਲ ਗਸ਼ਤ ਤੇ ਚੈਕਿੰਗ ਦੌਰਾਨ ਉਨ੍ਹਾ ਨੂੰ ਸੂਚਨਾ ਮਿਲੀ ਸੀ, ਜਿਸ 'ਤੇ ਕਾਰਵਾਈ ਕਰਦਿਆਂ ਉਨ੍ਹਾਂ ਵੱਲੋਂ ਇਕ ਦੋਸ਼ੀ ਗੁਰਬਖਸ਼ੀਸ਼ ਸਿੰਘ ਉਰਫ ਨਿੱਕਾ ਪੁੱਤਰ ਗੁਰਪਾਲ ਸਿੰਘ ਵਾਸੀ ਮੁਹੱਲਾ ਜੱਟਾਂ ਵਾਲਾ ਜ਼ੀਰਾ ਨੂੰ ਗ੍ਰਿਫਤਾਰ ਕੀਤਾ, ਜਿਸਦੇ ਕੋਲੋਂ ਇਕ ਦੇਸੀ ਪਿਸਤੌਲ ਸਮੇਤ ਮੈਗਜ਼ੀਨ ਅਤੇ 1 ਜ਼ਿੰਦਾ ਰੌਂਦ 32 ਬੋਰ ਬਰਾਮਦ ਹੋਇਆ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਦੋਸ਼ੀ ਖਿਲਾਫ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

### ਦੇਹ ਵਪਾਰ ਦੇ ਅੱਡੇ ਦਾ ਪਰਦਾ.ਫਾਸ

ਬਠਿੰਡਾ 30 ਅਪ੍ਰੈਲ। ਇੱਥੇ ਕੈਨਾਲ ਕਾਲੋਨੀ ਪੁਲਸ ਵਲੋਂ ਘਰ 'ਚ ਚੱਲ ਰਹੇ ਦੇਹ ਵਪਾਰ ਦੇ ਅੱਡੇ ਦਾ ਪਰਦਾ.ਫਾਸ ਕਰਕੇ ਅੱਡਾ ਸੰਚਾਲਕ ਔਰਤ ਸਮੇਤ ਪੰਜ ਲੋਕਾਂ ਨੂੰ ਗ੍ਰਿ.ਫਤਾਰ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆ ਏ. ਐੱਸ. ਆਈ. ਗੁਰਮੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਊਧਮ ਸਿੰਘ ਨਗਰ ਵਿਖੇ ਮੁਲਜ਼ਮ ਰਾਜਪਾਲ ਕੌਰ ਵਲੋਂ ਆਪਣੇ ਘਰ 'ਚ ਦੇਹ ਵਪਾਰ ਦਾ ਅੱਡਾ ਚਲਾਇਆ ਜਾ ਰਿਹਾ ਹੈ। ਪੁਲਸ ਵਲੋਂ ਸੂਚਨਾ ਦੇ ਆਧਾਰ 'ਤੇ ਉਕਤ ਘਰ 'ਚ ਛਾਪੇਮਾਰੀ ਕੀਤੀ ਗਈ। ਇਸ ਦੌਰਾਨ ਪੁਲਸ ਵਲੋਂ ਰਾਜਪਾਲ ਕੌਰ, ਗੁਰਮੀ ਸਿੰਘ, ਕੁਲਦੀਪ ਸਿੰਘ, ਗੁਰਦੀਪ ਸਿੰਘ ਵਾਸੀ ਕਾਲਿਆਂਵਾਲੀ, ਵਿਸ਼ਾਲ ਕੁਮਾਰ ਵਾਸੀ ਰਾਮਾ ਮੰਡੀ ਨੂੰ ਗ੍ਰਿ.ਫਤਾਰ ਕੀਤਾ ਗਿਆ। ਪੁਲਸ ਵਲੋਂ ਉਕਤ ਸਾਰੇ ਮੁਲਜ਼ਮਾਂ ਖ਼?ਲਾ.ਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਗਜਪਤ ਗਰੇਵਾਲ ਵਿਜੀਲੈਂਸ ਦੇ ਮੁੱਖ ਦ.ਫਤਰ 'ਚ ਤੀਜੀ ਵਾਰ ਪੇਸ਼, ਕਈ ਘੰਟੇ ਹੋਈ ਪੁੱਛਗਿੱਛ

**ਕੌਮੀ ਪਤ੍ਰਿਕਾ**

ਮੋਹਾਲੀ 30 ਅਪ੍ਰੈਲ। ਸਾਬਕਾ ਅਕਾਲੀ ਮੰਤਰੀ ਬਿਕਰਮ ਸਿੰਘ ਮਜੀਠੀਆ ਖ਼?ਲਾ.ਫ ਆਮਦਨ ਤੋਂ ਵੱਧ ਜਾਇਦਾਦ ਦੇ ਦਰਜ ਮਾਮਲੇ 'ਚ ਨਾਮਜ਼ਦ ਮਜੀਠੀਆ ਦੇ ਸਾਲੇ ਗਜਪਤ ਸਿੰਘ ਗਰੇਵਾਲ ਅਦਾਲਤ ਦੇ ਹੁਕਮਾਂ ਤੇ ਵਿਜੀਲੈਂਸ ਦੇ ਮੁੱਖ ਦ.ਫਤਰ ਸੈਕਟਰ-68 ਮੋਹਾਲੀ ਵਿਖੇ ਤੀਜੀ ਜਾਂਚ 'ਚ ਸ਼ਾਮਲ ਹੋਣ ਲਈ ਸਵੇਰੇ ਕਰੀਬ 11 ਵਜੇ ਪਹੁੰਚੇ। ਵਿਜੀਲੈਂਸ ਵਲੋਂ ਗਜਪਤ ਸਿੰਘ ਗਰੇਵਾਲ ਕੋਲੋਂ ਸ਼ਾਮ ਤੱਕ ਪੁੱਛਗਿੱਛ ਕੀਤੀ ਗਈ। ਇਸ ਤੋਂ ਪਹਿਲਾਂ ਵਿਜੀਲੈਂਸ ਵਲੋਂ ਗਜਪਤ ਗਰੇਵਾਲ ਕੋਲੋਂ 15 ਅਪ੍ਰੈਲ ਅਤੇ 20 ਅਪ੍ਰੈਲ ਨੂੰ ਪੁੱਛਗਿੱਛ ਕੀਤੀ ਗਈ ਸੀ। ਗਜਪਤ ਸਿੰਘ ਗਰੇਵਾਲ ਨੂੰ 10 ਅਪ੍ਰੈਲ ਨੂੰ ਵਧੀਕ ਜ਼ਿਲ੍ਹਾ ਸੈਸ਼ਨ ਜੱਜ ਹਰਦੀਪ ਸਿੰਘ ਦੀ ਅਦਾਲਤ ਵਲੋਂ ਅੰਤਰਿਮ ਜ਼ਮਾਨਤ ਦਿੰਦਿਆ 15 ਅਪ੍ਰੈਲ ਨੂੰ ਵਿਜੀਲੈਂਸ ਦੇ ਸੈਕਟਰ-68 ਮੋਹਾਲੀ ਵਿਚਲੇ ਮੁੱਖ ਦ.ਫਤਰ 'ਚ ਜਾਂਚ 'ਚ ਸ਼ਾਮਲ ਹੋਣ ਦੇ ਹੁਕਮ ਦਿੱਤੇ ਸਨ। ਅਦਾਲਤ ਵਲੋਂ ਦਿੱਤੇ ਹੁਕਮਾਂ ਮੁਤਾਬਕ ਸਰਕਾਰ ਵਲੋਂ ਇਸ ਮਾਮਲੇ 'ਚ ਜਵਾਬ ਦੇਣ ਦੇ ਨਾਲ-ਨਾਲ ਜਾਂਚ ਅਧਿਕਾਰੀ ਦੀ ਰਿਪੋਰਟ ਲਈ 29 ਅਪ੍ਰੈਲ 2026 ਤੱਕ ਸੁਣਵਾਈ ਮੁਲਤਵੀ ਕਰ ਦਿੱਤੀ ਗਈ ਸੀ। ਅਦਾਲਤ ਨੇ ਕਿਹਾ ਕਿ ਦੋਵੇਂ ਧਿਰਾਂ ਆਪਣੇ ਬਿਆਨਾਂ ਨਾਲ ਬੰਨ੍ਹੀਆਂ ਰਹਿਣਗੀਆਂ ਅਤੇ




ਮੁਲਜ਼ਮ ਗਜਪਤ ਸਿੰਘ ਨੂੰ ਵੀ ਬੀ. ਐੱਨ. ਐੱਸ ਦੀ ਧਾਰਾ 482 (2) ਦੇ ਉਪਬੰਧਾਂ ਦੀ ਪਾਲਣਾ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ। ਦੱਸਣਯੋਗ ਹੈ ਕਿ ਵਿਜੀਲੈਂਸ ਵਲੋਂ ਬਿਕਰਮ ਸਿੰਘ ਮਜੀਠੀਆ ਦੀ ਗ੍ਰਿ.ਫਤਾਰੀ ਤੋਂ ਬਾਅਦ ਗਜਪਤ ਸਿੰਘ ਗਰੇਵਾਲ ਨੂੰ ਨਾਮਜ਼ਦ ਕਰ ਲਿਆ ਗਿਆ ਸੀ ਅਤੇ ਵਿਜੀਲੈਂਸ ਵਲੋਂ ਸਪੈਸ਼ਲ ਜੱਜ ਦੀ ਅਦਾਲਤ 'ਚੋਂ ਗਜਪਤ ਸਿੰਘ ਗਰੇਵਾਲ ਦੇ ਗ੍ਰਿ.ਫਤਾਰੀ ਵਾਰੰਟ ਹਾਸਲ ਕੀਤੇ। ਉਕਤ ਹੁਕਮ ਜਾਂਚ ਅਧਿਕਾਰੀ ਡੀ. ਐੱਸ. ਪੀ ਇੰਦਰਪਾਲ ਸਿੰਘ ਵਲੋਂ ਭ੍ਰਿਸ਼ਟਾਚਾਰ ਰੋਕਥਾਮ ਐਕਟ, 1988 ਦੀ ਧਾਰਾ 13(1) ਅਤੇ 13(2) ਦੇ ਤਹਿਤ ਆਈ.ਪੀ.ਸੀ ਦੀ ਧਾਰਾ 120-ਬੀ ਦੇ ਨਾਲ ਪੜ੍ਹੀ ਜਾਂਦੀ ਐਫ.ਆਈ.ਆਰ ਵਿਚ ਕਾਰਵਾਈ ਦੀ ਮੰਗ ਕਰਨ ਵਾਲੀ ਅਰਜ਼ੀ ਦਾਇਰ ਕਰਨ ਤੋਂ ਬਾਅਦ ਆਏ ਸਨ। ਵਿਜੀਲੈਂਸ ਵਲੋਂ ਦਾਇਰ ਅਰਜ਼ੀ 'ਚ ਕਿਹਾ ਗਿਆ ਸੀ ਕਿ ਗਜਪਤ ਸਿੰਘ ਗਰੇਵਾਲ ਤਿੰਨ ਵੱਖ-ਵੱਖ ਪਤਿਆਂ 'ਤੇ ਰਹਿੰਦਾ ਹੈ, ਜਿਸ 'ਚ ਪਿੰਡ ਖੇੜੀ, ਜ਼ਿਲ੍ਹਾ ਸੰਗਰੂਰ, ਏ-15/33, ਗਰਾਊਂਡ ਫਲੋਰ, ਬਸੰਤ ਵਿਹਾਰ-1 ਦਿੱਲੀ ਅਤੇ ਡਿਫੈਂਸ ਕਾਲੋਨੀ ਦੱਖਣੀ ਦਿੱਲੀ ਦੇ ਪਤੇ ਹਨ। ਗਜਪਤ ਸਿੰਘ ਗਰੇਵਾਲ 'ਤੇ ਮੁੱਖ ਮੁਲਜ਼ਮ ਬਿਕਰਮ ਮਜੀਠੀਆ ਦੀ ਆਮਦਨ ਤੋਂ ਵੱਧ ਜਾਇਦਾਦ ਦੀ ਪ੍ਰਾਪਤੀ ਅਤੇ ਉਸ ਨੂੰ ਛੁਪਾਉਣ ਨਾਲ ਸਬੰਧਿਤ ਅਪਰਾਧਿਕ ਸਾਜ਼ਿਸ਼ 'ਚ ਮੁੱਖ ਭੂਮਿਕਾ ਨਿਭਾਉਣ ਦਾ ਦੋਸ਼ ਹੈ। ਇਸ ਮਾਮਲੇ 'ਚ ਵਿਜੀਲੈਂਸ ਵਲੋਂ ਮਜੀਠੀਆ ਦੇ ਕਰੀਬੀ ਹਰਪ੍ਰੀਤ ਗੁਲਾਟੀ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ।

## ਮਾਛੀਵਾੜਾ ਅਨਾਜ ਮੰਡੀ ਤੇ ਖਰੀਦ ਕੇਂਦਰਾਂ ਵਿਚ ਲਿਫਟਿੰਗ ਨਾ ਹੋਣ ਕਾਰਨ ਬੋਰੀਆਂ ਦੇ ਅੰਬਾਰ

**ਕੌਮੀ ਪਤ੍ਰਿਕਾ**

ਮਾਛੀਵਾੜਾ ਸਾਹਿਬ 30 ਅਪ੍ਰੈਲ। ਮਾਛੀਵਾੜਾ ਅਨਾਜ ਮੰਡੀ ਵਿਚ ਕਣਕ ਦੀ ਖਰੀਦ ਦਾ ਕੰਮ ਨੇਪਰੇ ਚੜ੍ਹਨ ਵਾਲਾ ਹੈ ਅਤੇ ਸਰਕਾਰ ਵਲੋਂ ਤੈਅ ਕੀਤੇ ਗਏ 7.50 ਲੱਖ ਕੁਇੰਟਲ ਦੇ ਟੀਚੇ 'ਚੋਂ 4.33 ਲੱਖ ਕੁਇੰਟਲ ਕਣਕ ਦੀ ਖਰੀਦ ਹੋ ਚੁੱਕੀ ਹੈ। ਮਾਛੀਵਾੜਾ ਅਨਾਜ ਮੰਡੀ ਵਿਚ ਇਸ ਸਮੇਂ ਲਿਫਟਿੰਗ ਦੀ ਰਫ਼ਤਾਰ ਬਹੁਤ ਮੱਧਮ ਹੋਣ ਕਾਰਨ ਹਰ ਪਾਸੇ ਬੋਰੀਆਂ ਦੇ ਅੰਬਾਰ ਲੱਗੇ ਪਏ ਹਨ ਅਤੇ ਆੜ੍ਹਤੀ ਟਰੱਕ ਮਾਲਕਾਂ ਤੇ ਠੇਕੇਦਾਰਾਂ ਦੀਆਂ ਮਿੰਨਤਾਂ ਕਰ ਰਹੇ ਹਨ ਕਿ ਜਲਦ ਤੋਂ ਜਲਦ ਫਸਲ ਲਿਫਟਿੰਗ ਹੋਵੇ। ਮਾਰਕੀਟ ਕਮੇਟੀ ਮਾਛੀਵਾੜਾ ਸਾਹਿਬ ਤੋਂ ਪ੍ਰਾਪਤ ਅੰਕੜਿਆਂ ਅਨੁਸਾਰ ਮਾਛੀਵਾੜਾ ਅਨਾਜ ਮੰਡੀ ਵਿਚ 3 ਲੱਖ ਕੁਇੰਟਲ ਦੀ ਖਰੀਦ ਹੋ ਚੁੱਕੀ ਹੈ ਜਿਸ 'ਚੋਂ 1.21 ਲੱਖ ਕੁਇੰਟਲ ਲਿਫਟਿੰਗ ਹੋ ਗਿਆ ਜਦਕਿ ਬਾਕੀ ਫਸਲ ਖੁੱਲ੍ਹੇ ਅਸਮਾਨ ਹੇਠ ਪਈ ਹੈ। ਉਪ ਖਰੀਦ ਕੇਂਦਰ ਲੱਖੋਵਾਲ ਦੀ ਗੱਲ ਕਰੀਏ ਤਾਂ ਇੱਥੇ 60,600 ਕੁਇੰਟਲ ਖਰੀਦ ਕੀਤੀ ਗਈ ਫਸਲ 'ਚੋਂ 24,000 ਕੁਇੰਟਲ ਲਿਫਟ ਹੋਈ ਹੈ, ਹੇਡੋਂ ਬੇਟ ਵਿਖੇ 38,000 ਕੁਇੰਟਲ 'ਚੋਂ 11,000 ਕੁਇੰਟਲ ਲਿਫਟ ਹੋਇਆ ਹੈ, ਬੁਰਜ ਪਵਾਤ ਵਿਖੇ 14,700 ਕੁਇੰਟਲ 'ਚੋਂ ਕੇਵਲ 2250 ਕੁਇੰਟਲ ਲਿਫਟ ਹੋਈ ਹੈ, ਸ਼ੇਰਪੁਰ



ਬੇਟ ਵਿਖੇ 21,200 ਕੁਇੰਟਲ 'ਚੋਂ 7200 ਕੁਇੰਟਲ ਕਣਕ ਦੀ ਲਿਫਟਿੰਗ ਹੋਈ ਹੈ। ਮਾਰਕੀਟ ਕਮੇਟੀ ਨੇ ਲਿਫਟਿੰਗ ਤੇਜ਼ ਕਰਨ ਲਈ ਠੇਕੇਦਾਰ ਤੇ ਖਰੀਦ ਏਜੰਸੀਆਂ ਨੂੰ ਲਿਖਿਆ ਪੱਤਰ ਮਾਛੀਵਾੜਾ ਮਾਰਕੀਟ ਕਮੇਟੀ ਦੇ ਲੇਖਾਕਾਰ ਪੁਸ਼ਪਿੰਦਰ ਕੁਮਾਰ ਨੇ ਦੱਸਿਆ ਕਿ ਮੰਡੀਆਂ 'ਚ ਲਿਫਟਿੰਗ ਦਾ ਕੰਮ ਮੱਧਮ ਰਫ਼ਤਾਰ ਨਾਲ ਹੈ ਅਤੇ ਸਰਕਾਰ ਵਲੋਂ ਹਦਾਇਤਾਂ ਹਨ ਕਿ 72 ਘੰਟੇ 'ਚ ਲਿਫਟਿੰਗ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਅੱਜ ਮਾਰਕੀਟ ਕਮੇਟੀ ਵਲੋਂ ਖਰੀਦ ਏਜੰਸੀਆਂ ਅਤੇ ਠੇਕੇਦਾਰ ਨੂੰ ਪੱਤਰ ਜਾਰੀ ਕੀਤਾ ਗਿਆ ਹੈ ਕਿ ਲਿਫਟਿੰਗ ਦੇ ਕੰਮ ਵਿਚ ਤੇਜ਼ੀ ਲਿਆਂਦੀ ਜਾਵੇ ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ 72 ਘੰਟਿਆਂ 'ਚ ਫਸਲ ਦੀ ਚੁਕਾਈ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਸੀਂ ਲਿਫਟਿੰਗ ਦਾ ਕੰਮ ਮੱਠੀ ਰਫ਼ਤਾਰ ਨਾਲ ਚੱਲਣ ਸਬੰਧੀ ਉੱਚ ਅਧਿਕਾਰੀਆਂ ਨੂੰ ਵੀ ਸੂਚਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲ ਅਦਾਇਗੀ ਤੁਰੰਤ ਹੋ ਰਹੀ ਹੈ। ਮਾਛੀਵਾੜਾ ਅਨਾਜ ਮੰਡੀ ਤੇ ਉਪ ਖਰੀਦ ਕੇਂਦਰਾਂ 'ਚੋਂ ਲਿਫਟਿੰਗ ਦਾ ਕੰਮ ਕਰ ਰਹੇ ਠੇਕੇਦਾਰ ਤੇ ਨੁਮਾਇੰਦੇ ਵਿਜੈ ਕੁਮਾਰ ਨੇ ਦੱਸਿਆ ਕਿ ਸਾਡੇ ਕੋਲ ਢੋਆ-ਢੁਆਈ ਲਈ ਪੁਖਤਾ ਪ੍ਰਬੰਧ ਹਨ ਪਰ ਖਰੀਦ ਏਜੰਸੀਆਂ ਕੋਲ ਗੁਦਾਮਾਂ ਵਿਚ ਕਰੇਟ ਨਹੀਂ ਜਿਸ ਕਾਰਨ ਬੋਰੀਆਂ ਨਾਲ ਭਰੀਆਂ ਗੱਡੀਆਂ ਖਾਲੀ ਨਹੀਂ ਹੋ ਰਹੀਆਂ। ਉਨ੍ਹਾਂ ਕਿਹਾ ਕਿ ਮਾਛੀਵਾੜਾ ਖਰੀਦ ਏਜੰਸੀਆਂ ਕੋਲ ਗੁਦਾਮਾਂ ਵਿਚ ਜਗ?ਹਾ ਨਾ ਹੋਣ ਕਾਰਨ ਖੰਨਾ ਵਿਖੇ ਗੁਦਾਮਾਂ ਵਿਚ ਟਰੱਕ ਭੇਜੇ ਜਾ ਰਹੇ ਹਨ ਜਿੱਥੇ ਲਿਫਟਿੰਗ ਲਈ ਮਜ਼ਦੂਰ ਘੱਟ ਹੋਣ ਕਾਰਨ ਕੰਮ ਮੱਠੀ ਰਫ਼ਤਾਰ ਨਾਲ ਚੱਲ ਰਿਹਾ ਹੈ। ਠੇਕੇਦਾਰਾਂ ਵਲੋਂ ਖਰੀਦ ਏਜੰਸੀਆਂ 'ਤੇ ਪੱਲਾ ਝਾੜ ਦਿੱਤਾ ਗਿਆ। ਜਦੋਂ ਇਸ ਸਬੰਧੀ ਐੱਸ.ਡੀ.ਐੱਮ. ਸਮਰਾਲਾ ਗੁਰਸਿਮਰਨਜੀਤ ਕੌਰ ਨਾਲ ਲਿਫਟਿੰਗ ਸਮੱਸਿਆ ਸਬੰਧੀ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਫੋਨ ਨਾ ਚੁੱਕਿਆ। ਸੱਚਾ ਸੌਦਾ ਆੜ੍ਹਤੀ ਐਸੋਸ਼ੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਮਾਛੀਵਾੜਾ ਮੰਡੀ ਵਿਚ ਲਿਫਟਿੰਗ ਦੀ ਮੱਧਮ ਰਫ਼ਤਾਰ ਕਾਰਨ ਬੋਰੀਆਂ ਦੇ ਅੰਬਾਰ ਲੱਗੇ ਹੋਏ ਹਨ ਜਿਸ ਸਬੰਧੀ ਉਨ੍ਹਾਂ ਨੇ ਐੱਸਡੀਐੱਮ ਸਮਰਾਲਾ ਦੇ ਧਿਆਨ ਵਿਚ ਲਿਆਂਦਾ ਹੈ ਕਿ ਜਲਦ ਇਸ ਸਮੱਸਿਆ ਦਾ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲਿਫਟਿੰਗ ਦੇ ਕੰਮ ਵਿਚ ਜੇਕਰ ਦੇਰੀ ਹੋਣ ਕਾਰਨ ਕਣਕ ਦੀਆਂ ਬੋਰੀਆਂ ਦਾ ਵਜ਼ਨ ਘਟਦਾ ਹੈ ਤਾਂ ਉਸ ਲਈ ਜ਼ਿੰਮੇਵਾਰ ਆੜ੍ਹਤੀ ਨਹੀਂ ਹੋਣਗੇ ਅਤੇ ਨਾ ਹੀ ਉਹ ਕੋਈ ਸੋਰਟੇਜ਼ ਦੇਣਗੇ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲਿਫਟਿੰਗ ਦੇ ਕੰਮ ਵਿਚ ਤੇਜ਼ੀ ਲਿਆਂਦੀ ਜਾਵੇ।

## ਵਿਆਹ 'ਚ ਆਵਾਰਾ ਕੁੱਤੇ ਨੇ ਪਾਈ ਭਾਜੜ ! ਨਹੀਂ ਛੱਡਿਆ ਕੋਈ ਬਰਾਤੀ

ਵੈੱਬ ਡੈਸਕ 30 ਅਪ੍ਰੈਲ। ਉੱਤਰ ਪ੍ਰਦੇਸ਼ ਦੇ ਬਦਾਊਂ ਜ਼ਿਲ੍ਹੇ 'ਚ ਇੱਕ ਦਿਲ ਕੰਬਾਊ ਘਟਨਾ ਸਾਹਮਣੇ ਆਈ ਹੈ, ਜਿੱਥੇ ਇੱਕ ਵਿਆਹ ਸਮਾਗਮ ਦੌਰਾਨ ਇੱਕ ਆਵਾਰਾ ਕੁੱਤੇ ਨੇ ਕਹਿਰ ਮਚਾਉਂਦੇ ਹੋਏ 60 ਤੋਂ ਵੱਧ ਲੋਕਾਂ ਨੂੰ ਵੱਢ ਕੇ ਜ਼ਖਮੀ ਕਰ ਦਿੱਤਾ। ਇਹ ਘਟਨਾ ਸੋਮਵਾਰ ਨੂੰ ਬਿਸੌਲੀ ਥਾਣਾ ਖੇਤਰ ਦੇ ਅਧੀਨ ਬਿਲਸੀ ਰੋਡ 'ਤੇ ਸਥਿਤ ਅਭਿਨੰਦਨ ਬੈਂਕੁਏਟ ਹਾਲ 'ਚ ਉਸ ਸਮੇਂ ਵਾਪਰੀ, ਜਦੋਂ ਦੁਲਹਨ ਦੀ ਵਿਦਾਈ ਦੀਆਂ ਰਸਮਾਂ ਚੱਲ ਰਹੀਆਂ ਸਨ। ਕੁੱਤੇ ਨੇ ਹਾਲ ਦੇ ਅੰਦਰ ਵੜ ਕੇ ਮਹਿਮਾਨਾਂ ਤੇ ਪਰਿਵਾਰਕ ਮੈਂਬਰਾਂ 'ਤੇ ਅੰਨ੍ਹੇਵਾਹ ਹਮਲਾ ਕਰਨਾ ਸ਼ੁਰੂ ਕਰ ਦਿੱਤਾ, ਜਿਸ ਨਾਲ ਉੱਥੇ ਹੜਕੰਪ ਮਚ ਗਿਆ। ਚਸ਼ਮਦੀਦਾਂ ਮੁਤਾਬਕ, ਕੁੱਤੇ ਦੇ ਅਚਾਨਕ ਹਮਲੇ ਕਾਰਨ ਹਾਲ 'ਚ ਭਗਦੜ ਵਰਗੀ ਸਥਿਤੀ ਬਣ ਗਈ। ਔਰਤਾਂ ਅਤੇ ਬੱਚੇ ਜਾਨ ਬਚਾਉਣ ਲਈ ਚੀਕਦੇ ਹੋਏ ਇੱਧਰ-ਉੱਧਰ ਭੱਜਣ ਲੱਗੇ, ਜਿਸ ਦੌਰਾਨ ਕਈ ਲੋਕ ਡਿੱਗ ਕੇ ਵੀ ਜ਼ਖਮੀ ਹੋ ਗਏ। ਬੈਂਕੁਏਟ ਹਾਲ 'ਚ ਦਹਿਸ਼ਤ ਫੈਲਾਉਣ ਤੋਂ ਬਾਅਦ, ਕੁੱਤਾ ਸੜਕ 'ਤੇ ਨਿਕਲ ਗਿਆ ਤੇ ਉੱਥੇ ਵੀ ਰਾਹਗੀਰਾਂ ਅਤੇ ਦੁਕਾਨਦਾਰਾਂ ਨੂੰ ਆਪਣਾ ਸ਼ਿਕਾਰ ਬਣਾਇਆ। ਇਸ ਤੋਂ ਬਾਅਦ ਕੁੱਤਾ ਨੇੜਲੇ ਪਿੰਡ ਵੱਲ ਭੱਜ ਗਿਆ, ਜਿੱਥੇ ਉਸ ਨੇ ਕਥਿਤ ਤੌਰ 'ਤੇ ਪਸ਼ੂਆਂ ਨੂੰ ਵੀ ਵੱਢਿਆ। ਜ਼ਖਮੀਆਂ ਵਿੱਚ 9 ਸਾਲ ਦੀ ਬੱਚੀ ਮਨੀਸ਼ਾ ਤੋਂ ਲੈ ਕੇ 66 ਸਾਲ ਦੇ ਬਜ਼ੁਰਗ ਮਦਨ ਲਾਲ ਤੱਕ ਸ਼ਾਮਲ ਹਨ। ਸਾਰੇ ਜ਼ਖਮੀਆਂ ਨੂੰ ਤੁਰੰਤ ਬਿਸੌਲੀ ਦੇ ਕਮਿਊਨਿਟੀ ਹੈਲਥ ਸੈਂਟਰ (383) ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੂੰ ਐਂਟੀ-ਰੇਬੀਜ਼ ਦੇ ਟੀਕੇ ਲਗਾਏ ਗਏ। 383 ਦੇ ਮੈਡੀਕਲ ਅਫਸਰ ਅਰਵਿੰਦ ਵਰਮਾ ਅਨੁਸਾਰ, ਸੋਮਵਾਰ ਨੂੰ ਕੁੱਲ 109 ਲੋਕਾਂ ਨੇ ਐਂਟੀ-ਰੇਬੀਜ਼ ਇਲਾਜ ਲਈ ਰਜਿਸਟ?ਰੇਸ਼ਨ ਕਰਵਾਈ, ਜਿਨ੍ਹਾਂ ਵਿੱਚੋਂ ਲਗਭਗ 60 ਲੋਕ ਵਿਆਹ ਸਮਾਗਮ ਵਾਲੀ ਘਟਨਾ ਨਾਲ ਸਬੰਧਤ ਸਨ। ਕੁਝ ਜ਼ਖਮੀਆਂ ਨੇ ਨਿੱਜੀ ਹਸਪਤਾਲਾਂ 'ਚ ਵੀ ਆਪਣਾ ਇਲਾਜ ਕਰਵਾਇਆ। ਇਸ ਘਟਨਾ ਕਾਰਨ ਇਲਾਕਾ ਨਿਵਾਸੀਆਂ 'ਚ ਭਾਰੀ ਰੋਸ ਤੇ ਡਰ ਦਾ ਮਾਹੌਲ ਹੈ। ਸਥਾਨਕ ਲੋਕਾਂ ਨੇ ਨਗਰ ਨਿਗਮ ਅਧਿਕਾਰੀਆਂ 'ਤੇ ਲਾਪਰਵਾਹੀ ਦੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਆਵਾਰਾ ਕੁੱਤਿਆਂ ਦੇ ਪ੍ਰਬੰਧਨ 'ਤੇ ਫੰਡ ਖਰਚਣ ਦੇ ਬਾਵਜੂਦ ਜ਼ਮੀਨੀ ਪੱਧਰ 'ਤੇ ਕੋਈ ਸੁਧਾਰ ਨਹੀਂ ਹੋਇਆ।

## ਪਟਿਆਲਾ 'ਚ ਨਸ਼ੇ ਦੀ ਹਾਲਤ 'ਚ ਮੁੰਡੇ-ਕੁੜੀਆਂ ਦੀ ਲੜਾਈ

ਪਟਿਆਲਾ 30 ਅਪ੍ਰੈਲ। ਪਟਿਆਲਾ 'ਚ ਨਸ਼ੇ ਦੀ ਹਾਲਤ ਵਿਚ ਮੁੰਡਿਆਂ ਤੇ ਕੁੜੀਆਂ ਵਿਚਕਾਰ ਹੋਏ ਝਗੜੇ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਦੌਰਾਨ ਕੁਝ ਮੁੰਡਿਆਂ ਦੇ ਹੱਥਾਂ ਵਿੱਚ ਕਿਰਪਾਨਾਂ ਅਤੇ ਟਕੂਏ ਵੀ ਨਜ਼ਰ ਆਏ, ਜਿਸ ਨਾਲ ਮਾਹੌਲ ਤਣਾਅਪੂਰਨ ਬਣ ਗਿਆ। ਘਟਨਾ ਦੀ ਵੀਡੀਓ ਮੌਕੇ 'ਤੇ ਹੀ ਬਣ ਗਈ, ਜੋ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਐਸਐਚਓ ਲਾਹੌਰੀ ਗੇਟ ਦੇ ਮੁਤਾਬਕ ਇਹ ਸਾਰੇ ਨੌਜਵਾਨ ਨਾਭਾ ਦੇ ਰਹਿਣ ਵਾਲੇ ਹਨ। ਪੁਲਸ ਨੇ ਕਾਰਵਾਈ ਕਰਦਿਆਂ ਦੋ ਮੁੰਡਿਆਂ ਅਤੇ ਦੋ ਕੁੜੀਆਂ ਨੂੰ ਗ੍ਰਿਫਤਾਰ ਕਰ ਲਿਆ ਹੈ, ਜਦਕਿ ਤਿੰਨ ਹੋਰਾਂ ਦੀ ਗ੍ਰਿਫਤਾਰੀ ਲਈ ਕਾਰਵਾਈ ਜਾਰੀ ਹੈ। ਪੁਲਸ ਮੁਤਾਬਕ ਇਹ ਨੌਜਵਾਨ ਪਹਿਲਾਂ ਮੰਦਰ'ਚ ਮੱਥਾ ਟੇਕਣ ਆਏ ਸਨ, ਜਿਸ ਤੋਂ ਬਾਅਦ ਇਹ ਪਰੌਂਠਾ ਮਾਰਕੀਟ ਪਹੁੰਚੇ। ਉੱਥੇ ਨਸ਼ੇ ਦੀ ਹਾਲਤ ਵਿੱਚ ਆਪਸ ਵਿੱਚ ਝਗੜਾ ਹੋ ਗਿਆ। ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕਰ ਲਿਆ ਹੈ। ਪੁਲਸ ਦਾ ਕਹਿਣਾ ਹੈ ਕਿ ਬਾਕੀ ਦੋਸ਼ੀਆਂ ਨੂੰ ਵੀ ਜਲਦ ਕਾਬੂ ਕਰ ਲਿਆ ਜਾਵੇਗਾ ਅਤੇ ਮਾਮਲੇ ਦੀ ਜਾਂਚ ਜਾਰੀ ਹੈ।

### ਜ਼ਿਲ੍ਹੇ ਅੰਦਰ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪਾਬੰਦੀ

ਮੋਹਾਲੀ 30 ਅਪ੍ਰੈਲ। ਜ਼ਿਲ੍ਹੇ 'ਚ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਜ਼ਿਲ੍ਹਾ ਮੈਜਿਸਟ?ਰੇਟ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 (46 ਆਫ 2023) ਦੇ ਚੈਪਟਰ 11 (ਅਧੀਨ ਧਾਰਾ 163), ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ। ਇਸ ਦੇ ਨਾਲ-ਨਾਲ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਮੁਕੰਮਲ ਪਾਬੰਦੀ ਰਹੇਗੀ। ਇਸ ਤੋਂ ਇਲਾਵਾ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ ਦੀ ਪੂਰਨ ਮਨਾਹੀ ਹੋਵੇਗੀ ਅਤੇ ਕਿਸੇ ਭਾਈਚਾਰੇ ਵਿਰੁੱਧ ਨ.ਫਰਤ ਭਰਿਆ ਭਾਸ਼ਣ ਦੇਣ 'ਤੇ ਵੀ ਪਾਬੰਦੀ ਲਾਗੂ ਰਹੇਗੀ।

## 'ਮੇਰੀ ਧੀ ਨੂੰ ਸਿਰ.ਫ ਖ਼ਾਂਸੀ ਸੀ...', ਸਿਵਲ ਹਸਪਤਾਲ ਵਿਚ ਮਹਿਲਾ ਦੀ ਮੌਤ ਮਗਰੋਂ ਭਾਰੀ ਹੰਗਾਮਾ

**ਕੌਮੀ ਪਤ੍ਰਿਕਾ**

ਸਮਰਾਲਾ 30 ਅਪ੍ਰੈਲ। ਸਮਰਾਲਾ ਦੇ ਸਿਵਲ ਹਸਪਤਾਲ ਵਿਚ ਅੱਜ ਉਸ ਸਮੇਂ ਸਥਿਤੀ ਤਣਾਅਪੂਰਨ ਹੋ ਗਈ ਜਦੋਂ ਇਕ 27 ਸਾਲਾ ਮਹਿਲਾ ਦੀ ਇਲਾਜ ਦੌਰਾਨ ਮੌਤ ਹੋ ਗਈ। ਮ੍ਰਿਤਕਾ ਦੀ ਪਛਾਣ ਪੂਜਾ ਹਾਲ ਵਾਸੀ ਪਿੰਡ ਉਰਨਾ ਵਜੋਂ ਹੋਈ ਹੈ, ਜੋ ਮੂਲ ਤੌਰ 'ਤੇ ਨੇਪਾਲ ਦੀ ਰਹਿਣ ਵਾਲੀ ਹੈ। ਮ੍ਰਿਤਕਾ ਦੇ ਪਰਿਵਾਰਕ ਮੈਂਬਰਾਂ ਨੇ ਹਸਪਤਾਲ ਪ੍ਰਸ਼ਾਸਨ ਅਤੇ ਡਾਕਟਰਾਂ 'ਤੇ ਗੰਭੀਰ ਲਾਪਰਵਾਹੀ ਦੇ ਦੋਸ਼ ਲਗਾਉਂਦੇ ਹੋਏ ਹਸਪਤਾਲ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ। ਪਰਿਵਾਰ ਦਾ ਕਹਿਣਾ ਹੈ ਕਿ ਡਾਕਟਰਾਂ ਦੀ ਗ਼ਲਤੀ ਕਾਰਨ ਉਨ੍ਹਾਂ ਦੀ ਧੀ ਦੀ ਜਾਨ ਗਈ ਹੈ। ਮ੍ਰਿਤਕਾ ਦੇ ਪਿਤਾ ਨੇ ਰੋਂਦਿਆਂ ਦੱਸਿਆ ਕਿ ਉਨ੍ਹਾਂ ਦੀ ਬੇਟੀ ਨੂੰ ਸਿਰਫ਼ ਖਾਂਸੀ ਦੀ ਸ਼ਿਕਾਇਤ ਸੀ। ਉਨ੍ਹਾਂ ਦੱਸਿਆ ਕਿ ਤਿੰਨ ਦਿਨ ਪਹਿਲਾਂ ਉਸ ਦਾ ਆਪ੍ਰੇਸ਼ਨ (ਸਿਜ਼ੇਰੀਅਨ) ਹੋਇਆ ਸੀ ਅਤੇ ਉਸ ਨੇ ਇਕ ਬੱਚੇ ਨੂੰ ਜਨਮ ਦਿੱਤਾ ਸੀ। ਪਿਤਾ ਅਨੁਸਾਰ, ਮੇਰੀ ਬੇਟੀ ਬਿਲਕੁਲ ਠੀਕ ਸੀ। ਮੈਂ ਅੱਧਾ ਘੰਟਾ ਪਹਿਲਾਂ ਉਸ ਨਾਲ ਗੱਲ ਕਰਕੇ ਗਿਆ ਸੀ। ਉਸ ਨੂੰ ਸਿਰਫ਼ ਖਾਂਸੀ ਸੀ, ਪਰ ਡਾਕਟਰਾਂ ਨੇ ਉਸ ਦਾ ਕੀ ਹਾਲ ਕਰ ਦਿੱਤਾ, ਸਾਨੂੰ ਕੁਝ ਸਮਝ ਨਹੀਂ ਆ ਰਿਹਾ। ਜੇਕਰ ਇਹ ਹਸਪਤਾਲ ਇਲਾਜ ਨਹੀਂ ਕਰ ਸਕਦਾ ਸੀ ਤਾਂ ਸਾਨੂੰ ਪਹਿਲਾਂ ਹੀ ਦੱਸ ਦਿੰਦੇ, ਅਸੀਂ ਉਸ ਨੂੰ ਕਿਸੇ ਵੱਡੇ ਪ੍ਰਾਈਵੇਟ ਹਸਪਤਾਲ ਲੈ ਜਾਂਦੇ। ਉਨ੍ਹਾਂ ਇਹ ਵੀ



ਦੋਸ਼ ਲਾਇਆ ਕਿ ਹਸਪਤਾਲ ਵਿਚ ਸਹੂਲਤਾਂ ਦੀ ਭਾਰੀ ਕਮੀ ਹੈ। ਮ੍ਰਿਤਕਾ ਦੀ ਇਕ ਹੋਰ ਰਿਸ਼ਤੇਦਾਰ ਮਹਿਲਾ ਨੇ ਦੱਸਿਆ ਕਿ ਉਹ ਸਵੇਰੇ ਪੂਜਾ ਨੂੰ ਮਿਲਣ ਆਈ ਸੀ। ਪੂਜਾ ਨੇ ਇਸ਼ਾਰਿਆਂ ਵਿਚ ਦੱਸਿਆ ਸੀ ਕਿ ਉਸ ਨੂੰ ਖਾਂਸੀ ਬਹੁਤ ਜ਼ਿਆਦਾ ਹੋ ਰਹੀ ਹੈ। ਮਹਿਲਾ ਅਨੁਸਾਰ, ਜਦੋਂ ਉਸ ਦੀ ਹਾਲਤ ਵਿਗੜੀ ਤਾਂ ਹਸਪਤਾਲ ਵਿਚ ਕੋਈ ਵੀ ਸੀਨੀਅਰ ਡਾਕਟਰ ਮੌਜੂਦ ਨਹੀਂ ਸੀ। ਸਿਰਫ਼ ਨਰਸਾਂ ਅਤੇ ਸਟਾਫ਼ ਹੀ ਉੱਥੇ ਸੀ। ਜਦੋਂ ਤੱਕ ਡਾਕਟਰ ਆਏ, ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ। ਬਾਅਦ ਵਿਚ ਡਾਕਟਰਾਂ ਨੇ ਮੌਤ ਦਾ ਕਾਰਨ 'ਹਾਰਟ ਅਟੈਕ' ਦੱਸਿਆ, ਜਿਸ ਨੂੰ ਪਰਿਵਾਰ ਮੰਨਣ ਲਈ ਤਿਆਰ ਨਹੀਂ ਹੈ। ਪੀੜਤ ਪਰਿਵਾਰ ਨੇ ਹਸਪਤਾਲ ਪ੍ਰਸ਼ਾਸਨ ਤੋਂ ਪੂਰੀ ਰਿਪੋਰਟ ਅਤੇ ਸਬੂਤਾਂ ਦੀ ਮੰਗ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜਿੰਨਾ ਚਿਰ ਉਨ੍ਹਾਂ ਨੂੰ ਮੌਤ ਦੇ ਅਸਲ ਕਾਰਨਾਂ ਬਾਰੇ ਲਿਖਤੀ ਰਿਪੋਰਟ ਨਹੀਂ ਮਿਲਦੀ ਅਤੇ ਲਾਪਰਵਾਹੀ ਵਰਤਣ ਵਾਲੇ ਸਟਾ.ਫ ਖ਼?ਲਾ.ਫ ਕਾਰਵਾਈ ਨਹੀਂ ਹੁੰਦੀ, ਉਹ ਚੈਨ ਨਾਲ ਨਹੀਂ ਬੈਠਣਗੇ। ਪੀੜਤ ਪਰਿਵਾਰ ਦਾ ਕਹਿਣਾ ਹੈ ਕਿ ÷ਸਾਡੀ ਬੇਟੀ ਤਾਂ ਚਲੀ ਗਈ, ਪਰ ਅਸੀਂ ਨਹੀਂ ਚਾਹੁੰਦੇ ਕਿ ਕਿਸੇ ਹੋਰ ਨਾਲ ਅਜਿਹਾ ਹੋਵੇ। ਇਸ ਹਸਪਤਾਲ ਵਿਚ ਗਰੀਬਾਂ ਦੀ ਜਾਨ ਦੀ ਕੋਈ ਕੀਮਤ ਨਹੀਂ ਹੈ।÷ ਦੂਜੇ ਪਾਸੇ ਹਸਪਤਾਲ ਪ੍ਰਸ਼ਾਸਨ ਨੇ ਅਣਗਹਿਲੀ ਦੇ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ। ਹਸਪਤਾਲ ਦੀ ਗਾਇਨੀਕੋਲੋਜਿਸਟ ਡਾ. ਸੁਖਵਿੰਦਰ ਕੌਰ ਨੇ ਦੱਸਿਆ ਕਿ ਮਰੀਜ਼ ਦਾ ਇਲਾਜ ਮਾਹਿਰ ਡਾਕਟਰਾਂ ਦੀ ਨਿਗਰਾਨੀ ਹੇਠ ਕੀਤਾ ਗਿਆ ਸੀ ਅਤੇ ਆਪਰੇਸ਼ਨ ਤੋਂ ਬਾਅਦ ਮਰੀਜ਼ ਦੀ ਹਾਲਤ ਸਥਿਰ ਸੀ। ਮੌਤ ਦਾ ਮੁਢਲਾ ਕਾਰਨ ਅਚਾਨਕ ਆਇਆ ਦਿਲ ਦਾ ਦੌਰਾ ਮੰਨਿਆ ਜਾ ਰਿਹਾ ਹੈ। ਡਾਕਟਰਾਂ ਦੀ ਟੀਮ ਨੇ ਲਗਭਗ 45 ਮਿੰਟ ਤੱਕ ਮਰੀਜ਼ ਨੂੰ ਬਚਾਉਣ ਲਈ ਸੀ.ਪੀ.ਆਰ ਸਮੇਤ ਹਰ ਸੰਭਵ ਕੋਸ਼ਿਸ਼ ਕੀਤੀ। ਘਟਨਾ ਦੇ ਸਮੇਂ ਡਿਊਟੀ ਡਾਕਟਰ, ਸਟਾਫ ਨਰਸਾਂ ਅਤੇ ਹੋਰ ਸਹਾਇਕ ਅਮਲਾ ਮੌਕੇ 'ਤੇ ਮੌਜੂਦ ਸੀ। ਮੌਤ ਦੇ ਸਹੀ ਕਾਰਨਾਂ ਦੀ ਪੁਸ਼ਟੀ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਹੋ ਸਕੇਗੀ।